ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2399 | 10 March, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

# ਪੰਜਾਬ 'ਚ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਸਪਲਾਈ ਬੰਦ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਮੱਧ ਪੂਰਬ ਵਿੱਚ ਇਜ਼ਰਾਈਲ ਅਤੇ ਈਰਾਨ ਵਿਚਕਾਰ ਚੱਲ ਰਹੀ ਜੰਗ ਦਾ ਪ੍ਰਭਾਵ ਹੁਣ ਪੰਜਾਬ ਵਿੱਚ ਵੀ ਦਿਖਾਈ ਦੇ ਰਿਹਾ ਹੈ। ਫਰੀਦਕੋਟ ਵਿੱਚ ਵਪਾਰਕ ਐਲਪੀਜੀ ਸਿਲੰਡਰਾਂ ਦੀ ਸਪਲਾਈ ਬੰਦ ਕਰ ਦਿੱਤੀ ਗਈ ਹੈ। ਇੱਥੇ ਏਜੰਸੀਆਂ ਨੂੰ ਦੋ ਦਿਨਾਂ ਤੋਂ 19 ਕਿਲੋਗ੍ਰਾਮ ਸਿਲੰਡਰ ਨਹੀਂ ਮਿਲੇ ਹਨ। ਸਥਾਨਕ ਤੇਲ ਕੰਪਨੀ ਦੇ ਪ੍ਰਬੰਧਕਾਂ ਨੇ ਏਜੰਸੀ ਆਪਰੇਟਰਾਂ ਨੂੰ ਸੁਨੇਹਾ ਭੇਜ ਕੇ ਵਪਾਰਕ ਸਿਲੰਡਰ ਆਰਡਰ ਨਾ ਕਰਨ ਲਈ ਕਿਹਾ ਹੈ।



ਇਸ ਤੋਂ ਇਲਾਵਾ, ਈਰਾਨ ਅਤੇ ਇਜ਼ਰਾਈਲ ਵਿਚਕਾਰ ਚੱਲ ਰਹੇ ਤਣਾਅ ਦੇ ਮੱਦੇਨਜ਼ਰ, ਸਰਕਾਰ ਨੇ ਐਲਪੀਜੀ ਸਿਲੰਡਰਾਂ ਸੰਬੰਧੀ ਕਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ। ਨਵੇਂ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਗੈਸ ਸਿਲੰਡਰ ਹੁਣ ਔਨਲਾਈਨ ਬੁਕਿੰਗ ਤੋਂ ਬਾਅਦ ਹੀ ਖਪਤਕਾਰਾਂ ਨੂੰ ਸਪਲਾਈ ਕੀਤੇ ਜਾਣਗੇ। ਇਸ ਸਬੰਧ ਵਿੱਚ ਫਰੀਦਕੋਟ ਵਿੱਚ ਗੈਸ ਏਜੰਸੀ ਆਪਰੇਟਰਾਂ ਨੇ ਕਿਹਾ ਕਿ, ਸਰਕਾਰ ਦੇ ਨਵੇਂ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਗੈਸ ਸਿਲੰਡਰ ਹੁਣ ਔਨਲਾਈਨ ਬੁਕਿੰਗ ਤੋਂ ਬਾਅਦ ਪ੍ਰਾਪਤ ਹੋਏ ਡੀਏਸੀ ਕੋਡ ਦੇ ਆਧਾਰ 'ਤੇ ਸਪਲਾਈ ਕੀਤੇ ਜਾਣਗੇ। ਉਨ੍ਹਾਂ ਸਾਰੇ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਆਪਣਾ ਈ-ਕੇਵਾਈਸੀ ਪੂਰਾ ਕਰਨ ਤਾਂ ਜੋ ਉਨ੍ਹਾਂ ਨੂੰ ਕੋਈ ਸਮੱਸਿਆ ਨਾ ਆਵੇ।ਫਰੀਦਕੋਟ ਵਿੱਚ ਜੈਨ ਗੈਸ ਏਜੰਸੀ ਦੇ ਸੰਚਾਲਕ ਸੰਜੀਵ ਜੈਨ ਨੇ ਕਿਹਾ ਕਿ ਈਰਾਨ ਅਤੇ ਇਜ਼ਰਾਈਲ ਵਿਚਕਾਰ ਚੱਲ ਰਹੀ ਜੰਗ ਦੇ ਬਾਵਜੂਦ, ਅਜੇ ਤੱਕ ਘਰੇਲੂ ਗੈਸ ਦੀ ਕੋਈ ਸਮੱਸਿਆ ਨਹੀਂ ਹੈ, ਅਤੇ ਬੁਕਿੰਗ ਦੇ 1-2 ਦਿਨਾਂ ਦੇ ਅੰਦਰ ਸਿਲੰਡਰ ਡਿਲੀਵਰ ਕੀਤੇ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਮੱਧ ਪੂਰਬ ਵਿੱਚ ਜੰਗ ਨੇ ਵਿਦੇਸ਼ਾਂ ਤੋਂ ਤੇਲ ਦੀ ਸਪਲਾਈ ਨੂੰ ਪ੍ਰਭਾਵਿਤ ਕੀਤਾ ਹੈ। ਦੇਸ਼ ਕੋਲ ਇਸ ਸਮੇਂ ਇੱਕ ਭੰਡਾਰ ਹੈ, ਜੋ ਘਰੇਲੂ ਗੈਸ ਦੀ ਨਿਰਵਿਘਨ ਸਪਲਾਈ ਨੂੰ ਯਕੀਨੀ ਬਣਾ ਰਿਹਾ ਹੈ।

ਹਾਲਾਂਕਿ, ਇਸਨੂੰ ਵਪਾਰਕ ਗਤੀਵਿਧੀਆਂ ਲਈ ਅਸਥਾਈ ਤੌਰ 'ਤੇ ਬੰਦ ਕਰ ਦਿੱਤਾ ਗਿਆ ਹੈ।ਕੇਂਦਰ ਸਰਕਾਰ ਨੇ ਘਰੇਲੂ ਐਲਪੀਜੀ ਸਿਲੰਡਰ ਰੀਫਿਲ ਬੁੱਕ ਕਰਨ ਦੇ ਨਿਯਮਾਂ ਵਿੱਚ ਬਦਲਾਅ ਕੀਤਾ ਹੈ। ਖਪਤਕਾਰ ਹੁਣ 21 ਦਿਨਾਂ ਦੀ ਬਜਾਏ 25 ਦਿਨਾਂ ਬਾਅਦ ਹੀ ਡਿਲੀਵਰੀ ਤੋਂ ਬਾਅਦ ਦੂਜਾ ਸਿਲੰਡਰ ਬੁੱਕ ਕਰ ਸਕਣਗੇ। ਮੱਧ ਪੂਰਬ ਦੇ ਤਣਾਅ ਦੇ ਵਿਚਕਾਰ, ਸਰਕਾਰ ਨੇ ਗੈਸ ਜਮ੍ਹਾਂਖੋਰੀ ਨੂੰ ਰੋਕਣ ਅਤੇ ਸਾਰੇ ਖਪਤਕਾਰਾਂ ਨੂੰ ਬਰਾਬਰ ਸਪਲਾਈ ਯਕੀਨੀ ਬਣਾਉਣ ਲਈ ਇਹ ਕਦਮ ਚੁੱਕਿਆ ਹੈ। ਕੁਝ ਸਮੇਂ ਤੋਂ, ਇਹ ਦੇਖਿਆ ਗਿਆ ਹੈ ਕਿ ਲੋਕ ਸਿਲੰਡਰਾਂ ਦੀ ਬੁਕਿੰਗ ਅਤੇ ਸਟਾਕ ਜਮ੍ਹਾਂ ਕਰ ਰਹੇ ਸਨ ਭਾਵੇਂ ਉਨ੍ਹਾਂ ਨੂੰ ਲੋੜ ਨਹੀਂ ਸੀ।ਸਰਕਾਰ ਦਾ ਮੰਨਣਾ ਹੈ ਕਿ ਉਡੀਕ ਦੀ ਮਿਆਦ 25 ਦਿਨਾਂ ਤੱਕ ਵਧਾਉਣ ਨਾਲ ਬੇਲੋੜੀ ਬੁਕਿੰਗ 'ਤੇ ਰੋਕ ਲੱਗੇਗੀ ਅਤੇ ਜਿਨ੍ਹਾਂ ਨੂੰ ਸੱਚਮੁੱਚ ਸਿਲੰਡਰ ਦੀ ਲੋੜ ਹੈ ਉਨ੍ਹਾਂ ਨੂੰ ਇਹ ਪ੍ਰਾਪਤ ਕਰਨਾ ਆਸਾਨ ਹੋ ਜਾਵੇਗਾ।

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

Space availabe for Ad
Contact #
+1 (209) 303-1260

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਅਬਾਦੀ ਦਾ ਅੱਧ ਪਰ ਅਧੂਰੇ ਹੱਕ



ਗੁਰਮੀਤ ਸਿੰਘ ਪਲਾਹੀ
98158-02070

ਦੇਸ਼ ਭਾਰਤ ਦੀ ਲਗਭਗ ਅੱਧੀ ਅਬਾਦੀ ਦੇਸ਼ ਦੀ ਅਜ਼ਾਦੀ ਦੇ 78 ਵਰ੍ਹਿਆਂ ਬਾਅਦ ਵੀ ਰੂੜੀਵਾਦੀ ਪਰੰਪਰਾਵਾਂ ਤੋਂ ਮੁਕਤੀ ਨਹੀਂ ਪਾ ਸਕੀ। ਅਜ਼ਾਦੀ ਦੀ ਪੌਣੀ ਸਦੀ ਬੀਤ ਜਾਣ ਬਾਅਦ ਵੀ ਭਾਰਤੀ ਸਮਾਜ ਵਿੱਚ ਔਰਤ ਨੂੰ ਬਰਾਬਰੀ, ਸੁਰੱਖਿਆ ਅਤੇ ਮੌਕਿਆਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਜਦੋਂ ਸਮਾਜ ਦੀ ਅੱਧੀ ਅਬਾਦੀ ਨੂੰ ਪੂਰੇ ਹੱਕ ਹੀ ਨਾ ਮਿਲ ਰਹੇ ਹੋਣ, ਤਾਂ ਉਹਨਾਂ ਦੇ ਹੱਕ ਹੀ ਨਹੀਂ ਬਲਕਿ ਅਜ਼ਾਦੀ ਵੀ ਅਧੂਰੀ ਹੀ ਰਹਿੰਦੀ ਹੈ।

ਭਾਰਤੀ ਸਮਾਜ ਵਿੱਚ ਵਿਚਰਨ ਲਈ ਔਰਤ ਅੱਗੇ ਵੱਡੀਆਂ ਚੁਣੌਤੀਆਂ ਹਨ, ਜਿਨ੍ਹਾਂ ਨੂੰ ਸਵੀਕਾਰ ਕਰਨ ਦੇ ਬਾਵਜੂਦ ਵੀ ਉਹ ਮਰਦ ਪ੍ਰਧਾਨ ਸਮਾਜ ਵਿੱਚ ਆਪਣਾ ਬਣਦਾ ਰੁਤਬਾ ਅਤੇ ਸਥਾਨ ਪ੍ਰਾਪਤ ਕਰਨ ਦੇ ਯੋਗ ਨਹੀਂ ਹੋ ਰਹੀ। ਹਾਲਾਂਕਿ ਉਹ ਹਰ ਖੇਤਰ ਵਿੱਚ ਆਤਮ-ਵਿਸ਼ਵਾਸ ਅਤੇ ਹੌਸਲੇ ਨਾਲ ਪੁਲਾਂਘਾਂ ਪੁੱਟ ਰਹੀ ਹੈ ਤੇ ਅੱਗੇ ਵਧਣ ਲਈ ਯਤਨਸ਼ੀਲ ਹੈ।

ਸਿਆਸਤ ਦੇ ਖੇਤਰ ਵਿੱਚ ਉਸਦੀ ਭਾਗੀਦਾਰੀ ਮਸਾਂ 14 ਫ਼ੀਸਦੀ ਹੈ। 543 ਲੋਕ ਸਭਾ ਲਈ ਚੁਣੇ ਮੈਂਬਰਾਂ ਵਿੱਚ ਉਹਨਾਂ ਦੀ ਗਿਣਤੀ 78 ਹੈ, (ਸਿਰਫ਼ 13 ਫ਼ੀਸਦੀ) ਜਦਕਿ ਦੇਸ਼ ਦੇ ਸਾਰੇ ਸੂਬਿਆਂ ਦੀਆਂ ਵਿਧਾਨ ਸਭਾਵਾਂ ਦੇ 4600 ਤੋਂ ਵੱਧ ਮੈਂਬਰਾਂ ਵਿੱਚੋਂ ਮਸਾਂ 400 ਤੋਂ ਕੁਝ ਵੱਧ ਮੈਂਬਰ ਇਸਤਰੀਆਂ ਹਨ। ਇਹ ਪ੍ਰਤੀਸ਼ਤ ਨੌ ਫ਼ੀਸਦੀ ਤੋਂ ਵੱਧ ਨਹੀਂ।

ਹਰ ਖੇਤਰ ਵਿੱਚ ਔਰਤਾਂ ਦੀ ਹਿੱਸੇਦਾਰੀ ਅਤੇ ਉਸ ਦਾ ਹੱਕ ਵੱਡਾ ਹੈ, ਪਰ ਹਾਲੇ ਤੱਕ ਉਸ ਦੀ ਪ੍ਰਾਪਤੀ ਸਿਹਤ ਦੇ ਖੇਤਰ ਵਿੱਚ 29 ਫ਼ੀਸਦੀ, ਆਈ.ਟੀ. ਦੇ ਖੇਤਰ ਵਿੱਚ 23 ਫ਼ੀਸਦੀ, ਬੈਂਕਿੰਗ ਵਿੱਚ 17 ਫ਼ੀਸਦੀ, ਕਾਨੂੰਨ ਦੇ ਖੇਤਰ ਵਿੱਚ 14 ਫ਼ੀਸਦੀ, ਸਿੱਖਿਆ ਦੇ ਖੇਤਰ ਵਿੱਚ 13 ਫ਼ੀਸਦੀ, ਖੇਤੀ ਖੇਤਰ ਵਿੱਚ 13 ਫ਼ੀਸਦੀ ਹੈ; ਜਦਕਿ ਸਟਾਰਟਅਪ ਵਿੱਚ 5 ਫ਼ੀਸਦੀ, ਸੁਰੱਖਿਆ ਵਿੱਚ 4 ਫ਼ੀਸਦੀ ਅਤੇ ਮੈਨੂਫੈਕਚਰਿੰਗ ਵਿੱਚ ਤਿੰਨ ਫ਼ੀਸਦੀ ਤੋਂ ਵੱਧ ਨਹੀਂ ਟੱਪ ਸਕੀ। ਪਰ ਸਮਾਜਿਕ ਤਾਣੇ-ਬਾਣੇ ਅਤੇ ਪੁਰਸ਼ ਪ੍ਰਧਾਨ ਸਮਾਜ ਦੀ ਬਣਤਰ ਦੇ ਚਲਦਿਆਂ ਖੇਤੀ ਖੇਤਰ ਵਿੱਚ ਕਾਮੇ ਵਜੋਂ 64 ਫ਼ੀਸਦੀ ਔਰਤਾਂ ਹਨ।

ਔਰਤਾਂ, ਖ਼ਾਸ ਕਰ ਘਰੇਲੂ ਔਰਤਾਂ ਨੂੰ, ਜਿਹੜਾ ਹੱਕ ਅਤੇ ਆਦਰ-ਸਤਿਕਾਰ ਮਿਲਣਾ ਚਾਹੀਦਾ ਸੀ, ਉਹ ਹਾਲੇ ਤੱਕ ਵੀ ਨਹੀਂ ਮਿਲ ਸਕਿਆ। ਬਿਨਾਂ ਸ਼ੱਕ ਸਿੱਖਿਆ, ਬੈਂਕਿੰਗ, ਨਰਸਿੰਗ ਅਤੇ ਆਈ.ਟੀ. ਖੇਤਰ ਵਿੱਚ ਉਹਨਾਂ ਦੀ ਹਾਜ਼ਰੀ ਵੇਖਣ ਨੂੰ ਮਿਲਦੀ ਹੈ, ਪਰ ਕੀ ਇਹ ਹੈਰਾਨ ਕਰਨ ਵਾਲੀ ਗੱਲ ਨਹੀਂ ਕਿ ਖੇਤੀ ਖੇਤਰ ਵਿੱਚ ਉਸ ਦੀ ਇਕੱਲੀ ਮਾਲਕੀ 13 ਫ਼ੀਸਦੀ ਤੋਂ ਵੱਧ ਨਹੀਂ? ਭਾਵ ਮਰਦ ਪ੍ਰਧਾਨ ਸਮਾਜ ਦਾ ਪਰਛਾਵਾਂ ਲਗਭਗ ਹਰ ਥਾਂ ਦਿਖਾਈ ਦਿੰਦਾ ਹੈ।

ਅਸਲ ਵਿੱਚ ਸਮਾਜ ਦਾ ਵੱਡਾ ਹਿੱਸਾ ਉਸ ਨੂੰ ਬਰਾਬਰੀ ਦੇ ਹੱਕ ਦੇਣੇ ਪ੍ਰਵਾਨ ਨਹੀਂ ਕਰ ਰਿਹਾ। ਭਾਵੇਂ ਕਿ ਸਰਕਾਰੀ ਤੌਰ 'ਤੇ ਵੱਡੇ ਕਾਨੂੰਨ ਔਰਤ ਦੇ ਹੱਕ ਵਿੱਚ ਬਣਾਏ ਹੋਏ ਹਨ, ਪਰ ਘਰ, ਦਫ਼ਤਰ ਅਤੇ ਪਬਲਿਕ ਥਾਵਾਂ ਉੱਤੇ ਔਰਤ ਲਈ ਬਣੇ ਕਾਨੂੰਨ ਜ਼ਮੀਨੀ ਪੱਧਰ 'ਤੇ ਸੁਖਾਵੇਂ ਨਹੀਂ ਹਨ।

ਅਜੋਕੇ ਸਮਾਜ ਵਿੱਚ ਘਰੇਲੂ ਹਿੰਸਾ ਵਿੱਚ ਲਗਾਤਾਰ ਵਾਧਾ ਹੋਇਆ ਹੈ। ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਘਰੇਲੂ ਹਿੰਸਾ ਕਾਨੂੰਨ ਆਈ.ਪੀ.ਸੀ. 498 ਅਤੇ ਹੁਣ ਬੀ.ਐਨ.ਐਸ. 85 ਦੇ ਤਹਿਤ 80 ਫ਼ੀਸਦੀ ਮਾਮਲਿਆਂ ਵਿੱਚ ਪੀੜਿਤ ਔਰਤਾਂ ਨੂੰ ਇਨਸਾਫ਼ ਹੀ ਨਹੀਂ ਮਿਲਦਾ। ਬਿਨਾਂ ਸ਼ੱਕ ਕਾਨੂੰਨ ਮਜ਼ਬੂਤ ਹੈ, ਪਰ ਇਨਸਾਫ਼ ਤੱਕ ਪਹੁੰਚ ਪੈਸੇ ਅਤੇ ਚੰਗੇ ਵਕੀਲ 'ਤੇ ਨਿਰਭਰ ਹੈ। ਪੇਂਡੂ ਔਰਤਾਂ ਲਈ ਇਨਸਾਫ਼ ਤਾਂ ਨਾ-ਬਰਾਬਰ ਹੀ ਹੈ।

ਘਰੇਲੂ ਹਿੰਸਾ ਵਰਤਾਰਾ ਔਰਤਾਂ ਲਈ ਇੱਕ ਹੋਰ ਸੰਕਟ ਹੈ। ਔਰਤਾਂ ਲਈ ਕੰਮ ਦੀ ਥਾਂ 'ਤੇ ਦੁਰਵਿਵਹਾਰ- "ਇਗਨੋਰ ਕਰੋ, ਸਮਝੌਤਾ ਕਰੋ, ਆਵਾਜ਼ ਨਾ ਚੁੱਕੋ"- ਜਿਹੀ ਪ੍ਰਵਿਰਤੀ ਵੀ ਵੱਡੀ ਸਮੱਸਿਆ ਹੈ। ਕੰਮ ਵਾਲੀਆਂ ਥਾਵਾਂ 'ਤੇ ਬਣੇ ਕਾਨੂੰਨ ਪੋਸ਼ ਐਕਟ 2013, ਅਰਥਾਤ ਸੈਕਸੁਅਲ ਹਰਾਸਮੈਂਟ ਆਫ਼ ਵੋਮੈਨ ਐਟ ਵਰਕਪਲੇਸ ਐਕਟ ਨੂੰ ਵੀ ਕਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਹੋਣ ਦਿੱਤਾ ਗਿਆ।

ਦੇਸ਼ ਵਿੱਚ 16.9 ਲੱਖ ਕੰਪਨੀਆਂ, 2.5 ਲੱਖ ਫੈਕਟਰੀਆਂ ਅਤੇ 6 ਲੱਖ ਮਾਲ-ਸ਼ੋਰੂਮ ਹਨ। ਪਰ ਇਹਨਾਂ ਥਾਵਾਂ ਉੱਤੇ ਔਰਤਾਂ ਅਤੇ ਲੜਕੀਆਂ ਨਾਲ ਹੋ ਰਹੇ ਮਾਨਸਿਕ ਅਤੇ ਸਰੀਰਕ ਦੁਰਵਿਵਹਾਰ, ਜਿਨਸੀ ਸ਼ੋਸ਼ਣ ਦੀ ਬਹੁਤਾਤ ਔਰਤਾਂ ਲਈ ਵੱਡੀ ਚੁਣੌਤੀ ਹੈ, ਜੋ ਸਮਾਜ ਨੂੰ ਕਲੰਕਿਤ ਕਰ ਰਹੀ ਹੈ।

ਰਾਸ਼ਟਰੀ ਮਹਿਲਾ ਕਮਿਸ਼ਨ ਨੂੰ 2018 ਤੋਂ 2023 ਦੇ ਵਿਚਕਾਰ ਸੈਂਕੜੇ ਸ਼ਿਕਾਇਤਾਂ ਕੰਮਕਾਜੀ ਥਾਵਾਂ ਉੱਤੇ ਦੁਰਵਿਵਹਾਰ ਦੀਆਂ ਮਿਲੀਆਂ, ਪਰ ਦੋਸ਼ੀਆਂ ਨੂੰ ਸਜ਼ਾਵਾਂ ਨਾ ਮਿਲ ਸਕੀਆਂ। ਇਸ ਦੇ ਨਾਲ ਹੀ ਸਰਬਜਨਕ ਥਾਵਾਂ ਉੱਤੇ ਲੜਕੀਆਂ ਲਈ ਗੁੰਡਾ ਅਨਸਰਾਂ ਵੱਲੋਂ ਕੀਤੀ ਛੇੜਛਾੜ ਲਈ ਮਹਿਲਾ ਸੁਰੱਖਿਆ ਦੇ ਕਾਨੂੰਨ ਵੀ ਮੌਜੂਦ ਹਨ। ਬੀ.ਐਨ.ਐਸ. 74 ਅਤੇ 79 ਵਰਗੇ ਕਾਨੂੰਨ ਛੇੜਛਾੜ ਅਤੇ ਲੜਕੀਆਂ ਦਾ ਪਿੱਛਾ ਕਰਨ ਦੇ ਮਾਮਲਿਆਂ ਲਈ ਬਣੇ ਹਨ।

ਫਰਵਰੀ 2025 ਵਿੱਚ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੀ ਇੱਕ ਰਿਪੋਰਟ ਅਨੁਸਾਰ ਪਿਛਲੇ ਕੁਝ ਸਾਲਾਂ ਵਿੱਚ ਇਹ ਮਾਮਲੇ ਪਹਿਲਾਂ ਨਾਲੋਂ 33 ਫ਼ੀਸਦੀ ਵਧੇ ਹਨ। ਮਾਮਲੇ ਦਰਜ ਵੀ ਹੋਏ ਹਨ, ਪਰ ਕੇਸ ਲੰਬੇ ਚੱਲਦੇ ਹਨ। ਦੇਰੀ ਅਤੇ ਦਬਾਅ ਪੀੜਤਾਂ ਲਈ ਇਨਸਾਫ਼ ਵਿੱਚ ਵੱਡਾ ਰੋੜਾ ਹੈ। ਔਰਤ ਨਾਲ ਕਰੂਰਤਾ ਹੁੰਦੀ ਹੈ, ਦਬਾਅ ਬਣਦਾ ਹੈ, ਨਵੇਂ ਕਾਨੂੰਨ ਬਣਦੇ ਹਨ, ਪਰ ਇਹ ਸਭ ਕੁਝ ਲੋਕਾਂ ਨੂੰ ਸ਼ਾਂਤ ਕਰਨ ਲਈ ਹੈ, ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ।

ਦਾਜ-ਦਹੇਜ, ਦਹੇਜ ਲਈ ਔਰਤਾਂ ਨੂੰ ਮਾਰਨਾ, ਘਰੇਲੂ ਹਿੰਸਾ, ਕੰਨਿਆ ਭਰੂਣ ਹੱਤਿਆ, ਦੁਰਵਿਵਹਾਰ ਆਦਿ ਸੰਬੰਧੀ ਦੇਸ਼ ਵਿੱਚ ਬੇਅੰਤ ਕਾਨੂੰਨ ਹਨ। ਇਹਨਾਂ ਕਾਨੂੰਨਾਂ ਤਹਿਤ ਕੇਸ ਵੀ ਵੱਡੀ ਗਿਣਤੀ ਵਿੱਚ ਦਰਜ ਹੁੰਦੇ ਹਨ, ਪਰ ਇਹਨਾਂ ਅਪਰਾਧਾਂ ਵਿੱਚ ਦੋਸ਼ ਸਿੱਧ ਹੋਣ ਦੀ ਦਰ 20 ਤੋਂ 30 ਫ਼ੀਸਦੀ ਦੇ ਵਿਚਕਾਰ ਰਹਿੰਦੀ ਹੈ, ਜਦਕਿ ਆਮ ਮਾਮਲਿਆਂ ਵਿੱਚ ਦੋਸ਼ ਸਿੱਧੀ ਦੀ ਦਰ 54 ਫ਼ੀਸਦੀ ਰਹਿੰਦੀ ਹੈ। ਕੀ ਇਹ ਔਰਤ ਨਾਲ ਹੋ ਰਿਹਾ ਵੱਡਾ ਵਿਤਕਰਾ ਨਹੀਂ?

ਇਨ੍ਹੀਂ ਦਿਨੀਂ ਪਿੰਡ ਪੰਚਾਇਤਾਂ ਅਤੇ ਖਾਪਾਂ ਵਿੱਚ ਇਨਸਾਫ਼ ਦੇ ਮਾਮਲਿਆਂ ਵਿੱਚ ਔਰਤ ਨਾਲ ਬੇਇਨਸਾਫ਼ੀ ਵੇਖਣ ਨੂੰ ਮਿਲਦੀ ਹੈ। ਭਾਵੇਂ ਕਿ ਪਿੰਡਾਂ ਵਿੱਚ ਪੰਚਾਇਤਾਂ ਬਣੀਆਂ ਹਨ ਅਤੇ ਨਵੇਂ ਐਕਟ ਅਨੁਸਾਰ 50 ਫ਼ੀਸਦੀ ਔਰਤਾਂ ਨੂੰ ਸਰਪੰਚ ਤੇ ਪੰਚ ਬਣਾਇਆ ਜਾ ਰਿਹਾ ਹੈ, ਪਰ ਜ਼ਮੀਨੀ ਪੱਧਰ 'ਤੇ ਉਹਨਾਂ ਦੇ ਅਧਿਕਾਰ ਮਰਦਾਂ ਦੇ ਹੱਥ ਵਿੱਚ ਹਨ।

ਫ਼ੈਸਲਿਆਂ ਅਤੇ ਕਾਰਜਾਂ ਵਿੱਚ ਉਹਨਾਂ ਦੀ ਸ਼ਮੂਲੀਅਤ ਨਾ ਹੋਇਆਂ ਵੇਖਣ ਨੂੰ ਮਿਲਦੀ ਹੈ। ਸਥਾਨਕ ਸਰਕਾਰਾਂ ਵਿੱਚ ਹਾਲਾਂਕਿ ਉਹਨਾਂ ਨੂੰ ਚੁਣ ਕੇ ਅੱਗੇ ਲਿਆਂਦਾ ਜਾਂਦਾ ਹੈ, ਪਰ ਉਹਨਾਂ ਦੀ ਥਾਂ ਦਫ਼ਤਰਾਂ ਵਿੱਚ ਕੰਮ ਕਰਾਉਣ ਲਈ ਉਹਨਾਂ ਦੇ ਪਰਿਵਾਰਕ ਮਰਦ ਮੈਂਬਰ ਜਾਂਦੇ ਵੇਖੇ ਗਏ ਹਨ-ਭਾਵ ਪ੍ਰੌਕਸੀ ਦੇ ਤੌਰ 'ਤੇ ਉਹਨਾਂ ਦੇ ਹੱਕ ਦੀ ਵਰਤੋਂ ਕਰਦੇ ਹਨ।

ਸਮਾਜ ਦੇ ਬਣੇ ਭੈੜੇ ਰਸਮੋ-ਰਿਵਾਜ-ਕਿ ਬੇਟੀ ਆਪਣੇ ਪਿਤਾ ਦੀ ਅਰਥੀ ਨੂੰ ਮੋਢਾ ਨਹੀਂ ਦੇ ਸਕਦੀ, ਘਰ ਦੇ ਬਾਹਰ ਉਸ ਦੀ ਨੇਮ-ਪਲੇਟ ਨਹੀਂ ਲੱਗ ਸਕਦੀ, ਵਿਧਵਾ ਔਰਤਾਂ ਸਿਰਫ਼ ਸਫ਼ੈਦ ਸਾੜੀ ਪਹਿਨਣਗੀਆਂ-ਦਾਜ-ਦਹੇਜ ਦੀ ਵੱਧ ਰਹੀ ਪ੍ਰਥਾ, ਕੁੱਖ ਵਿੱਚ ਬੱਚੀਆਂ ਨੂੰ ਮਾਰਨਾ, ਲੜਕੀਆਂ ਨੂੰ ਬਚਪਨ ਵਿੱਚ ਕੁਪੋਸ਼ਣ ਦਾ ਸ਼ਿਕਾਰ ਬਣਾਈ ਰੱਖਣਾ-ਇਹ ਕੁਝ ਐਸੇ ਕਲੰਕ ਹਨ ਜਿਨ੍ਹਾਂ ਨੇ ਭਾਰਤੀ ਸਮਾਜ ਦੇ ਰੂੜੀਵਾਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੋਇਆ ਹੈ।

ਸਭ ਤੋਂ ਵੱਡੀ ਗੱਲ ਔਰਤ ਦੀ ਆਰਥਿਕ ਪੱਖੋਂ ਕਮਜ਼ੋਰੀ ਹੈ। ਜੇਕਰ ਉਹ ਮਰਦ ਦੇ ਬਰਾਬਰ ਕਮਾਈ ਕਰਦੀ ਹੈ ਅਤੇ ਰੁਜ਼ਗਾਰ ਜਾਂ ਸਵੈ-ਰੁਜ਼ਗਾਰ ਵਿੱਚ ਆਤਮ ਨਿਰਭਰ ਹੈ ਤਾਂ ਉਸਦਾ ਸਮਾਜਿਕ ਕੱਦ - ਕਾਠ ਵਧਦਾ ਹੈ, ਪਰ ਦੂਜੇ ਪਾਸੇ ਗ੍ਰਹਿਸਥ ਜੀਵਨ ਵਿੱਚ ਮਰਦ ਉੱਤੇ ਨਿਰਭਰਤਾ ਉਸ ਨੂੰ ਬੱਚੇ ਪਾਲਣ ਅਤੇ ਘਰੇਲੂ ਕੰਮਕਾਰ ਤੱਕ ਸੀਮਤ ਕਰ ਦਿੰਦੀ ਹੈ।

ਮਰਦ ਦੀ ਬਿਮਾਰ ਮਾਨਸਿਕਤਾ ਕਈ ਵਾਰ ਉਸ ਨੂੰ ਉਹਨਾਂ ਰਾਹਾਂ ਉੱਤੇ ਤੋਰ ਦਿੰਦੀ ਹੈ, ਜਿੱਥੇ ਉਸ ਦਾ ਜੀਵਨ ਨਰਕ ਬਣ ਜਾਂਦਾ ਹੈ। ਹੈਵਾਨੀਅਤ ਦੀਆਂ ਹੱਦਾਂ-ਬੰਨੇ ਤੋੜ ਕੇ ਮਰਦ ਪ੍ਰਧਾਨ ਸਮਾਜ ਵਿੱਚ ਉਸ ਦਾ ਜੀਵਨ ਦਲਦਲ ਵਿੱਚ ਫਸਾ ਦਿੱਤਾ ਜਾਂਦਾ ਹੈ। ਅਸਲ ਵਿੱਚ ਇਹ ਸਾਮਰਾਜੀ ਪ੍ਰਬੰਧ ਦੀ ਇੱਕ ਚਾਲ ਹੈ, ਜੋ ਫੈਸ਼ਨ ਦੇ ਨਾਮ 'ਤੇ ਔਰਤਾਂ ਦੇ ਜਿਸਮ ਦਾ ਦਿਖਾਵਾ ਕਰਵਾਉਂਦੀ ਹੈ, ਨੰਗੇਜ਼ਵਾਦ ਨੂੰ ਉਤਸ਼ਾਹਿਤ ਕਰਦੀ ਹੈ। ਇਸ਼ਤਿਹਾਰਾਂ ਅਤੇ ਮਨੋਰੰਜਨ ਵਿੱਚ ਉਸ ਦੇ ਜਿਸਮ ਨੂੰ ਸੌਦੇਬਾਜ਼ੀ ਲਈ ਵਰਤਿਆ ਜਾਂਦਾ ਹੈ। ਇੱਕ ਤਾਕਤਵਰ ਵਰਗ, ਜਿਸ ਦੀ ਗਿਣਤੀ ਭਾਰਤ ਵਿੱਚ ਲਗਾਤਾਰ ਵੱਧ ਰਹੀ ਹੈ ਅਤੇ ਜਿਹੜਾ ਗ਼ਰੀਬ ਲੋੜਵੰਦਾਂ ਦੇ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਲਈ ਆਪਣਾ ਹਰ ਹਰਬਾ ਵਰਤਦਾ ਹੈ, ਉਸ ਦਾ ਸ਼ਿਕਾਰ ਵੀ ਸਮਾਜ ਦੀ ਇਹ ਅੱਧੀ ਅਬਾਦੀ ਵੱਧ ਹੁੰਦੀ ਹੈ। ਮਹਿੰਗਾਈ ਦੀ ਮਾਰ ਵੀ ਵੱਧ ਔਰਤ 'ਤੇ ਪੈਂਦੀ ਹੈ। ਸਮਾਜਿਕ ਤਾਣੇ-ਬਾਣੇ ਅਤੇ ਬੇਇਨਸਾਫ਼ੀ ਦੀ ਸ਼ਿਕਾਰ ਸਭ ਤੋਂ ਵੱਧ ਔਰਤ ਹੀ ਹੁੰਦੀ ਹੈ।

ਘਰੇਲੂ ਹਿੰਸਾ ਤੋਂ ਲੈ ਕੇ ਸਮਾਜਿਕ ਹਿੰਸਾ, ਜੰਗ ਅਤੇ ਹੋਰ ਆਫ਼ਤਾਂ ਵਿੱਚ ਸਭ ਤੋਂ ਵੱਧ ਪ੍ਰਭਾਵ ਔਰਤ 'ਤੇ ਪੈਂਦਾ ਹੈ। ਉਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਵਲੂੰਧਰੀ ਜਾਂਦੀ ਹੈ। ਦੇਵਦਾਸੀ ਪ੍ਰਥਾ, ਗ਼ਰੀਬ ਦਲਿਤ ਔਰਤਾਂ ਨੂੰ ਮੰਦਰਾਂ ਵਿੱਚ ਦੇਵੀ-ਦੇਵਤਿਆਂ ਦੇ ਚਰਨਾਂ ਵਿੱਚ ਅਰਪਿਤ ਕਰਨਾ, ਘਰੇਲੂ ਹਿੰਸਾ, ਬਲਾਤਕਾਰ, ਤੇਜ਼ਾਬੀ ਹਮਲੇ ਵਰਗੀਆਂ ਸਮੱਸਿਆਵਾਂ ਅੱਜ ਵੀ ਦੇਸ਼ ਵਿੱਚ ਪੂਰੇ ਜ਼ੋਰ 'ਤੇ ਹਨ ਅਤੇ ਕਈ ਹਾਲਤਾਂ ਵਿੱਚ ਇਹਨਾਂ ਮਾਮਲਿਆਂ ਵਿੱਚ ਕਾਨੂੰਨ ਅਤੇ ਸਮਾਜ ਬੇਬਸ ਦਿਖਾਈ ਦਿੰਦੇ ਹਨ।

ਔਰਤਾਂ ਦੇ ਹੱਕਾਂ ਅਤੇ ਬਰਾਬਰੀ ਦਾ ਮਸਲਾ ਸਧਾਰਨ ਨਹੀਂ ਹੈ। ਇਹ ਅਜੋਕੇ ਸਿਆਸੀ ਅਤੇ ਸਮਾਜੀ ਪ੍ਰਬੰਧ ਨਾਲ ਜੁੜਿਆ ਹੋਇਆ ਹੈ, ਜਿੱਥੇ ਸਧਾਰਨ ਔਰਤ ਮਰਦ ਨਾਲੋਂ ਵੱਧ ਸਮਾਜਿਕ ਸ਼ੋਸ਼ਣ ਦਾ ਸ਼ਿਕਾਰ ਬਣਦੀ ਹੈ।

ਭਾਰਤ ਵਿੱਚ ਗ਼ਰੀਬ ਅਤੇ ਅਮੀਰ ਦਾ ਆਰਥਿਕ ਪਾੜਾ ਲਗਾਤਾਰ ਵੱਧ ਰਿਹਾ ਹੈ। ਮੁੱਠੀ ਭਰ ਲੋਕ ਭਾਰਤ ਦੇ ਕੁਦਰਤੀ ਸਾਧਨਾਂ ਅਤੇ ਜ਼ਮੀਨ-ਜਾਇਦਾਦ ਦੇ ਮਾਲਕ ਬਣ ਰਹੇ ਹਨ। ਅਰਬਪਤੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਕਈ ਵੱਡੇ ਘਰਾਣੇ ਦੇਸ਼ ਦੀ ਆਰਥਿਕਤਾ 'ਤੇ ਹਾਵੀ ਹੋ ਰਹੇ ਹਨ। ਹੈਰਾਨੀ ਵਾਲੀ ਗੱਲ ਨਹੀਂ ਮੰਨੀ ਜਾਣੀ ਚਾਹੀਦੀ ਕਿ ਪਿਛਲੇ 10 ਵਰ੍ਹਿਆਂ ਵਿੱਚ ਹੀ ਭਾਰਤ ਵਿੱਚ ਹੋਣ ਵਾਲੇ 308 ਅਰਬਪਤੀਆਂ ਵਿੱਚੋਂ 80 ਫ਼ੀਸਦੀ ਪਹਿਲਾਂ ਇਸ ਲਿਸਟ ਵਿੱਚ ਹੀ ਨਹੀਂ ਸਨ। ਇਹਨਾਂ ਦੀ ਸੰਪਤੀ ਲਗਾਤਾਰ ਵੱਧ ਰਹੀ ਹੈ ਅਤੇ ਆਮ ਜਨਤਾ ਦੋ ਡੰਗ ਦੀ ਰੋਟੀ ਤੋਂ ਵੀ ਆਤੁਰ ਹੋ ਰਹੀ ਹੈ।

ਜਿਸ ਦਾ ਸਿੱਟਾ ਅਕਸਰ ਔਰਤ ਦੇ ਚੁੱਲ੍ਹੇ 'ਤੇ ਪੈਂਦਾ ਹੈ। ਪਹਿਲਾਂ ਅਤੇ ਆਖ਼ਰੀ ਅਸਰ ਘਰ ਦੀ ਗ੍ਰਹਿਣੀ 'ਤੇ ਹੀ ਪੈਂਦਾ ਹੈ, ਜਿਸ ਉੱਤੇ ਪੂਰੇ ਪਰਿਵਾਰ ਦੇ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਹੁੰਦੀ ਹੈ।

ਦੇਸ਼ ਦੀ ਔਰਤ ਸਮਾਜ ਵਿੱਚ ਦੋਹਰੀ ਮਾਰ ਝੱਲ ਰਹੀ ਹੈ। ਮੁੱਢਲੇ ਹੱਕ ਤਾਂ ਉਸ ਦੇ ਜਨਮ ਲੈਣ ਵੇਲੇ ਤੋਂ ਹੀ ਖੋਹੇ ਜਾਂਦੇ ਹਨ, ਪਰ ਉਸ ਦੇ ਪਾਲਣ-ਪੋਸ਼ਣ, ਪੜ੍ਹਾਈ ਅਤੇ ਕੰਮ ਦੇ ਸਥਾਨ 'ਤੇ ਮਜ਼ਦੂਰੀ ਤੱਕ ਵੀ ਵਿਤਕਰਾ ਕੀਤਾ ਜਾਂਦਾ ਹੈ। ਇਹ ਸਿਰਫ਼ ਸਮਾਜਕ ਸੋਚ ਦਾ ਨਤੀਜਾ ਨਹੀਂ, ਸਗੋਂ ਸਾਮਰਾਜੀ ਪੂੰਜੀਵਾਦ ਦੇ ਕੜੇ ਪੰਜਿਆਂ ਦੀ ਜਕੜ ਦਾ ਵੀ ਸਿੱਟਾ ਹੈ।

ਇਹ ਗੱਲ ਸਮਝਣ ਵਾਲੀ ਹੈ ਕਿ ਇਹ ਸਿਰਫ਼ ਔਰਤ ਦੇ ਹੱਕਾਂ ਦੀ ਗੱਲ ਨਹੀਂ, ਸਗੋਂ ਇਹ ਹੱਕ ਸਮਾਜ ਵਿੱਚ ਮਨੁੱਖ ਦੀ ਅਜ਼ਾਦੀ ਅਤੇ ਸਮਾਜਿਕ ਬਰਾਬਰਤਾ ਨਾਲ ਵੀ ਜੁੜੇ ਹੋਏ ਹਨ। ਇਹ ਵੀ ਸਮਝਣ ਵਾਲੀ ਗੱਲ ਹੈ ਕਿ ਸ਼ੋਸ਼ਣ ਉੱਤੇ ਅਧਾਰਿਤ ਸਮਾਜ ਵਿੱਚ ਔਰਤਾਂ ਦੀ ਬਰਾਬਰੀ ਦੀ ਕਲਪਨਾ ਨਿਰਾਰਥਕ ਹੈ।

ਔਰਤ ਵੱਲੋਂ ਅਰੰਭਿਆ ਹੱਕਾਂ ਲਈ ਸੰਘਰਸ਼ ਹੀ ਉਸ ਨੂੰ ਸਮਾਜਿਕ ਅਤੇ ਆਰਥਿਕ ਗੁਲਾਮੀ ਤੋਂ ਨਿਜਾਤ ਦਿਵਾ ਸਕਦਾ ਹੈ। ਇਤਿਹਾਸ ਗਵਾਹ ਹੈ ਕਿ ਔਰਤਾਂ ਨੇ ਇਕੱਠੇ ਹੋ ਕੇ ਪਹਿਲਾਂ ਬਰਾਬਰ ਦੀ ਤਨਖਾਹ ਅਤੇ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਕੀਤਾ। ਉਸ ਤੋਂ ਬਾਅਦ ਪੂੰਜੀਵਾਦੀ ਗੁਲਾਮੀ ਦੇ ਜੂਲੇ ਨੂੰ ਗਲੋਂ ਲਾਹੁਣ ਲਈ ਮਰਦਾਂ ਦੇ ਨਾਲ ਹਿਕ ਡਾਹ ਕੇ ਹਰ ਕਾਰਜ ਵਿੱਚ ਅਜ਼ਾਦੀ ਅਤੇ ਹੱਕਾਂ ਦੀ ਪ੍ਰਾਪਤੀ ਲਈ ਲੜਾਈ ਲੜੀ।

ਅਸਲ ਗੱਲ ਇਹ ਹੈ ਕਿ ਔਰਤਾਂ ਦੇ ਹੱਕਾਂ ਦਾ ਮਸਲਾ ਸਿਰਫ਼ ਔਰਤਾਂ ਦਾ ਮਸਲਾ ਨਹੀਂ, ਸਗੋਂ ਪੂਰੇ ਸਮਾਜ ਦੀ ਤਰੱਕੀ ਨਾਲ ਜੁੜਿਆ ਹੋਇਆ ਮਸਲਾ ਹੈ। ਜਿਸ ਸਮਾਜ ਵਿੱਚ ਅੱਧੀ ਅਬਾਦੀ ਨੂੰ ਬਰਾਬਰ ਦੇ ਹੱਕ, ਸੁਰੱਖਿਆ ਅਤੇ ਮੌਕੇ ਨਾ ਮਿਲਣ, ਉਹ ਸਮਾਜ ਕਦੇ ਵੀ ਅਸਲ ਤਰੱਕੀ ਨਹੀਂ ਕਰ ਸਕਦਾ।

ਲੋੜ ਇਸ ਗੱਲ ਦੀ ਹੈ ਕਿ ਕਾਨੂੰਨਾਂ ਨੂੰ ਸਿਰਫ਼ ਕਾਗਜ਼ਾਂ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇ ਅਤੇ ਸਮਾਜਕ ਸੋਚ ਵਿੱਚ ਬਦਲਾਅ ਲਿਆਂਦਾ ਜਾਵੇ। ਜਦੋਂ ਔਰਤ ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਤੌਰ 'ਤੇ ਮਜ਼ਬੂਤ ਹੋਵੇਗੀ, ਤਦੋਂ ਹੀ ਭਾਰਤ ਅਸਲ ਅਰਥਾਂ ਵਿੱਚ ਪ੍ਰਗਤੀਸ਼ੀਲ, ਅਗਾਂਹਵਧੂ ਅਤੇ ਸਮਾਨਤਾ ਵਾਲਾ ਸਮਾਜ ਬਣ ਸਕੇਗਾ। ਅੱਧੀ ਅਬਾਦੀ ਨੂੰ ਪੂਰੇ ਹੱਕ ਮਿਲਣਗੇ,ਤਾਂ ਹੀ ਦੇਸ਼ ਦੀ ਤਰੱਕੀ ਪੂਰੀ ਹੋਵੇਗੀ।

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
2 ਸਾਲ ਦਾ Work Permit
Spouse ਨੂੰ ਮਿਲੇਗਾ Open Work Permit
ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

ਜਿੱਥੇ ਡੁੱਲ੍ਹਦਾ ਖੂਨ ਸ਼ਹੀਦਾਂ ਦਾ, ਉੱਥੇ ਉੱਗਦਾ ਰੁੱਖ ਆਜ਼ਾਦੀ ਦਾ।
ਸਦੀਆਂ ਤੀਕ ਦੁਨੀਆਂ ਯਾਦ ਰੱਖੂ, ਸਾਕਾ ਜ਼ਾਲਮ ਦੀ ਬਰਬਾਦੀ ਦਾ।

# ਇੰਡੋ ਅਮੈਰਿਕਨ ਹੈਰੀਟੇਜ ਫੋਰਮ, ਫਰਿਜ਼ਨੋ


ਵਲੋਂ ਭਾਰਤ ਦੀ ਆਜ਼ਾਦੀ ਦੇ ਸੰਗਰਾਮ ਵਿਚ ਹਿੱਕਾਂ ਡਾਹ ਕੇ ਅਥਾਹ ਕੁਰਬਾਨੀਆਂ ਕਰਨ ਵਾਲੇ ਬਹਾਦਰ ਯੋਧਿਆਂ ਅਤੇ ਸਮੁੱਚੀ ਗ਼ਦਰ ਪਾਰਟੀ ਨੂੰ ਸਮਰਪਿਤ

# 24ਵਾਂ 'ਮੇਲਾ ਗ਼ਦਰੀ ਬਾਬਿਆਂ ਦਾ'


ਕਰਤਾਰ ਸਿੰਘ ਸਰਾਭਾ


ਬਾਬਾ ਜਵਾਲਾ ਸਿੰਘ


ਬਾਬਾ ਵਿਸਾਖਾ ਸਿੰਘ


ਬਾਬਾ ਸੋਹਣ ਸਿੰਘ ਭਕਨਾ


ਗਦਰੀ ਸੰਤੋਖ ਸਿੰਘ ਧਰਦਿਓ

## 12 ਅਪ੍ਰੈਲ 2026, ਦਿਨ ਐਤਵਾਰ, ਦੁਪਹਿਰ 1:00 ਵਜੇ ਤੋਂ ਸ਼ਾਮ 6:00 ਵਜੇ ਤੱਕ

**Central High School, East Campus Performing Art Center 3535 N. Cornelia Ave, Fresno, CA 93722**

## ਵਿਖੇ ਸਮੂਹ ਭਾਈਚਾਰੇ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਪਹੁੰਚ ਰਹੇ ਗਾਇਕ ਕਲਾਕਾਰ


ਲਾਲੀ ਤੱਖਰ


ਰਾਜ ਬਰਾੜ

ਮੰਚ ਸੰਚਾਲਨ


ਆਸ਼ਾ ਸ਼ਰਮਾ

**ਚਾਹ ਪਾਣੀ ਤੇ ਪਕੌੜਿਆਂ ਦਾ ਲੰਗਰ ਸਾਰਾ ਦਿਨ ਚੱਲੇਗਾ**

ਆਓ ਸਾਰੇ ਪਰਿਵਾਰਾਂ ਸਮੇਤ ਰਲ ਮਿਲ ਕੇ ਦੇਸ਼ ਕੌਮ ਲਈ ਜਾਨਾਂ ਵਾਰਨ ਅਤੇ ਅੱਤ ਦਾ ਤਸ਼ੱਦਦ ਝੱਲਣ ਵਾਲੇ ਯੋਧਿਆਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ।

**ਹੋਰ ਪ੍ਰੋਗਰਾਮ:**
**ਗੀਤ, ਕਵਿਤਾਵਾਂ, ਭਾਸ਼ਨ, ਗਿੱਧਾ ਤੇ ਭੰਗੜਾ**

**4.0 ਗਰੇਡ ਵਾਲੇ ਵਿਦਿਆਰਥੀਆਂ ਦਾ ਸਨਮਾਨ**
ਵਿਦਿਆਰਥੀਆਂ ਦਾ ਨਾਮ ਰਜਿਸਟਰ ਕਰਨ ਲਈ ਵਿਦਿਆਰਥੀ ਦਾ ਨਾਮ, ਸੰਪਰਕ ਫੋਨ ਨੰਬਰ ਅਤੇ ਸਕੂਲ ਗਰੇਡ ਸ਼ੀਟ ਜਾਂ ਰਿਪੋਰਟ ਕਾਰਡ ਦੀ ਕਾਪੀ ਈਮੇਲ ਐਡਰੈੱਸ IAHForum@gmail.com ਤੇ ਭੇਜਣੀ ਜ਼ਰੂਰੀ ਹੋਵੇਗੀ।

ਸੰਪਰਕ: ਸ਼ਰਨਜੀਤ ਧਾਲੀਵਾਲ (559) 974-8383

**Chief Guest & Speaker**
ਮੁੱਖ ਮਹਿਮਾਨ ਅਤੇ ਬੁਲਾਰਾ


Social Activist
**Dr. Swaiman Singh**

ਦੇਸ਼ ਲਈ ਕੁਰਬਾਨੀ ਕਰਨ ਵਾਲੇ ਮਹਾਨ ਸ਼ਹੀਦਾਂ ਤੇ ਗਦਰੀ ਬਾਬਿਆਂ ਦੀ ਫੋਟੋ ਪ੍ਰਦਰਸ਼ਨੀ ਲਗਾਈ ਜਾਵੇਗੀ।

**ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਜਾਣਗੇ**

4.0 ਵਾਲੇ ਵਿਦਿਆਰਥੀ ਅਤੇ ਡਰਾਇੰਗ ਮੁਕਾਬਲੇ ਵਿੱਚ ਹਿੱਸਾ ਲੈਣ ਦੇ ਚਾਹਵਾਨ ਫੋਰਮ ਦੀ ਈਮੇਲ iahforum@gmail.com ਤੇ ਆਪਣੀ ਜਾਣਕਾਰੀ ਭੇਜ ਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ

**ਜੀ.ਐੱਚ.ਜੀ ਡਾਂਸ ਅਤੇ ਸੰਗੀਤ ਅਕੈਡਮੀ ਦੀਆਂ ਟੀਮਾਂ ਵਲੋਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਜਾਵੇਗਾ**

**ਮੇਲਾ ਕਮੇਟੀ**

ਨਵਦੀਪ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਦੇਸ਼ਾ, ਮਹਿੰਦਰ ਸਿੰਘ ਢਾਹ, ਬਲਦੇਵ ਸਿੰਘ ਧਾਲੀਵਾਲ, ਗੁਰਦੀਪ ਸਿੰਘ ਗਿੱਲ, ਬੂਟਾ ਸਿੰਘ ਸਹੋਤਾ, ਪਰਗਟ ਸਿੰਘ ਧਾਲੀਵਾਲ, ਹਰਜਿੰਦਰ ਸਿੰਘ ਢੇਸੀ, ਸ਼ਰਨਜੀਤ ਕੌਰ ਧਾਲੀਵਾਲ, ਪਰਮਜੀਤ ਸਿੰਘ ਢਿੱਲੋਂ, ਗੁਰਮੀਤ ਸਿੰਘ ਗਿੱਲ, ਦਲਜੀਤ ਸਿੰਘ ਰਿਆੜ, ਗੁਰਮੀਤ ਸਿੰਘ ਗਾਜੀਆਣਾ, ਇੰਦਰਜੀਤ ਚੋਗਾਵਾਂ, ਤਾਰਾ ਸਿੰਘ ਸੰਧੂ, ਭੁਪਿੰਦਰ ਕੌਰ ਬਦੇਸ਼ਾ, ਬਲਬੀਰ ਕੌਰ ਧਾਲੀਵਾਲ, ਹਰਿੰਦਰ ਕੌਰ, ਰਵਿੰਦਰ ਕੌਰ ਢਾਹ, ਬਲਵਿੰਦਰ ਕੌਰ ਧਾਲੀਵਾਲ, ਪ੍ਰੀਤ ਕੌਰ ਗਿੱਲ, ਦਰਸ਼ਨ ਕੌਰ ਗਿੱਲ, ਪਰਮਜੀਤ ਕੌਰ ਗਿੱਲ, ਸੁਖਜਿੰਦਰ ਕੌਰ ਢਿੱਲੋਂ, ਮਨੁਵੀਰ ਕੌਰ ਧਾਲੀਵਾਲ, ਕਿਰਨਜੀਤ ਕੌਰ ਧਾਲੀਵਾਲ, ਟਹਿਲ ਸਿੰਘ ਢੇਸੀ, ਤਲਵਿੰਦਰ ਸਿੰਘ ਜੌਹਲ, ਜੋਗਾ ਸਿੰਘ ਬਦੇਸ਼ਾ, ਸੁਰਿੰਦਰ ਸਿੰਘ ਥਿੰਦ, ਡਾ. ਮਲਕੀਤ ਸਿੰਘ ਕਿੰਗਰਾ, ਪ੍ਰਿੰਸੀਪਲ ਬਲਵਿੰਦਰ ਸਿੰਘ, ਹਰਮਨ ਸਿੰਘ ਗਿੱਲ, ਦਲਜੀਤ ਸਿੰਘ ਗਰੇਵਾਲ, ਡਾ. ਅਰਜਨ ਸਿੰਘ ਜੋਸਨ, ਗੁਰਪ੍ਰੀਤ ਸਿੰਘ ਖਾਨਖਾਨਾ, ਉਦੇਦੀਪ ਸਿੰਘ ਸਿੱਧੂ, ਪਰਮਜੀਤ ਸਿੰਘ ਧਾਲੀਵਾਲ, ਗੁਰਨਾਮ ਸਿੰਘ ਬਿੰਜਲ, ਮਾਸਟਰ ਸ਼ਮਸ਼ੇਰ ਸਿੰਘ, ਰਾਜ ਮੋਗਾ, ਜਗਰੂਪ ਸਿੰਘ ਧਾਲੀਵਾਲ, ਹਰਨੇਕ ਸਿੰਘ ਲੋਹਗੜ, ਸੁੱਖੀ ਹੇਅਰ, ਬਲਵਿੰਦਰ ਸਿੰਘ ਮੰਡੇਰ, ਅਮੋਲਕ ਸਿੰਘ ਸਿੱਧੂ, ਮੇਜਰ ਸਿੰਘ ਸੇਖੋਂ, ਸੁਖਪਾਲ ਸਿੰਘ ਧਾਲੀਵਾਲ, ਜਸਪਾਲ ਸਿੰਘ ਧਾਲੀਵਾਲ, ਮਨਵੀਰ ਸਿੰਘ ਭੁਲਰ, ਗੁਰਬਖਸ਼ ਸਿੰਘ ਸਿੱਧੂ, ਸ਼ੇਰ ਸਿੰਘ ਘਣਗੱਸ, ਗੈਰੀ ਢੇਸੀ, ਦਵਿੰਦਰ ਸਿੰਘ ਗਰੇਵਾਲ, ਬਹਾਦਰ ਸਿੰਘ ਭੰਗਲ, ਕਮਲਜੀਤ ਕੌਰ ਭੰਗਲ, ਪਵਿੰਦਰਜੀਤ ਸਿੰਘ ਮਾਨ, ਇੰਦਰਜੀਤ ਸਿੰਘ ਬਰਾੜ, ਰਾਜ ਅਲੀ, ਅੰਗਰੇਜ ਸਿੰਘ।

**ਸਰਪ੍ਰਸਤ: ਜਸਵੰਤ ਸਿੰਘ ਮਾਨ, ਕਰਮ ਸਿੰਘ ਮਾਨ**

**ਵਿਸ਼ੇਸ਼ ਧੰਨਵਾਦ:**
ਰੇਡੀਓ 900 ਏ.ਐੱਮ. ਦੇ ਸਾਰੇ ਪੰਜਾਬੀ ਹੋਸਟ, ਪੰਜਾਬੀ ਰੇਡੀਓ ਯੂ.ਐੱਸ.ਏ., ਰੇਡੀਓ 620 ਏ.ਐੱਮ ਰੇਡੀਓ ਐਫ.ਐੱਮ 94.3, ਸਾਰੇ ਪੰਜਾਬੀ ਅਖਬਾਰ, ਜੀ.ਐੱਚ.ਜੀ ਸੰਗੀਤ ਐਂਡ ਡਾਂਸ ਅਕੈਡਮੀ।

**ਹੋਰ ਜਾਣਕਾਰੀ ਲਈ ਸੰਪਰਕ**
ਨਵਦੀਪ ਸਿੰਘ ਧਾਲੀਵਾਲ ਪ੍ਰਧਾਨ..........(559) 287-0822
ਹਰਜਿੰਦਰ ਸਿੰਘ ਢੇਸੀ ਸੈਕਟਰੀ..........(559) 618-0156
ਗੁਰਮੀਤ ਸਿੰਘ ਗਿੱਲ..........(805) 215-0681
ਗੁਰਮੀਤ ਸਿੰਘ ਗਾਜੀਆਣਾ..........(559) 801-8200

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕਿ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

**147 NRI ਪਰਵਿਾਰਾਂ ਦਾ ਭਰੋਸਾ - Realty Unplugged**

ਸਾਡੇ ਸਫਲਤਾ ਦੇ ਕਿੱਸੇ:

**2017 ਗੁੜਗਾਂਵ:** 7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵਿੱਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵਿੱਚ 58% ਵਾਧਾ

ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!

Call : +91 73038-88722

Subhiney Chabra : +91 97802-06080

Let's Start!

ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।
ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO
ADVERTISEMENTS
We make professional video advertisements for your business in Punjabi, Hindi & English
POSTERS
DESIGN
We design flyers, Posters and
Post Cards to promote your business
BUSINESS CARD
DESIGN
WE DESIGN YOUR
BUSINESS CARD
SOCIAL MEDIA
HANDLERS
We can manage your Business social media handlers Facebook, instagram & YouTube
24/7 TECH
SUPPORT
We provide 24/7 tech support
For more information call
Boota Singh Basi +1 (209) 303-1260

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਨਾਟਕ ਫਾਰਐਵਰ ਮਹਾਰਾਣੀ ਜਿੰਦਾਂ ਦਾ ਸਫ਼ਲ ਮੰਚਨ

ਅੰਮ੍ਰਿਤਸਰ
ਸਾਂਝੀ ਸੋਚ ਬਿਊਰੋ



ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਅਨਾਮਿਕਾ ਆਰਟਸ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਸਰੂਪ ਰਾਣੀ ਸਰਕਾਰੀ ਕਾਲਜ ਇਸਤਰੀਆਂ ਅੰਮ੍ਰਿਤਸਰ ਦੇ ਸਹਿਯੋਗ ਨਾਲ ਔਰਤ ਦੇ ਸੰਘਰਸ਼ ਦੀ ਕਹਾਣੀ ਬਿਆਨ ਕਰਦੇ ਨਾਟਕ "ਫਾਰਐਵਰ ਮਹਾਰਾਣੀ ਜਿੰਦਾਂ" ਦਾ ਮੰਚਨ ਕੀਤਾ ਗਿਆ। ਡਾ. ਆਤਮਾ ਸਿੰਘ ਗਿੱਲ ਦੁਆਰਾ ਲਿਖੇ ਅਤੇ ਈਮੈਨੂਅਲ ਸਿੰਘ ਦੁਆਰਾ ਨਿਰਦੇਸ਼ਿਤ ਨਾਟਕ ਮਹਾਰਾਣੀ ਜਿੰਦਾਂ ਰਾਹੀਂ ਅੱਜ ਦੀ ਨਵੀਂ ਪੀੜ੍ਹੀ ਨੂੰ ਪੰਜਾਬ ਦੇ ਉਸ ਸੁਨਹਿਰੀ ਦੌਰ ਨਾਲ ਜਾਣੂ ਕਰਵਾਉਣ ਦਾ ਸਫ਼ਲ ਯਤਨ ਕੀਤਾ ਗਿਆ ਜਿਸ ਨੂੰ ਖਾਲਸਾ ਰਾਜ ਜਾਂ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਨਾਂ ਨਾਲ ਜਾਣਿਆ ਜਾਂਦਾ ਹੈ।ਨਾਟਕ ਵਿੱਚ ਸਿੱਖ ਰਾਜ ਦੀ ਅਧੋਗਤੀ ਦੇ ਨਾਲ ਮਹਾਰਾਣੀ ਜਿੰਦਾਂ ਅਤੇ ਮਹਾਰਾਜਾ ਦਲੀਪ ਸਿੰਘ ਦੇ ਦੁਖਾਂਤ ਨੂੰ ਵਿਭਿੰਨ ਨਾਟਕੀ ਜੁਗਤਾਂ ਰਾਹੀਂ ਪ੍ਰਸਤੁਤ ਕੀਤਾ ਗਿਆ। ਨਾਟਕ ਵਿੱਚ ਮਹਾਰਾਣੀ ਜਿੰਦਾਂ ਦੇ ਜੀਵਨ ਸੰਘਰਸ਼ ਅਤੇ ਖੁੱਸੇ ਹੋਏ ਸਿੱਖ ਰਾਜ ਦੀ ਮੁੜ ਪ੍ਰਾਪਤੀ ਲਈ ਅਤੇ ਬਾਲਕ ਮਹਾਰਾਜੇ ਦਲੀਪ ਸਿੰਘ ਨੂੰ ਉਸਦੇ ਹਕ ਹਕੂਕ ਦਿਵਾਉਣ ਲਈ ਜਦੋ-ਜਹਿਦ ਦ੍ਰਿਸ਼ਟੀਗੋਚਰ ਹੁੰਦੀ ਹੈ।ਮਹਾਰਾਣੀ ਜਿੰਦਾਂ ਉਹ ਮਹਾਨ ਔਰਤ ਸੀ ਜੋ ਅੰਗਰੇਜ਼ਾਂ ਤੋਂ ਬਾਗੀ ਹੋ ਕੇ ਸਾਰੀ ਉਮਰ ਸ਼ੇਰਨੀ ਵਾਂਗ ਸਿੱਖ ਰਾਜ ਵਾਸਤੇ ਲੜਦੀ ਰਹੀ ਤੇ ਅਖੀਰ ਆਪਣੇ ਪ੍ਰਭਾਵ ਸਦਕਾ ਈਸਾਈ ਬਣੇ ਦਲੀਪ ਸਿੰਘ ਵਿੱਚ ਮੁੜ ਸਿੱਖ ਰਾਜ ਦਾ ਮਹਾਰਾਜਾ ਬਨਣ ਲਈ ਚਿਣਗ ਪੈਦਾ ਕਰਦੀ ਹੈ।

ਸ਼ਾਹ ਮੁਹੰਮਦ ਦੀ ਕਵਿਤਾ ਸਿੰਘਾਂ ਤੇ ਫਰੰਗੀਆਂ ਨੂੰ ਅਧਾਰ ਬਣਾ ਕੇ ਤੇ ਇਸ ਦੇ ਲਿਖਤਕਾਰ ਸ਼ਾਹ ਮੁਹੰਮਦ ਨੂੰ ਹੀ ਸੂਤਰਧਾਰ ਬਣਾ ਕੇ, ਨਾਟਕੀ ਪੇਸ਼ਕਾਰੀ ਨੂੰ ਕਿੱਸਾਗੋਈ, ਲੋਕ ਵਾਰ-ਕਵੀਸ਼ਰੀ ਦੀ ਵਿਧਾ ਰਾਹੀਂ ਲੋਕਧਾਰਾਈ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ। ਮੁੱਖ ਮਹਿਮਾਨ ਵੱਜੋਂ ਸ਼ਾਮਿਲ ਹੋਏ ਸਰੂਪ ਰਾਹੀਂ ਸਰਕਾਰੀ ਕਾਲਜ ਇਸਤਰੀਆਂ ਦੇ ਪ੍ਰਿੰਸੀਪਲ ਕਿਰਨਜੀਤ ਬੱਲ ਨੇ ਨਾਟਕ ਦੀ ਪ੍ਰਸਤੁਤੀ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਤਿਹਾਸਕ ਨਾਟਕ ਦਾ ਮੰਚਨ ਚੁਣੌਤੀ ਭਰਪੂਰ ਕਾਰਜ ਹੈ ਜਿਸ ਦੀ ਈਮੈਨੂਅਲ ਸਿੰਘ ਅਤੇ ਉਸਦੀ ਟੀਮ ਦੁਆਰਾ ਬਾਕਮਾਲ ਪੇਸ਼ਕਾਰੀ ਕੀਤੀ ਗਈ ਹੈ। ਜਿਕਰਯੋਗ ਹੈ ਕਿ ਨਾਟਕ ਵਿੱਚ ਤਾਰੀਖ਼ਾਂ ਘਟਨਾਵਾਂ ਅਤੇ ਮਹਾਰਾਣੀ ਜਿੰਦਾਂ ਦੀਆਂ ਚਿੱਠੀਆਂ ਦੇ ਅਸਲ ਰੂਪ ਨੂੰ ਪੇਸ਼ ਕੀਤਾ ਗਿਆ ਅਤੇ ਖ਼ਾਲਸਾ ਰਾਜ ਦੇ ਤਖ਼ਤ ਦੀ ਹੂ-ਬ-ਹੂ ਨਕਲ ਰਾਹੀਂ ਉਸ ਸਮੇਂ ਦੇ ਸੁਨਹਿਰੀ ਇਤਿਹਾਸ ਨੂੰ ਦਰਸਾਇਆ ਗਿਆ।ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਗਿਆਨੀ ਸੰਤੋਖ ਸਿੰਘ ਆਸਟਰੇਲੀਆ, ਡਾਕਟਰ ਚਰਨਜੀਤ ਸਿੰਘ ਗੁਮਟਾਲਾ, ਸੰਤੋਖ ਸਿੰਘ ਸੇਠੀ, ਸੀਨੀਅਰ ਵਾਈਸ ਪ੍ਰਧਾਨ ਚੀਫ਼ ਖ਼ਾਲਸਾ ਦੀਵਾਨ ਅੰਮ੍ਰਿਤਸਰ, ਮਾਸਟਰ ਸੁੱਚਾ ਸਿੰਘ ਗੁਮਟਾਲਾ,ਸ. ਸਰਬਜੀਤ ਸਿੰਘ ਲਾਲੀ ਆਦਿ ਮਹਿਮਾਨਾ ਨੇ ਸ਼ਿਰਕਤ ਕੀਤੀ।ਇਸ ਮੌਕੇ ਡਾ. ਸਰਗੀ, ਡਾ. ਹਰਜੀਤ ਕੌਰ ਪ੍ਰੋਫੈਸਰ ਪੂਜਾ ਅਤੇ ਕਾਲਜ ਦੇ ਸਮੂਹ ਅਧਿਆਪਕ ਅਤੇ ਵਿਦਿਆਰਥਣਾ ਨੇ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਨਾਟਕ ਵਿੱਚ ਪ੍ਰੀਤਪਾਲ ਹੁੰਦਲ, ਗੁਰਪਿੰਦਰ ਕੌਰ, ਈਮੈਨੂਅਲ ਸਿੰਘ, ਮਰਕਸਪਾਲ ਗੁਮਟਾਲਾ, ਡਾ. ਆਤਮਾ ਸਿੰਘ ਗਿੱਲ, ਆਲਮ ਸਿੰਘ, ਲਖਵਿੰਦਰ ਲੱਕੀ, ਪ੍ਰਭਜੋਤ ਸੰਘਾ, ਸਾਰੰਗੀ ਵਾਦਕ ਪ੍ਰੋ. ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ, ਦੀਪਿਕਾ, ਸਚਿਨ, ਤਮੰਨਾ, ਅਚਲ ਮਹਾਜਨ, ਵੰਸ਼, ਸਾਰਥ, ਅਨਮੋਲ ਰਾਣਾ, ਰੋਬਿਨ ਪ੍ਰੀਤ ਸਿੰਘ, ਜਸ਼ਨਪ੍ਰੀਤ, ਦ੍ਰਿਸ਼ਟੀ, ਪ੍ਰਾਬੀਰ ਸਿੰਘ ਆਦਿ ਅਦਾਕਾਰਾਂ ਨੇ ਨਾਟਕ ਵਿੱਚ ਅਹਿਮ ਭੂਮਿਕਾ ਨਿਭਾਈ।ਨਾਟਕ ਦੇ ਕਲਾਕਾਰਾਂ ਨੂੰ ਸਰਟੀਫਿਕੇਟ ਦੇ ਕੇ ਸਮੁੱਚੀ ਟੀਮ ਦਾ ਸਨਮਾਨ ਕੀਤਾ ਗਿਆ।

# ਹਾਲੀਵੁੱਡ ਪੌਪ ਸਿੰਗਰ ਰਿਹਾਨਾ ਦੇ ਘਰ 'ਤੇ ਗੋਲੀਬਾਰੀ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ



ਕੈਲੀਫੋਰਨੀਆ ਵਿੱਚ ਗ੍ਰੈਮੀ ਜੇਤੂ ਰਿਹਾਨਾ ਦੇ ਘਰ 'ਤੇ ਉਸ ਸਮੇਂ ਗੋਲੀਬਾਰੀ ਕੀਤੀ ਗਈ ਜਦੋਂ ਗਾਇਕਾ ਅੰਦਰ ਸੀ। ਇੱਕ 30 ਸਾਲਾ ਔਰਤ ਨੂੰ ਕਥਿਤ ਤੌਰ 'ਤੇ ਕਈ ਗੋਲੀਆਂ ਚਲਾਉਣ ਤੋਂ ਬਾਅਦ ਗ੍ਰਿਫਤਾਰ ਕੀਤਾ ਗਿਆ।

ਰਿਹਾਨਾ ਸੁਰੱਖਿਅਤ ਹੈ ਅਤੇ ਕੋਈ ਹੋਰ ਜ਼ਖਮੀ ਨਹੀਂ ਹੋਇਆ। ਲਾਸ ਏਂਜਲਸ ਪੁਲਿਸ ਨੇ ਇਸ ਘਟਨਾ ਦੇ ਸਬੰਧ ਵਿੱਚ ਇੱਕ ਔਰਤ ਨੂੰ ਹਿਰਾਸਤ ਵਿੱਚ ਲਿਆ ਹੈ।ਲਾਸ ਏਂਜਲਸ ਪੁਲਿਸ ਦੇ ਅਨੁਸਾਰ, ਇਹ ਘਟਨਾ ਐਤਵਾਰ ਦੁਪਹਿਰ ਨੂੰ ਕੈਲੀਫੋਰਨੀਆ ਦੇ ਸਮੇਂ ਅਨੁਸਾਰ ਲਗਭਗ 1:21 ਵਜੇ ਵਾਪਰੀ। ਰਿਹਾਨਾ ਦੇ ਬੇਵਰਲੀ ਹਿਲਜ਼ ਦੇ ਘਰ ਦੇ ਗੇਟ ਤੋਂ ਸੜਕ ਦੇ ਪਾਰ ਖੜ੍ਹੇ ਇੱਕ ਵਾਹਨ ਤੋਂ ਦਸ ਗੋਲੀਆਂ ਚਲਾਈਆਂ ਗਈਆਂ।ਲਾਸ ਏਂਜਲਸ ਟਾਈਮਜ਼ ਦੇ ਅਨੁਸਾਰ, ਇੱਕ ਗੋਲੀ ਘਰ ਦੀ ਕੰਧ ਨੂੰ ਵਿੰਨ੍ਹ ਗਈ। ਪੁਲਿਸ ਨੇ ਤੁਰੰਤ ਕਾਰਵਾਈ ਕੀਤੀ ਅਤੇ ਮੌਕੇ 'ਤੇ ਇੱਕ ਮਹਿਲਾ ਸ਼ੱਕੀ ਨੂੰ ਗ੍ਰਿਫ਼ਤਾਰ ਕਰ ਲਿਆ।

Change Of Name

I, Varinder S/O Davinder born in Pakka Khera Haryana, India, presently residing at 3580 W Grant Line Rd, 216 Tracy CA 95304 USA hereby declare that I have changed my name from **Varinder** to **Varinder Singh**, Henceforth, I shall be known as **Varinder Singh** for all purposes.

ਨਾਮ ਦੀ ਬਦਲੀ

ਮੈਂ, ਵਰਿੰਦਰ ਪੁੱਤਰ ਦਵਿੰਦਰ ਪੱਕਾ ਖੇੜਾ ਹਰਿਆਣਾ, ਭਾਰਤ ਦਾ ਰਹਿਣ ਵਾਲਾ ਹਾਂ ਅਤੇ ਮੌਜੂਦਾ ਸਮੇਂ 3580 W Grant Line Rd, 216 Tracy CA 95304 USA ਵਿਖੇ ਰਹਿ ਰਿਹਾ ਹਾਂ। ਮੈਂ ਆਪਣਾ ਨਾਮ **ਵਰਿੰਦਰ** ਤੋਂ ਬਦਲ ਕੇ **ਵਰਿੰਦਰ ਸਿੰਘ** ਰੱਖ ਲਿਆ ਹੈ।ਸਾਰੇ ਸਬੰਧਿਤ ਨੋਟ ਕਰਨ ਕਿ ਹੁਣ ਮੈਂ **ਵਰਿੰਦਰ ਸਿੰਘ** ਵਜੋਂ ਜਾਣਿਆ ਜਾਵਾਂਗਾ।

# ਇੰਡਿਅਨ ਡੈਂਟਲ ਐਸੋਸੀਏਸ਼ਨ ਅੰਮ੍ਰਿਤਸਰ ਬ੍ਰਾਂਚ ਵੱਲੋਂ ਸੀਡੀਈ ਅਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸਮਾਗਮ ਦਾ ਆਯੋਜਨ



ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਇੰਡਿਅਨ ਡੈਂਟਲ ਐਸੋਸੀਏਸ਼ਨ ਅੰਮ੍ਰਿਤਸਰ ਬ੍ਰਾਂਚ ਵੱਲੋਂ ਪ੍ਰਧਾਨ ਡਾ. ਕਮਲਦੀਪ ਸ਼ਰਮਾ ਅਤੇ ਸਕੱਤਰ ਡਾ. ਨਿਤਿਨ ਵਰਮਾ ਦੀ ਯੋਗ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਡੈਂਟਲ ਪੇਸ਼ੇਵਰਾਂ ਲਈ ਇਕ ਗਿਆਨਵਰਧਕ ਅਕਾਦਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਮੁੱਖ ਆਕਰਸ਼ਣ ਪ੍ਰਸਿੱਧ ਅੰਤਰਰਾਸ਼ਟਰੀ ਵਕਤਾ ਅਤੇ "ਜ਼ੈਨ ਡੈਂਟਿਸਟ" ਡਾ. ਵਿਸ਼ਾਲ ਗੁਪਤਾ ਵੱਲੋਂ ਦਿੱਤਾ ਗਿਆ ਲੈਕਚਰ ਸੀ। ਉਨ੍ਹਾਂ ਨੇ ਕੰਪੋਜ਼ਿਟ ਵੀਨੀਅਰਜ਼ ਵਿਸ਼ੇ 'ਤੇ ਜਾਣਕਾਰੀ ਭਰਪੂਰ ਪ੍ਰਸਤੁਤੀ ਦਿੱਤੀ ਅਤੇ ਡੈਂਟਿਸਟਾਂ ਨੂੰ ਆਧੁਨਿਕ ਤਕਨੀਕਾਂ ਅਤੇ ਐਸਥੈਟਿਕ ਸਕਿਲਜ਼ ਬਾਰੇ ਕੀਮਤੀ ਕਲੀਨੀਕਲ ਜਾਣਕਾਰੀ ਸਾਂਝੀ ਕੀਤੀ, ਜਿਸ ਨਾਲ ਉਨ੍ਹਾਂ ਨੂੰ ਆਪਣੀ ਰੋਜਾਨਾਂ ਪ੍ਰੈਕਟਿਸ ਵਿੱਚ ਨਵੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਣਾ ਮਿਲੀ।

ਇਸ ਸਮਾਗਮ ਵਿੱਚ ਕਈ ਪੋਸਟਗ੍ਰੈਜੂਏਟ ਡੈਂਟਲ ਵਿਦਿਆਰਥੀਆਂ ਅਤੇ ਡੈਂਟਲ ਪ੍ਰੈਕਟੀਸ਼ਨਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣਾ ਗਿਆਨ ਵਧਾਉਣ ਨਾਲ ਨਾਲ ਕਲੀਨੀਕਲ ਮਹਾਰਤ ਨੂੰ ਨਿਖਾਰਨ ਦਾ ਮੌਕਾ ਪ੍ਰਾਪਤ ਕੀਤਾ।ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨਾਂ ਵਜੋਂ ਡਾ. ਅਮਨਦੀਪ ਕੌਰ, ਡਾਇਰੈਕਟਰ ਅਮਨਦੀਪ ਗਰੁੱਪ ਆਫ ਹਸਪਤਾਲਜ਼ ਅਤੇ ਡਾ. ਨਵਨੀਤ ਗਰੇਵਾਲ, ਗਰੇਵਾਲ ਡੈਂਟਲ ਕਲੀਨਿਕ ਵੀ ਹਾਜ਼ਰ ਰਹੇ। ਉਨ੍ਹਾਂ ਨੇ "ਬੈਸਟ ਸਮਾਈਲ ਐਕਟਿਵਿਟੀ" ਲਈ ਜੱਜ ਵਜੋਂ ਭੂਮਿਕਾ ਨਿਭਾਈ, ਜੋ ਕਿ ਇਸ ਸਮਾਗਮ ਦਾ ਮੁੱਖ ਆਕਰਸ਼ਣ ਬਣੀ ਅਤੇ ਭਾਗੀਦਾਰਾਂ ਵੱਲੋਂ ਇਸਦੀ ਕਾਫ਼ੀ ਸਰਾਹਨਾ ਕੀਤੀ ਗਈ।ਇਹ ਉਪਰਾਲਾ ਐਸੋਸੀਏਸ਼ਨ ਵੱਲੋਂ ਡੈਂਟਲ ਖੇਤਰ ਵਿੱਚ ਲਗਾਤਾਰ ਸਿੱਖਿਆ, ਹੁਨਰ ਵਿਕਾਸ ਅਤੇ ਮਹਿਲਾਵਾਂ ਦੀ ਭੂਮਿਕਾ ਦਾ ਸਨਮਾਨ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਟਰੰਪ ਨੇ ਈਰਾਨ ਨੂੰ 20 ਗੁਣਾ ਜ਼ਿਆਦਾ ਤਾਕਤ ਨਾਲ ਹਮਲੇ ਦੀ ਦਿੱਤੀ ਧਮਕੀ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ-ਇਜ਼ਰਾਈਲ-ਈਰਾਨ ਜੰਗ 11ਵੇਂ ਦਿਨ ਵਿੱਚ ਦਾਖਲ ਹੋ ਰਹੀ ਹੈ। ਰਾਸ਼ਟਰਪਤੀ ਟਰੰਪ ਨੇ ਸੋਮਵਾਰ ਰਾਤ ਨੂੰ ਈਰਾਨ 'ਤੇ ਵੱਡੇ ਹਮਲੇ ਦੀ ਧਮਕੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਈਰਾਨ ਹੋਰਮੁਜ਼ ਜਲਡਮਰੂ ਰਾਹੀਂ ਤੇਲ ਸਪਲਾਈ ਨੂੰ ਰੋਕਣ ਦੀ ਕੋਸ਼ਿਸ਼ ਕਰਦਾ ਹੈ, ਤਾਂ ਅਮਰੀਕਾ 20 ਗੁਣਾ ਜ਼ਿਆਦਾ ਤਾਕਤ ਨਾਲ ਹਮਲਾ ਕਰੇਗਾ। ਇਹ ਜੰਗ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਦੁਸ਼ਮਣ ਪੂਰੀ ਤਰ੍ਹਾਂ ਤਬਾਹ ਨਹੀਂ ਹੋ ਜਾਂਦਾ।ਟਰੰਪ ਨੇ ਇਹ ਵੀ ਕਿਹਾ ਕਿ ਯੁੱਧ ਸ਼ੁਰੂ ਹੋਣ ਤੋਂ ਬਾਅਦ, ਅਮਰੀਕਾ ਅਤੇ ਇਜ਼ਰਾਈਲ ਨੇ ਸਾਂਝੇ ਤੌਰ 'ਤੇ ਈਰਾਨ ਵਿੱਚ 5,000 ਤੋਂ ਵੱਧ ਟਿਕਾਣਿਆਂ 'ਤੇ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਕੁਝ ਮਹੱਤਵਪੂਰਨ ਟਿਕਾਣਿਆਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਏ ਬਿਨਾਂ ਛੱਡ ਦਿੱਤਾ ਗਿਆ ਹੈ ਤਾਂ ਜੋ ਲੋੜ ਪੈਣ 'ਤੇ ਬਾਅਦ ਵਿੱਚ ਕਾਰਵਾਈ ਕੀਤੀ ਜਾ ਸਕੇ।ਫਲੋਰੀਡਾ ਦੇ ਡੋਰਲ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਟਰੰਪ ਨੇ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਨੂੰ ਇਸ ਜੰਗ ਵਿੱਚ ਇੱਕ ਮਹੱਤਵਪੂਰਨ ਫਾਇਦਾ ਹੋਇਆ ਹੈ ਅਤੇ ਲੜਾਈ ਜਲਦੀ ਹੀ ਖਤਮ ਹੋ ਸਕਦੀ ਹੈ, ਪਰ ਫਿਲਹਾਲ ਫੌਜੀ ਕਾਰਵਾਈਆਂ ਜਾਰੀ ਰਹਿਣਗੀਆਂ।

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਕਾਂਗਰਸ ਆਪਣਾ 2017 ਦਾ ਮੈਨੀਫੈਸਟੋ ਪੇਸ਼ ਕਰੇ, ਦੱਸੇ ਕਿ ਕਿੰਨੇ ਵਾਅਦੇ ਪੂਰੇ ਕੀਤੇ ਗਏ: ਕੁਲਦੀਪ ਸਿੰਘ ਧਾਲੀਵਾਲ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਿਧਾਨ ਸਭਾ ਵਿੱਚ ਕਾਂਗਰਸ ਪਾਰਟੀ ਦੇ ਵਤੀਰੇ ਦੀ ਆਲੋਚਨਾ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਾਂਗਰਸ ਨੂੰ ਅਲਾਟ ਕੀਤੇ ਗਏ ਬੋਲਣ ਦੇ ਸਮੇਂ ਦੀ ਦੁਰਵਰਤੋਂ ਕੀਤੀ ਅਤੇ ਕਾਂਗਰਸ ਦੇ ਹੋਰ ਵਿਧਾਇਕਾਂ ਨੂੰ ਬਹਿਸ ਵਿੱਚ ਹਿੱਸਾ ਨਹੀਂ ਲੈਣ ਦਿੱਤਾ।ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਵਿਧਾਨ ਸਭਾ ਸਥਾਪਤ ਨਿਯਮਾਂ ਅਤੇ ਪ੍ਰਕਿਰਿਆਵਾਂ ਅਨੁਸਾਰ ਚੱਲਦੀ ਹੈ ਅਤੇ ਇਸ ਨੂੰ ਕਿਸੇ ਵਿਅਕਤੀ ਵਿਸ਼ੇਸ਼ ਵੱਲੋਂ ਆਪਣੀ ਨਿੱਜੀ ਸਟੇਜ ਵਜੋਂ ਨਹੀਂ ਵਰਤਿਆ ਜਾ ਸਕਦਾ। ਉਨ੍ਹਾਂ ਇਸ਼ਾਰਾ ਕੀਤਾ ਕਿ ਸਪੀਕਰ ਨੇ ਚਰਚਾ ਦੌਰਾਨ ਕਾਂਗਰਸ ਪਾਰਟੀ ਨੂੰ 16 ਮਿੰਟ ਦਾ ਸਮਾਂ ਦਿੱਤਾ ਸੀ, ਪਰ ਪ੍ਰਤਾਪ ਸਿੰਘ ਬਾਜਵਾ ਇਕੱਲੇ ਹੀ ਅਲਾਟ ਕੀਤੇ ਸਮੇਂ ਤੋਂ ਵੱਧ ਬੋਲੇ ਅਤੇ ਦੂਜੇ ਕਾਂਗਰਸੀ ਵਿਧਾਇਕਾਂ ਨੂੰ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਨਹੀਂ ਦਿੱਤਾ। ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ, "ਬਾਜਵਾ ਵੱਲੋਂ ਇਨ੍ਹਾਂ ਵਿਧਾਇਕਾਂ ਨੂੰ ਸਦਨ ਦੇ ਅੰਦਰ ਬੋਲਣ ਤੱਕ ਨਹੀਂ ਦਿੱਤਾ ਜਾਂਦਾ ਅਤੇ ਫਿਰ ਉਹ ਬਾਹਰ ਆ ਕੇ ਬੇਲੋੜਾ ਰੌਲਾ ਪਾਉਂਦੇ ਹਨ।ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰਤਾਪ ਸਿੰਘ ਬਾਜਵਾ ਵੱਲੋਂ ਵਾਰ-ਵਾਰ ਆਪਣੇ ਪੁਰਾਣੇ ਅਹੁਦਿਆਂ ਜਿਵੇਂ ਕਿ ਸਾਂਸਦ, ਮੰਤਰੀ ਅਤੇ ਵਿਧਾਇਕ ਹੋਣ ਦਾ ਹਵਾਲਾ ਦੇਣ 'ਤੇ ਵੀ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਅਜਿਹਾ ਵਿਵਹਾਰ ਸਦਨ ਦੀ ਮਰਿਆਦਾ ਦੇ ਅਨੁਕੂਲ ਨਹੀਂ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਕਾਦੀਆਂ ਦਾ ਕੋਈ ਗਲੀ-ਮੁਹੱਲਾ ਨਹੀਂ ਹੈ ਜਿੱਥੇ ਕੋਈ ਵੀ ਨਿਯਮਾਂ ਦੀ ਪਾਲਣਾ ਕੀਤੇ ਬਿਨਾਂ ਜੋ ਮਰਜ਼ੀ ਬੋਲ ਸਕੇ। ਸਦਨ ਇੱਕ ਉਚਿਤ ਪ੍ਰਣਾਲੀ ਅਤੇ ਅਨੁਸ਼ਾਸਨ ਦੇ ਤਹਿਤ ਕੰਮ ਕਰਦਾ ਹੈ।ਕਾਂਗਰਸ 'ਤੇ ਹੋਰ ਨਿਸ਼ਾਨਾ ਸਾਧਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਨੇ ਉਨ੍ਹਾਂ ਨੂੰ ਸਾਬਕਾ ਮੁੱਖ ਮੰਤਰੀ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਜਾਰੀ ਕੀਤੇ ਗਏ 2017 ਦੇ ਮੈਨੀਫੈਸਟੋ ਦੇ ਅਧੂਰੇ ਵਾਅਦਿਆਂ ਦੀ ਯਾਦ ਦਿਵਾਈ। ਉਨ੍ਹਾਂ ਕਾਂਗਰਸ ਨੂੰ ਚੁਣੌਤੀ ਦਿੱਤੀ ਕਿ ਉਹ ਉਹ ਮੈਨੀਫੈਸਟੋ ਪੇਸ਼ ਕਰਨ ਅਤੇ ਇਸ ਗੱਲ 'ਤੇ ਚਰਚਾ ਕਰਨ ਕਿ ਉਨ੍ਹਾਂ ਵਿੱਚੋਂ ਕਿੰਨੇ ਵਾਅਦੇ ਅਸਲ ਵਿੱਚ ਪੂਰੇ ਹੋਏ ਹਨ।


ਕੁਲਦੀਪ ਸਿੰਘ ਧਾਲੀਵਾਲ ਨੇ ਦਾਅਵਾ ਕੀਤਾ ਕਿ 'ਆਪ' ਵਾਅਦਿਆਂ ਅਤੇ ਕਾਰਗੁਜ਼ਾਰੀ 'ਤੇ ਖੁੱਲ੍ਹੀ ਬਹਿਸ ਲਈ ਪੂਰੀ ਤਰ੍ਹਾਂ ਤਿਆਰ ਹੈ। ਧਾਲੀਵਾਲ ਨੇ ਕਿਹਾ ਕਿ ਆਓ ਇਸ ਗੱਲ 'ਤੇ ਚਰਚਾ ਕਰੀਏ ਕਿ ਕਾਂਗਰਸ ਨੇ 2017 ਵਿੱਚ ਕੀ ਵਾਅਦਾ ਕੀਤਾ ਸੀ ਅਤੇ 'ਆਪ' ਨੇ 2022 ਵਿੱਚ ਕੀ ਵਾਅਦਾ ਕੀਤਾ ਸੀ ਅਤੇ ਅਸੀਂ ਕਿੰਨਾ ਕੁ ਪੂਰਾ ਕੀਤਾ ਹੈ। ਅਸੀਂ ਕਿਤੇ ਵੀ, ਕਿਸੇ ਵੀ ਸਮੇਂ ਬਹਿਸ ਲਈ ਤਿਆਰ ਹਾਂ।

# ਭਾਰਤ ਨੇ ਸੋਕਾ ਪ੍ਰਭਾਵਿਤ ਮਲਾਵੀ ਨੂੰ 1,000 ਮੀਟ੍ਰਿਕ ਟਨ ਚੌਲ ਭੇਜੇ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਭਾਰਤ ਨੇ ਐਲ ਨੀਨੋ ਪ੍ਰਭਾਵ ਕਾਰਨ ਆਏ ਸੋਕੇ ਤੋਂ ਬਾਅਦ ਮਲਾਵੀ ਨੂੰ 1,000 ਮੀਟ੍ਰਿਕ ਟਨ ਚੌਲਾਂ ਦੀ ਮਾਨਵਤਾਵਾਦੀ ਖੇਪ ਭੇਜੀ ਹੈ, ਜੋ ਕਿ ਗਲੋਬਲ ਸਾਊਥ ਵਿੱਚ ਸਹਿਯੋਗੀ ਭਾਈਵਾਲਾਂ ਪ੍ਰਤੀ ਨਵੀਂ ਦਿੱਲੀ ਦੀ ਨਿਰੰਤਰ ਵਚਨਬੱਧਤਾ ਅਤੇ ਦੱਖਣੀ-ਦੱਖਣੀ ਸਹਿਯੋਗ ਦੀ ਭਾਵਨਾ ਨੂੰ ਅੱਗੇ ਵਧਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦਾ ਹੈ।

ਵਿਦੇਸ਼ ਮੰਤਰਾਲੇ (ਐਮਈਏ) ਦੇ ਬੁਲਾਰੇ ਰਣਧੀਰ ਜੈਸਵਾਲ ਨੇ ਐਕਸ



'ਤੇ ਪੋਸਟ ਕੀਤਾ "ਭੋਜਨ ਸੁਰੱਖਿਆ ਲਈ ਭਾਰਤ-ਮਾਲਾਵੀ ਭਾਈਵਾਲੀ। ਐਲ ਨੀਨੋ ਪ੍ਰਭਾਵ ਕਾਰਨ ਆਏ ਸੋਕੇ ਤੋਂ ਬਾਅਦ ਭੋਜਨ ਸੁਰੱਖਿਆ ਵੱਲ ਮਲਾਵੀ ਦੇ ਯਤਨਾਂ ਦਾ ਸਮਰਥਨ ਕਰਨ ਲਈ, ਭਾਰਤ ਨੇ ਨਹਾਵਾ ਸ਼ੇਵਾ ਬੰਦਰਗਾਹ ਤੋਂ ਮਲਾਵੀ ਦੇ ਲੋਕਾਂ ਲਈ 1,000 ਮੀਟ੍ਰਿਕ ਟਨ ਚੌਲਾਂ ਦੀ ਮਾਨਵਤਾਵਾਦੀ ਖੇਪ ਭੇਜੀ ਹੈ। ਗਲੋਬਲ ਸਾਊਥ ਵਿੱਚ ਸਹਿਯੋਗੀ ਭਾਈਵਾਲਾਂ ਪ੍ਰਤੀ ਭਾਰਤ ਦੀ ਨਿਰੰਤਰ ਵਚਨਬੱਧਤਾ ਅਤੇ ਦੱਖਣੀ-ਦੱਖਣੀ ਸਹਿਯੋਗ ਦੀ ਭਾਵਨਾ ਨੂੰ ਅੱਗੇ ਵਧਾਉਣ ਦੀ ਦੁਹਰਾਓ।40 ਲੱਖ ਤੋਂ ਵੱਧ ਲੋਕ (ਲਗਭਗ 20 ਪ੍ਰਤੀਸ਼ਤ ਆਬਾਦੀ) ਗੰਭੀਰ ਭੋਜਨ ਦੀ ਘਾਟ ਦਾ ਸਾਹਮਣਾ ਕਰ ਰਹੇ ਹਨ, ਜਿਸ ਕਾਰਨ ਕੁਪੋਸ਼ਣ ਵਧ ਰਿਹਾ ਹੈ ਅਤੇ ਪਰਿਵਾਰ ਖਾਣਾ ਛੱਡ ਰਹੇ ਹਨ। ਇਹ ਸੰਕਟ ਐਲ ਨੀਨੋ ਮੌਸਮ ਦੇ ਪੈਟਰਨ ਕਾਰਨ ਹੈ, ਜਿਸ ਕਾਰਨ ਅਨਿਯਮਿਤ ਬਾਰਿਸ਼ ਹੋ ਰਹੀ ਹੈ, ਅਤੇ ਇਸ ਕਾਰਨ ਚਿਲਵਾ ਝੀਲ ਵਰਗੇ ਪ੍ਰਮੁੱਖ ਜਲ ਸਰੋਤ ਸੁੱਕ ਰਹੇ ਹਨ।

# ਪੂਜਾ ਸੇਠੀ ਨੇ ਡੈਮੋਕਰੈਟਿਕ ਉਮੀਦਵਾਰ ਵਜੋਂ ਪ੍ਰਾਇਮਰੀ ਚੋਣ ਜਿੱਤੀ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਭਾਰਤੀ ਮੂਲ ਦੀ ਪੂਜਾ ਸੇਠੀ ਨੇ ਡੈਮੋਕਰੈਟਿਕ ਉਮੀਦਵਾਰ ਵਜੋਂ ਟੈਕਸਾਸ ਸਦਨ ਲਈ ਡਿਸਟ੍ਰਿਕਟ 47 ਤੋਂ ਪ੍ਰਾਇਮਰੀ ਚੋਣ ਜਿੱਤ ਲਈ ਹੈ। ਉਸ ਨੇ ਯੂ ਐਸ ਆਰਮੀ ਵੈਟਰਨ ਜੋਸਫ ਕੋਪਸਰ ਨੂੰ ਹਰਾਇਆ। ਨਵੰਬਰ ਵਿੱਚ ਪੂਜਾ ਦਾ ਮੁਕਾਬਲਾ ਰਿਪਬਲੀਕਨ ਉਮੀਦਵਾਰ ਜੈਨੀਫਰ ਮੁਸ਼ਟੇਲਰ ਨਾਲ ਹੋਵੇਗਾ। ਸੇਠੀ ਨੂੰ 76% ਵੋਟਾਂ ਮਿਲੀਆਂ ਜਦ ਕਿ ਕੋਪਸਰ ਕੇਵਲ 24% ਵੋਟਾਂ ਹੀ ਲਿਜਾ ਸਕਿਆ। ਕੋਪਸਰ ਨੇ ਪੂਜਾ ਦੇ ਭਾਰਤੀ ਹੋਣ ਦਾ ਮੁੱਦਾ ਉਭਾਰਿਆ ਸੀ ਜੋ ਉਸ ਦੇ ਵਿਰੁੱਧ ਗਿਆ। ਜਿੱਤ ਤੋਂ ਬਾਅਦ ਸੇਠੀ ਨੇ ਆਪਣੇ ਹਮਾਇਤੀਆਂ ਤੇ ਵਾਲੰਟੀਅਰਾਂ ਦਾ ਧੰਨਵਾਦ ਕੀਤਾ ਜਿਨਾਂ ਕਾਰਨ ਉਸ ਦੀ ਚੋਣ ਮੁਹਿੰਮ ਨੂੰ ਬਲ ਮਿਲਿਆ। ਉਸ ਨੇ ਇੰਸਟਾਗ੍ਰਾਮ ਉਪਰ ਪਾਈ ਇਕ ਪੋਸਟ ਵਿਚ ਕਿਹਾ ਹੈ ਕਿ ਉਹ ਆਪਣੇ ਪਰਿਵਾਰ, ਕੁਸ਼ਲ ਟੀਮ, ਵਾਲੰਟੀਅਰਾਂ ਤੇ ਸਮਰਥਕਾਂ ਦੀ ਰਿਣੀ ਹੈ ਜਿਨਾਂ ਦੀਆਂ ਅਣਥਕ ਕੋਸ਼ਿਸ਼ਾਂ ਨਾਲ ਉਸ ਦੀ ਜਿੱਤ ਹੋਈ ਹੈ।

# ਪੰਜਾਬੀ ਕਲਚਰਲ ਐਸੋਸ਼ੀਏਸ਼ਨ (ਪੀਸੀਏਬ੍ਰੈਂਟਵੁਡ) ਵੱਲੋਂ ਦੂਜੀ "ਧੀਆਂ ਦੀ ਲੋਹੜੀ" ਸ਼ਾਨਦਾਰ ਢੰਗ ਨਾਲ ਮਨਾਈ ਗਈ

ਬ੍ਰੈਂਟਵੁਡ
ਕੁਲਵੰਤ ਧਾਲੀਆਂ,ਨੀਟਾ ਮਾਛੀਕੇ




ਪੀ.ਸੀ.ਏ ਬਰੈਂਟਵੁੱਡ ਵੱਲੋ ਦੂਜੀ "ਧੀਆਂ ਦੀ ਲੋਹੜੀ" ਬੜੇ ਹੀ ਉਤਸ਼ਾਹ ਅਤੇ ਰੌਣਕ ਨਾਲ ਮਨਾਈ ਗਈ।ਇਸ ਸਮਾਗਮ ਵਿੱਚ ਕਮਿਊਨਿਟੀ ਦੇ ਸੈਂਕੜਿਆਂ ਮੈਂਬਰਾਂ ਨੇ ਭਾਗ ਲਿਆ ਅਤੇ ਧੀਆਂ ਦੇ ਸਨਮਾਨ ਵਿੱਚ ਖੁਸ਼ੀ ਅਤੇ ਮਾਣ ਨਾਲ ਲੋਹੜੀ ਦਾ ਤਿਉਹਾਰ ਮਨਾਇਆ ਗਿਆ।ਕਾਰਜਕ੍ਰਮ ਦੀ ਸੁਚੱਜੀ ਮੇਜ਼ਬਾਨੀ ਸਟੇਜ ਦੀ ਮਲਿਕਾ ਆਸ਼ਾ ਸ਼ਰਮਾ ਨੇ ਕੀਤੀ। ਪ੍ਰਸਿੱਧ ਸੂਫੀ ਗਾਇਕ ਸੁਖਦੇਵ ਸਾਹਿਲ ਨੇ ਆਪਣੇ ਰੂਹਾਨੀ ਗੀਤਾਂ ਨਾਲ ਦਰਸ਼ਕਾਂ ਨੂੰ ਮੋਹ ਲਿਆ।

ਰੰਗ-ਰੰਗੀਲੇ ਭੰਗੜੇ ਦੀ ਪੇਸ਼ਕਸ਼ ਪੰਜ ਤਾਰਾ ਭੰਗੜਾ ਐਕਡਮੀ ਵੱਲੋਂ ਕੀਤੀ ਗਈ, ਜਿਸ ਨੇ ਮੰਚ 'ਤੇ ਜੋਸ਼ ਭਰ ਦਿੱਤਾ।ਇਸਦੇ ਨਾਲ ਹੀ ਰੌਣਕ ਪੰਜਾਬ ਦੀ ਗਿੱਧਾ ਟੀਮ ਨੇ ਆਪਣੇ ਰਵਾਇਤੀ ਨਾਚ ਗਿੱਧਾ ਨਾਲ ਸਮਾਗਮ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ।ਸਮਾਗਮ ਦੌਰਾਨ ਭੈਣਜੀ ਆਸ਼ਾ ਸ਼ਰਮਾ ਨੂੰ "ਧੀ ਪੰਜਾਬ ਦੀ" ਐਵਾਰਡ ਨਾਲ ਸਨਮਾਨਿਤ ਕੀਤਾਗਿਆ, ਜਦਕਿ ਪ੍ਰਸਿੱਧ ਸੂਫੀ ਗਾਇਕ ਸੁਖਦੇਵ ਸਾਹਿਲ ਨੂੰ "ਸੁਰਾਂ ਦਾ ਬਾਦਸ਼ਾਹ" ਐਵਾਰਡ ਪ੍ਰਦਾਨ ਕੀਤਾ ਗਿਆ।ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਭੁਪਿੰਦਰ ਸਿੰਘ ਬਾਜਵਾ, ਚੇਅਰਮੈਨ ਪੀਸੀਏ ਬ੍ਰੈਂਟਵੁੱਡ ਨੇ ਕਿਹਾ ਕਿਇਸ ਸਾਲ ਦੀ "ਧੀਆਂ ਦੀ ਲੋਹੜੀ" ਬੇਹੱਦ ਕਾਮਯਾਬ ਰਹੀ ਅਤੇ ਕਮਿਊਨਿਟੀ ਵੱਲੋਂ ਬੇਮਿਸਾਲ ਸਹਿਯੋਗ ਮਿਲਿਆ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪੀਸੀਏ ਬ੍ਰੈਂਟਵੁੱਡ ਪਹਿਲਾਂ ਵੀ ਕਮਿਊਨਿਟੀ ਸੇਵਾ ਤਹਿਤ ਬਲੱਡ ਡਰਾਈਵ ਆਯੋਜਿਤ ਕਰ ਚੁੱਕੀ ਹੈ ਅਤੇ ਇਸ ਸਾਲ ਦੁਬਾਰਾ ਬਲੱਡ ਡੋਨੇਸ਼ਨ ਕੈਂਪ ਲਗਾਉਣ ਦੀ ਯੋਜਨਾ ਹੈ। ਇਸ ਤੋਂ ਇਲਾਵਾ, 4 ਜੁਲਾਈ ਨੂੰ ਅਮਰੀਕਨ ਆਜ਼ਾਦੀ ਪਰੇਡ ਦੌਰਾਨ ਮੁਫ਼ਤ ਪਾਣੀ ਵੰਡਣ ਦਾ ਪ੍ਰੋਗਰਾਮ ਵੀ ਆਯੋਜਿਤ ਕੀਤਾ ਜਾਵੇਗਾ।ਇਹ ਸਮਾਗਮ ਧੀਆਂ ਦੀ ਅਹਿਮੀਅਤ ਨੂੰ ਉਭਾਰਨ ਅਤੇ ਕਮਿਊਨਿਟੀ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਸਾਬਤ ਹੋਇਆ।

# ਪ੍ਰਵਾਸੀਆਂ ਬਾਰੇ ਬੇਬਾਕੀ ਨਾਲ ਲਿਖਣ ਵਾਲੀ ਪੱਤਰਕਾਰ ਗ੍ਰਿਫ਼ਤਾਰ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਇਮੀਗ੍ਰੇਸ਼ਨ ਐਂਡ ਕਸਟਮਜ ਇਨਫੋਰਸਮੈਂਟ (ਆਈਸੀਈ) ਦੀਆਂ ਪ੍ਰਵਾਸੀਆਂ ਵਿਰੁੱਧ ਕਾਰਵਾਈਆਂ ਬਾਰੇ ਬੇਬਾਕੀ ਨਾਲ ਲਿਖਣ ਵਾਲੀ ਨੈਸ਼ਵਿਲੇ ਪੱਤਰਕਾਰ ਈਸਟਫੈਨੀ ਰੌਡਰਿਗਜ ਨੂੰ ਗ੍ਰਿਫਤਾਰ ਕਰ ਲੈਣ ਦੀ ਖਬਰ ਹੈ। ਉਸ ਦੇ ਪਤੀ ਅਲੇਜਾਂਡਰੋ ਮੈਡੀਨਾ ਨੇ ਦਸਿਆ ਕਿ ਜਦੋਂ ਉਨਾਂ ਦੀ ਕਾਰ ਨੂੰ ਟਰੱਕਾਂ ਦੁਆਰਾ ਘੇਰ ਲਿਆ ਗਿਆ ਤਾਂ ਇਕ ਵਾਰ ਤਾਂ ਉਹ ਹੈਰਾਨ ਰਹਿ ਗਏ ਪਰ ਛੇਤੀ ਹੀ ਮੈ ਸਮਝ ਗਿਆ ਇਹ ਆਈਸੀਈ ਅਧਿਕਾਰੀ ਹਨ। ਉਹ ਮੇਰੀ ਪਤਨੀ ਨੂੰ ਗ੍ਰਿਫਤਾਰ ਕਰਕੇ ਲੈ ਗਏ। ਮੈਡੀਨਾ ਅਨੁਸਾਰ ਆਈਸੀਈ ਦੀ ਇਸ ਕਾਰਵਾਈ ਤੋਂ ਉਨਾਂ ਨੂੰ ਬਹੁਤ ਧੱਕਾ ਵੱਜਾ ਹੈ। ਉਸ ਨੇ ਕਿਹਾ ਕਿ ਵਕੀਲ ਨੇ ਰੌਡਰਿਗਜ ਦੀ ਰਿਹਾਈ ਲਈ ਪਟੀਸ਼ਨ ਦਾਇਰ ਕੀਤੀ ਹੈ। ਕੋਲੰਬੀਆ ਵਿੱਚ ਪੈਦਾ ਹੋਈ ਰੌਡਰਿਗਜ ਕਾਨੂੰਨੀ ਢੰਗ ਨਾਲ ਅਮਰੀਕਾ ਵਿਚ ਦਾਖਲ ਹੋਈ ਸੀ।



ਉਹ ਸਪੈਨਿਸ਼ ਭਾਸ਼ਾ ਦੇ ਅਖਬਾਰ ਦੀ ਪੱਤਰਕਾਰ ਹੈ।




WE HAVE THE CHEAPEST FARES TO INDIA
LEGEND TRAVEL
arc
accredited agency
CST # 207524-40
Special Fares To India From West-coast (us) On Air India Direct Flights
AIR INDIA
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
Cathay Pacific
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਅਧੂਰੇ ਵਾਅਦਿਆਂ 'ਤੇ ਪਰਦਾ ਪਾਉਣ ਲਈ ਕਾਂਗਰਸ ਬਹਿਸ ਤੋਂ ਭੱਜ ਰਹੀ ਹੈ: ਅਮਨ ਅਰੋੜਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਕਾਂਗਰਸ ਆਪਣੀ "ਰਾਜਨੀਤਿਕ ਤੌਰ 'ਤੇ ਦੀਵਾਲੀਆ" ਹੋਣ ਦੀ ਸਥਿਤੀ ਕੱਜਣ ਲਈ ਹੀ ਬਹਿਸ ਤੋਂ ਭੱਜ ਰਹੀ ਹੈ। ਉਨ੍ਹਾਂ ਨੇ ਵਿਰੋਧੀ ਧਿਰ ਦੇ ਚੋਣ ਮਨੋਰਥ ਪੱਤਰ ਨੂੰ ਜ਼ੁਮਲਿਆਂ ਦਾ ਕਿਤਾਬਚਾ ਆਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਵਾਈਆਂ।

ਵਿਰੋਧੀ ਧਿਰ ਦੇ ਨੇਤਾ (ਐਲਓਪੀ) ਅਤੇ ਹੋਰ ਕਾਂਗਰਸੀ ਆਗੂਆਂ 'ਤੇ ਨਿਸ਼ਾਨਾ ਸੇਧਦਿਆਂ ਅਮਨ ਅਰੋੜਾ ਨੇ ਕਿਹਾ, "ਉਹ ਆਪਣੇ ਆਪ ਨੂੰ ਵਿਰੋਧੀ ਧਿਰ ਦੇ ਨੇਤਾ ਅਖਵਾਉਂਦੇ ਹਨ। ਅਸੀਂ ਤਾਂ ਉਨ੍ਹਾਂ ਦੀ ਗੱਲ ਨੂੰ ਸੰਜਮ ਨਾਲ ਸੁਣਿਆ ਪਰ ਜਦੋਂ ਅਸੀਂ ਤੱਥ ਪੇਸ਼ ਕੀਤੇ ਤਾਂ ਉਨ੍ਹਾਂ ਨੇ ਵਾਕਆਊਟ ਕਰ ਲਿਆ ਅਤੇ ਬਿਲਕੁਲ ਇਸੇ ਤਰ੍ਹਾਂ ਹੀ ਉਨ੍ਹਾਂ ਨੇ 6 ਮਾਰਚ ਨੂੰ ਰਾਜਪਾਲ ਦੇ ਭਾਸ਼ਣ ਦੌਰਾਨ ਕੀਤਾ ਸੀ। ਵਿਰੋਧੀ ਧਿਰ ਦੇ ਨੇਤਾ ਅਕਸਰ ਬਿਨਾਂ ਸੁਣੇ, ਬਿਨਾਂ ਪੜ੍ਹੇ ਸਦਨ ਵਿੱਚੋਂ ਵਾਕਆਊਟ ਕਰ ਜਾਂਦੇ ਹਨ। ਉਹ ਸਿਰਫ਼ ਪੰਜਾਬ ਦੇ ਅਸਲ ਮੁੱਦਿਆਂ ਤੋਂ ਭੱਜਣਾ ਚਾਹੁੰਦੇ ਹਨ ਕਿਉਂਕਿ ਉਹ ਜਾਣਦੇ ਹਨ ਕਿ ਉਨ੍ਹਾਂ ਨੇ ਆਪਣੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਕੱਖ ਨਹੀਂ ਕੀਤਾ ਸੀ।"

ਕਾਂਗਰਸ ਪਾਰਟੀ ਦੇ 2017 ਦੇ ਚੋਣ ਮਨੋਰਥ ਪੱਤਰ ਨੂੰ ਸਦਨ 'ਚ ਵਿਖਾਉਂਦਿਆਂ ਅਮਨ ਅਰੋੜਾ ਨੇ ਕਾਂਗਰਸੀ ਆਗੂਆਂ ਨੂੰ ਚੁਣੌਤੀ ਦਿੱਤੀ ਕਿ ਉਹ ਇਸ ਵਿੱਚੋਂ ਆਪਣੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਪੂਰੇ ਕੀਤੇ ਕਿਸੇ ਵਾਅਦਿਆਂ ਬਾਰੇ ਦੱਸਣ। ਉਨ੍ਹਾਂ ਕਾਂਗਰਸ ਦੀ 'ਘਰ-ਘਰ ਰੁਜ਼ਗਾਰ' ਯੋਜਨਾ ਅਤੇ ਹਰ ਬੇਰੁਜ਼ਗਾਰ ਨੌਜਵਾਨ ਨੂੰ 2,500 ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣ ਦੇ ਵਾਅਦੇ ਨੂੰ ਯਾਦ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜ ਸਾਲਾਂ ਵਿੱਚ ਇਹ ਭੱਤਾ ਪ੍ਰਤੀ ਵਿਅਕਤੀ 1.5 ਲੱਖ ਰੁਪਏ ਬਣ ਗਿਆ ਸੀ। ਕੀ ਤੁਸੀਂ ਮੈਨੂੰ ਪੰਜਾਬ ਵਿੱਚ ਇੱਕ ਵੀ ਅਜਿਹਾ ਨੌਜਵਾਨ ਦਿਖਾ ਸਕਦੇ ਹੋ ਜਿਸਨੂੰ ਤੁਸੀਂ ਇਹ ਭੱਤਾ ਦਿੱਤਾ ਹੋਵੇ? ਉਨ੍ਹਾਂ ਕਿਹਾ ਕਿ ਦੂਜੇ ਪਾਸੇ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਚਾਰ ਸਾਲਾਂ ਦੇ ਕਾਰਜਕਾਲ ਵਿੱਚ ਨੌਜਵਾਨਾਂ ਨੂੰ 63000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਇਸ ਤੋਂ ਬਾਅਦ ਕੈਬਨਿਟ ਮੰਤਰੀ ਨੇ ਸਿਹਤ ਸੰਭਾਲ ਬਾਰੇ ਗੱਲ ਕਰਦਿਆਂ, ਕਾਂਗਰਸ ਨੂੰ ਮੁਹੱਲਾ ਕਲੀਨਿਕ ਸਥਾਪਤ ਕਰਨ ਦੇ ਆਪਣੇ ਵਾਅਦੇ ਦਾ ਚੇਤਾ ਕਰਵਾਇਆ। ਉਨ੍ਹਾਂ ਕਿਹਾ, ਤੁਸੀਂ ਅਰਵਿੰਦ ਕੇਜਰੀਵਾਲ ਦੇ ਦਿੱਲੀ ਮਾਡਲ ਦੀ ਨਕਲ ਕੀਤੀ ਅਤੇ ਹਰ 1,000 ਲੋਕਾਂ ਲਈ ਇੱਕ ਕਲੀਨਿਕ ਦਾ ਵਾਅਦਾ ਕੀਤਾ ਪਰ ਤੁਸੀਂ ਇੱਕ ਵੀ ਨਹੀਂ ਬਣਾ ਸਕੇ। ਇਸ ਦੇ ਉਲਟ, ਸਾਡੀ ਸਰਕਾਰ ਨੇ ਅਜਿਹੇ 881 ਕਲੀਨਿਕ ਸਥਾਪਤ ਕੀਤੇ ਹਨ ਅਤੇ 240 ਹੋਰ ਸਥਾਪਤ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ।

ਖੇਡਾਂ ਦੇ ਬੁਨਿਆਦੀ ਢਾਂਚੇ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਪਿਛਲੀ ਸਰਕਾਰ ਖੇਡਾਂ ਦੇ ਖੇਤਰ ਵਿੱਚ ਪੂਰੀ ਤਰ੍ਹਾਂ ਅਸਫਲ ਰਹੀਆਂ। ਉਨ੍ਹਾਂ ਕਿਹਾ, "ਤੁਸੀਂ ਹਰ ਪਿੰਡ ਵਿੱਚ ਇੱਕ ਖੇਡ ਕੰਪਲੈਕਸ ਦਾ ਵਾਅਦਾ ਕੀਤਾ ਸੀ ਪਰ ਤੁਸੀਂ ਕੋਈ ਨਹੀਂ ਬਣਾਇਆ। ਸਾਡੀ ਸਰਕਾਰ ਵੱਲੋਂ 3,100 ਖੇਡ ਮੈਦਾਨ ਬਣਾਏ ਗਏ ਹਨ ਅਤੇ ਇਸ ਬਜਟ ਵਿੱਚ 6,000 ਹੋਰ ਖੇਡ ਬਣਾਉਣ ਦੀ ਯੋਜਨਾ ਉਲੀਕੀ ਗਈ ਹੈ।

ਅਮਨ ਅਰੋੜਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਆਪ' ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ, ਜਿਸ ਵਿੱਚ ਹਰ ਘਰ ਨੂੰ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਵਿਵਸਥਾ, ਕਿਸਾਨਾਂ ਲਈ ਸਸਤੀ ਬਿਜਲੀ ਯਕੀਨੀ ਬਣਾਉਣ ਲਈ ਜੀਵੀਕੇ ਪਾਵਰ ਪਲਾਂਟ ਖਰੀਦਣਾ ਅਤੇ ਹਜ਼ਾਰਾਂ ਕਿਲੋਮੀਟਰ ਸੜਕਾਂ ਦਾ ਨਿਰਮਾਣ ਅਤੇ ਸਿੱਖਿਆ ਕ੍ਰਾਂਤੀ ਸ਼ਾਮਲ ਹੈ। ਸੂਬੇ 'ਚ 1.5 ਲੱਖ ਕਰੋੜ ਰੁਪਏ ਦੇ ਨਵੇਂ ਨਿਵੇਸ਼ ਦਾ ਜ਼ਿਕਰ ਕਰਦਿਆਂ, ਉਨ੍ਹਾਂ ਕਿਹਾ ਕਿ ਇਸ ਨਿਵੇਸ਼ ਨਾਲ ਪੰਜ ਲੱਖ ਨੌਕਰੀਆਂ ਪੈਦਾ ਹੋਣਗੀਆਂ। ਮੰਤਰੀ ਨੇ ਕਿਹਾ, ਇੱਕ ਨਵਾਂ ਪੰਜਾਬ ਸਿਰਜਿਆ ਜਾ ਰਿਹਾ ਹੈ ਜਿਸ ਦਾ ਸਿਹਰਾ ਨਸ਼ਿਆਂ ਅਤੇ ਅਪਰਾਧ ਵਿਰੁੱਧ ਲੜਾਈ ਸਬੰਧੀ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਯਤਨਾਂ ਨੂੰ ਜਾਂਦਾ ਹੈ। ਇਹ ਹੀ ਅਸਲ ਵਿਕਾਸ ਹੈ ਜਿਸ ਬਾਰੇ ਰਾਜਪਾਲ ਗੱਲ ਕਰਨਾ ਚਾਹੁੰਦੇ ਸਨ। ਪਰ ਕਾਂਗਰਸ ਪੰਜਾਬ ਦੀ ਤਰੱਕੀ ਨੂੰ ਹਜ਼ਮ ਨਹੀਂ ਕਰ ਸਕਦੀ। ਇਹ ਸਪੱਸ਼ਟ ਹੈ ਕਿ ਕਾਂਗਰਸ ਪਾਰਟੀ ਮਾਨਸਿਕ, ਰਾਜਨੀਤਿਕ ਅਤੇ ਸਮਾਜਿਕ ਤੌਰ 'ਤੇ ਦੀਵਾਲੀਆ ਹੋ ਚੁੱਕੀ ਹੈ। ਉਨ੍ਹਾਂ ਦਾ ਅਸਲੀ ਚਿਹਰਾ ਹੁਣ ਪੰਜਾਬ ਦੇ ਲੋਕਾਂ ਸਾਹਮਣੇ ਬੇਨਕਾਬ ਹੋ ਗਿਆ ਹੈ।



ਕਾਂਗਰਸੀ ਆਗੂਆਂ 'ਤੇ ਮੁੜ ਨਿਸ਼ਾਨਾ ਸਾਧਦਿਆਂ, ਅਰੋੜਾ ਨੇ ਉਨ੍ਹਾਂ ਨੂੰ ਆਪਣੀ ਪਾਰਟੀ ਦੇ ਨੇਤਾ ਰਾਹੁਲ ਗਾਂਧੀ ਦੇ ਹੱਥੋਂ ਹੋਏ ਕਥਿਤ ਅਪਮਾਨ ਦੀ ਯਾਦ ਦਿਵਾਈ। ਉਨ੍ਹਾਂ ਨੇ ਤੁਹਾਨੂੰ ਪਾਰਟੀ ਤੋਂ ਕੱਢਣ ਦੀ ਧਮਕੀ ਦਿੱਤੀ, ਫਿਰ ਵੀ ਤੁਸੀਂ ਸਿਰ ਝੁਕਾ ਕੇ ਬੈਠੇ ਰਹੇ। ਤੁਹਾਨੂੰ ਉਸੇ ਦਿਨ ਅਸਤੀਫਾ ਦੇ ਦੇਣਾ ਚਾਹੀਦਾ ਸੀ।

# ਅੰਮ੍ਰਿਤਸਰ ਵਿੱਚ 9 ਕਿਲੋ ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਕਾਬੂ

ਅੰਮ੍ਰਿਤਸਰ
ਧੈਰਿਆ ਮਹਿਰਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਸਰਹੱਦ ਪਾਰੋਂ ਚੱਲ ਰਹੀ ਨਸ਼ਾ ਤਸਕਰੀ ਵਿਰੁੱਧ ਵੱਡੀ ਸਫਲਤਾ ਹਾਸਲ ਕਰਦਿਆਂ, ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਇੱਕ ਨਸ਼ਾ ਤਸਕਰ ਨੂੰ 9 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਰਣਜੀਤ ਸਿੰਘ ਉਰਫ਼ ਰਾਣਾ ਵਾਸੀ ਪਿੰਡ ਗਿੱਲਾਂ ਵਾਲੀ, ਅੰਮ੍ਰਿਤਸਰ ਵਜੋਂ ਹੋਈ ਹੈ। ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਖੇਪ ਲਿਜਾਣ ਲਈ ਵਰਤੇ ਜਾ ਰਹੇ ਉਸਦੇ ਹੀਰੋ ਡੀਲਕਸ ਮੋਟਰਸਾਈਕਲ (ਪੀਬੀ 14 ਡੀਓ 554) ਨੂੰ ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਸੰਪਰਕ ਵਿੱਚ ਸੀ ਅਤੇ ਆਪਣੇ ਹੋਰ ਸਾਥੀਆਂ




ਦੀ ਮਦਦ ਨਾਲ ਅੰਮ੍ਰਿਤਸਰ ਦੇ ਪਿੰਡ ਘੋਨੇਵਾਲਾ ਦੇ ਇਲਾਕੇ ਤੋਂ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਹੈਰੋਇਨ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਡੀਜੀਪੀ ਨੇ ਦੱਸਿਆ ਕਿ ਪੁਲਿਸ ਨੂੰ ਭਰੋਸੇਯੋਗ ਜਾਣਕਾਰੀ ਮਿਲੀ ਸੀ ਕਿ ਸ਼ੱਕੀ ਰਣਜੀਤ ਨੇ ਹੈਰੋਇਨ ਦੀ ਇੱਕ ਖੇਪ ਪ੍ਰਾਪਤ ਕੀਤੀ ਹੈ ਅਤੇ ਉਹ ਇਸ ਖੇਪ ਨੂੰ ਅੰਮ੍ਰਿਤਸਰ-ਰਾਮਦਾਸ ਰੋਡ ਦੇ ਨੇੜੇ ਅੱਡਾ ਪਿੰਡ ਅਨੀਅਤਪੁਰਾ ਨਜਦੀਕ ਕਿਸੇ ਸਥਾਨ 'ਤੇ ਕਿਸੇ ਵਿਅਕਤੀ ਨੂੰ ਡਿਲੀਵਰ ਕਰਨ ਜਾ ਰਿਹਾ ਹੈ। ਇਸ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਇਸ ਇਲਾਕੇ ਦੇ ਆਲੇ-ਦੁਆਲੇ ਨਾਕੇ ਲਗਾਏ ਅਤੇ ਦੋਸ਼ੀ ਨੂੰ 9 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕਰ ਲਿਆ।

ਉਨ੍ਹਾਂ ਕਿਹਾ ਕਿ ਇਸ ਨਸ਼ਾ ਤਸਕਰੀ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ ਅਤੇ ਹੋਰ ਗ੍ਰਿਫ਼ਤਾਰੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧੀ, ਐਫਆਈਆਰ ਨੰਬਰ 15 ਮਿਤੀ 09.03.2026 ਨੂੰ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਦਰਜ ਕੀਤੀ ਗਈ ਹੈ।

# ਗੈਂਗਸਟਰ ਗੋਲਡੀ ਬਰਾੜ ਦੀ ਮਾਤਾ ਨੂੰ ਮਿਲੀ ਜ਼ਮਾਨਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਗੋਲਡੀ ਬਰਾੜ ਦੀ ਮਾਤਾ ਪ੍ਰੀਤਪਾਲ ਕੌਰ ਨੂੰ ਜ਼ਮਾਨਤ ਮਿਲ ਗਈ ਹੈ। ਦੱਸ ਦਈਏ ਕਿ ਗੋਲਡੀ ਬਰਾੜ ਦੇ ਪਿਤਾ ਸ਼ਮਸ਼ੇਰ ਸਿੰਘ ਤੇ ਮਾਤਾ ਪ੍ਰਿਤਪਾਲ ਕੌਰ 'ਤੇ ਫਿਰੌਤੀ ਦੇ ਦੋਸ਼ ਲੱਗੇ ਸਨ ਤੇ ਮਾਮਲਾ ਦਰਜ ਹੋਇਆ ਸੀ। ਜ਼ਿਲ੍ਹਾ ਤੇ ਸੈਸ਼ਨਜ ਜੱਜ ਰਾਜ ਕੁਮਾਰ ਦੀ ਅਦਾਲਤ ਨੇ ਗੈਂਗਸਟਰ ਗੋਲਡੀ ਬਰਾੜ ਦੀ ਮਾਤਾ ਪ੍ਰੀਤਪਾਲ ਕੌਰ ਦੀ 50 ਲੱਖ ਰੁਪਏ ਰੰਗਸਾਜ਼ੀ ਮੰਗਣ ਦੇ ਇਕ ਕੇਸ 'ਚੋਂ ਪੱਕੀ ਜ਼ਮਾਨਤ 'ਤੇ ਰਿਹਾਅ ਕਰਨ ਦੇ ਹੁਕਮ ਦੇ ਦਿੱਤੇ ਹਨ।

ਪ੍ਰੀਤਪਾਲ ਕੌਰ ਅਤੇ ਉਸ ਦਾ ਪਤੀ ਸ਼ਮਸ਼ੇਰ ਸਿੰਘ 26 ਜਨਵਰੀ 2026 ਤੋਂ ਜੇਲ੍ਹ 'ਚ ਬੰਦ ਸਨ। ਇਹ ਮਾਮਲਾ 50 ਲੱਖ ਰੁਪਏ ਦੀ ਫਿਰੌਤੀ ਦਾ ਸੀ। ਪ੍ਰਾਪਤ ਜਾਣਕਾਰੀ ਅਨੁਸਾਰ 3 ਦਸੰਬਰ 2024 ਨੂੰ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿੱਚ ਲਾਗਲੇ ਪਿੰਡ ਦੇ ਇੱਕ ਅਧਿਆਪਕ ਨੇ ਕੇਸ ਦਰਜ ਕਰਵਾਇਆ ਸੀ ਕਿ ਉਸ ਨੂੰ ਵਿਦੇਸ਼ੀ ਨੰਬਰ ਤੋਂ 50 ਲੱਖ ਰੁਪਏ ਦੀ ਫ਼ਿਰੌਤੀ ਲਈ ਤਿੰਨ ਵਾਰ ਧਮਕੀ ਆਈ ਹੈ। ਜਿਸ ਤੋਂ ਬਾਅਦ ਮੁਕੱਦਮਾ ਕੀਤਾ ਗਿਆ ਤੇ ਇਸ ਵਿਚ ਗੋਲਡੀ ਬਰਾੜ ਦੇ ਪਿਤਾ ਸ਼ਮਸ਼ੇਰ ਸਿੰਘ ਤੇ ਮਾਤਾ ਪ੍ਰੀਤਪਾਲ ਕੌਰ ਨੂੰ ਨਾਮਜ਼ਦ ਕੀਤਾ ਗਿਆ ਸੀ ਤੇ ਰਿਮਾਂਡ ਤੋਂ ਬਾਅਦ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਦੇ ਵਿਚ ਭੇਜਿਆ ਗਿਆ ਸੀ। ਪਿਛਲੇ ਦਿਨੀਂ ਪ੍ਰੀਤਪਾਲ ਕੌਰ ਵਲੋਂ ਜ਼ਮਾਨਤ ਅਰਜ਼ੀ ਲਗਾਈ ਗਈ ਸੀ ਤੇ ਇਹ ਅਰਜ਼ੀ ਖਾਰਜ ਕਰ ਦਿੱਤੀ ਗਈ ਤੇ ਮੁੜ ਅਰਜ਼ੀ ਲਗਾਉਣ ਤੋਂ ਬਾਅਦ ਪ੍ਰੀਤਪਾਲ ਕੌਰ ਨੂੰ ਜ਼ਮਾਨਤ ਦੇ ਦਿੱਤੀ ਗਈ ਹੈ।




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੌਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਭਾਰਤ ਡਿਜੀਟਲ ਸਿਹਤ ਬੁਨਿਆਦੀ ਢਾਂਚੇ ਦਾ ਕਰ ਰਿਹਾ ਹੈ ਵਿਸਥਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਕੇਂਦਰੀ ਸਿਹਤ ਰਾਜ ਮੰਤਰੀ ਅਤੇ ਆਯੁਸ਼ ਮੰਤਰੀ ਪ੍ਰਤਾਪਰਾਓ ਜਾਧਵ ਨੇ ਸੋਮਵਾਰ ਨੂੰ ਕਿਹਾ ਸਰਕਾਰ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਦੇ ਤਹਿਤ ਡਿਜੀਟਲ ਸਿਹਤ ਬੁਨਿਆਦੀ ਢਾਂਚੇ ਦਾ ਵਿਸਥਾਰ ਕਰ ਰਹੀ ਹੈ, ਸਿਹਤ ਅਤੇ ਤੰਦਰੁਸਤੀ ਕੇਂਦਰਾਂ ਰਾਹੀਂ ਮੁੱਢਲੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ “ਅਸੀਂ ਟੀਕਾਕਰਨ ਯਤਨਾਂ ਦਾ ਵਿਸਤਾਰ ਵੀ ਕਰ ਰਹੇ ਹਾਂ, ਨਵੇਂ ਟੀਕੇ ਪੇਸ਼ ਕਰ ਰਹੇ ਹਾਂ, ਅਤੇ ਬਿਮਾਰੀ ਨਿਗਰਾਨੀ ਪ੍ਰਣਾਲੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਰਹੇ ਹਾਂ।”

ਇੱਥੇ ਰਾਸ਼ਟਰੀ ਸਿਹਤ ਅਤੇ ਪਰਿਵਾਰ ਭਲਾਈ ਸੰਸਥਾ ਦੁਆਰਾ ਇੱਕ ਸਮਾਗਮ ਵਿੱਚ ਇਕੱਠ ਨੂੰ ਸੰਬੋਧਨ ਕਰਦੇ ਹੋਏ, ਮੰਤਰੀ ਨੇ ਜਨਤਕ ਸਿਹਤ ਸੰਸਥਾਵਾਂ ਨੂੰ ਮਜ਼ਬੂਤ ਕਰਨ ਦੀ ਮਹੱਤਤਾ ‘ਤੇ ਜ਼ੋਰ ਦਿੱਤਾ ਅਤੇ ਹੁਨਰਮੰਦ ਸਿਹਤ ਪੇਸ਼ੇਵਰਾਂ ਦੇ ਨਿਰਮਾਣ ਅਤੇ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਦਾ ਸਮਰਥਨ ਕਰਨ ਵਿੱਚ ਰਾਸ਼ਟਰੀ ਸਿਹਤ ਅਤੇ ਪਰਿਵਾਰ ਭਲਾਈ ਸੰਸਥਾ ਦੀ ਭੂਮਿਕਾ ਨੂੰ ਉਜਾਗਰ ਕੀਤਾ।




ਸਿਹਤ ਸੇਵਾਵਾਂ ਦੀ ਡਾਇਰੈਕਟਰ ਜਨਰਲ ਡਾ. ਸੁਨੀਤਾ ਸ਼ਰਮਾ ਨੇ ਸਰਕਾਰ ਲਈ ਜਨਤਕ ਸਿਹਤ ਖੋਜ, ਸਿਖਲਾਈ ਅਤੇ ਨੀਤੀ ਸਹਾਇਤਾ ਵਿੱਚ ਸੰਸਥਾ ਦੇ ਨਿਰੰਤਰ ਯੋਗਦਾਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਸੰਸਥਾ ਨੇ ਭਾਰਤ ਦੇ ਸਿਹਤ ਕਰਮਚਾਰੀਆਂ ਦੀ ਸਮਰੱਥਾ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

ਆਪਣੇ ਸੰਬੋਧਨ ਵਿੱਚ,ਰਾਸ਼ਟਰੀ ਸਿਹਤ ਅਤੇ ਪਰਿਵਾਰ ਭਲਾਈ ਸੰਸਥਾ ਦੇ ਡਾਇਰੈਕਟਰ ਡਾ. ਸੁਨੀਲ ਵਿਲਾਸਰਾਓ ਗਿੱਟੇ ਨੇ ਪਿਛਲੇ ਸਾਲ ਦੌਰਾਨ ਸੰਸਥਾ ਦੀਆਂ ਮੁੱਖ ਪ੍ਰਾਪਤੀਆਂ ‘ਤੇ ਚਾਨਣਾ ਪਾਇਆ, ਜਿਸ ਵਿੱਚ ਜਨਤਕ ਸਿਹਤ ਸਿਖਲਾਈ, ਖੋਜ ਪਹਿਲਕਦਮੀਆਂ ਅਤੇ ਦੇਸ਼ ਦੇ ਸਿਹਤ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਹਿਯੋਗ ਸ਼ਾਮਲ ਹਨ।

ਇਸ ਸਮਾਗਮ ਦੌਰਾਨ, ਸੰਸਥਾ ਦੇ ਸਾਲਾਨਾ ਪ੍ਰਕਾਸ਼ਨ, “ਧਰਨਾ”,ਐਚਪੀਪੀਆਈ ਜਰਨਲ, ਅਤੇ “ਪ੍ਰਾਸਪੈਕਟਸ ਆਫ਼ ਪਲੇਸਮੈਂਟ ਸੈੱਲ”, ਨੂੰ ਪਤਵੰਤਿਆਂ ਦੁਆਰਾ ਰਸਮੀ ਤੌਰ ‘ਤੇ ਜਾਰੀ ਕੀਤਾ ਗਿਆ।

ਮੰਤਰਾਲੇ ਦੇ ਅਨੁਸਾਰ, ਸ਼ਾਨਦਾਰ ਕਰਮਚਾਰੀਆਂ, ਵਿਦਿਆਰਥੀਆਂ ਅਤੇ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਸਮਰਪਣ ਅਤੇ ਉੱਤਮਤਾ ਦੇ ਸਨਮਾਨ ਵਿੱਚ ਪੁਰਸਕਾਰ ਵੀ ਪ੍ਰਦਾਨ ਕੀਤੇ ਗਏ। ਜਸ਼ਨ ਵਿੱਚ ਵਿਦਿਆਰਥੀਆਂ ਦੁਆਰਾ ਸੱਭਿਆਚਾਰਕ ਪ੍ਰਦਰਸ਼ਨ ਵੀ ਪੇਸ਼ ਕੀਤੇ ਗਏ, ਜੋ ਸੰਸਥਾ ਦੇ ਜੀਵੰਤ ਅਕਾਦਮਿਕ ਵਾਤਾਵਰਣ ਨੂੰ ਦਰਸਾਉਂਦੇ ਹਨ।

ਮੰਤਰਾਲੇ ਨੇ ਕਿਹਾ ਸਾਲਾਨਾ ਦਿਵਸ ਸਮਾਰੋਹ ਨੇ ਦੇਸ਼ ਭਰ ਵਿੱਚ ਸਿਹਤ ਸੰਭਾਲ ਸਪੁਰਦਗੀ ਅਤੇ ਆਬਾਦੀ ਸਿਹਤ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਜਨਤਕ ਸਿਹਤ ਸਿੱਖਿਆ, ਖੋਜ ਅਤੇ ਨੀਤੀ ਸਹਾਇਤਾ ਨੂੰ ਅੱਗੇ ਵਧਾਉਣ ਲਈ ਰਾਸ਼ਟਰੀ ਸਿਹਤ ਅਤੇ ਪਰਿਵਾਰ ਭਲਾਈ ਸੰਸਥਾ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਸੰਸਥਾ ਦੇ ਡੀਨ, ਪ੍ਰੋਫੈਸਰ ਵੀ.ਕੇ. ਤਿਵਾੜੀ ਨੇ ਸਾਰੇ ਵਿਸ਼ੇਸ਼ ਮਹਿਮਾਨਾਂ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ।

# ਪੰਜਾਬ ਪੁਲਿਸ ਨੇ ਨਸ਼ਾ ਤਸਕਰੀ ਵਿਰੁੱਧ ਵਿੱਤੀ ਕਾਰਵਾਈਆਂ ਕੀਤੀਆਂ ਤੇਜ਼: ਪਿਛਲੇ 2 ਸਾਲਾਂ ਵਿੱਚ ਨਸ਼ਾ ਤਸਕਰਾਂ ਦੀਆਂ 600 ਕਰੋੜ ਰੁਪਏ ਤੋਂ ਵੱਧ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਕੀਤੀਆਂ ਫ੍ਰੀਜ਼

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚ ਨਸ਼ਿਆਂ ਦੇ ਕਾਰੋਬਾਰ ਦੇ ਵਿੱਤੀ ਢਾਂਚੇ ਦੀ ਰੀੜ੍ਹ ਦੀ ਹੱਡੀ ਨੂੰ ਤੋੜਨ ਦੀ ਦਿਸ਼ਾ ਵੱਲ ਫੈਸਲਾਕੁੰਨ ਕਦਮ ਤਹਿਤ, ਪੰਜਾਬ ਪੁਲਿਸ ਨੇ ਪਿਛਲੇ ਦੋ ਸਾਲਾਂ ਵਿੱਚ ਨਸ਼ਾ ਤਸਕਰਾਂ ਨਾਲ ਜੁੜੀਆਂ 600 ਕਰੋੜ ਰੁਪਏ ਤੋਂ ਵੱਧ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਫ੍ਰੀਜ ਕੀਤਾ ਹੈ, ਜੋ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਵਿੱਤੀ ਢਾਂਚੇ ਵਿਰੁੱਧ ਚੱਲ ਰਹੀ ਕਾਰਵਾਈ ਵਿੱਚ ਇੱਕ ਵੱਡਾ ਮੀਲ ਪੱਥਰ ਹੈ। ਦੱਸਣਯੋਗ ਹੈ ਕਿ ਦੇਸ਼ ਭਰ ਵਿੱਚ ਨਸ਼ੀਲੇ ਪਦਾਰਥਾਂ ਦੇ ਮਾਮਲਿਆਂ ਵਿੱਚ ਸਾਲ 2024 ਦੌਰਾਨ ਫ੍ਰੀਜ ਕੀਤੀਆਂ ਗਈਆਂ ਸਾਰੀਆਂ ਜਾਇਦਾਦਾਂ ਵਿੱਚੋਂ 50 ਫ਼ੀਸਦ ਪੰਜਾਬ ਪੁਲਿਸ ਵੱਲੋਂ ਫ੍ਰੀਜ ਕੀਤਾ ਗਿਆ ਸੀ।

ਇਹ ਰਣਨੀਤੀ ਲਾਗੂਕਰਨ ਵੱਲ ਸਰਕਾਰ ਦੀ ਤਰਜੀਹ ਨੂੰ ਦਰਸਾਉਂਦੀ ਹੈ ਜਿਸ ਵਿੱਚ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਨਸ਼ੀਲੇ ਪਦਾਰਥਾਂ ਨੂੰ ਜ਼ਬਤ ਕਰਨ ਤੋਂ ਲੈ ਕੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਰਾਹੀਂ ਬਣਾਈ ਗੈਰ-ਕਾਨੂੰਨੀ ਜਾਇਦਾਦ ਨੂੰ ਯੋਜਨਾਬੱਧ ਢੰਗ ਨਾਲ ਨਿਸ਼ਾਨਾ ਬਣਾਉਣਾ ਸ਼ਾਮਲ ਹੈ। ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਨਿਸ਼ਾਨਾ ਬਣਾਉਣ ਪਿੱਛੇ, ਜਿਨ੍ਹਾਂ ਨਾਲ ਤਸਕਰਾਂ ਨੂੰ ਸਭ ਤੋਂ ਵੱਧ ਨੁਕਸਾਨ ਹੁੰਦਾ ਹੈ, ਪੰਜਾਬ ਪੁਲਿਸ ਦਾ ਉਦੇਸ਼ ਨਸ਼ੀਲੇ ਪਦਾਰਥਾਂ ਦੇ ਕਾਰੋਬਾਰ ਦੇ ਅਧਾਰ ਇਸ ਦੇ ਆਰਥਿਕ ਢਾਂਚੇ ਨੂੰ ਤਬਾਹ ਕਰਨਾ ਹੈ।

ਹਾਲ ਹੀ ਦੇ ਸਾਲਾਂ ਵਿੱਚ ਜਾਇਦਾਦ ਨੂੰ ਫ੍ਰੀਜ ਕਰਨ ਦੀ ਗਤੀ ਵਿੱਚ ਕਾਫ਼ੀ ਤੇਜ਼ੀ ਆਈ ਹੈ। 2024 ਵਿੱਚ ਲਗਭਗ 330 ਕਰੋੜ ਰੁਪਏ ਦੀਆਂ ਜਾਇਦਾਦਾਂ ਨੂੰ ਫ੍ਰੀਜ ਕੀਤਾ ਗਿਆ ਸੀ, ਜਦੋਂ ਕਿ 2025 ਵਿੱਚ ਲਗਭਗ 270 ਕਰੋੜ ਰੁਪਏ ਦੀਆਂ ਜਾਇਦਾਦਾਂ ਨੂੰ ਫ੍ਰੀਜ ਕੀਤਾ ਗਿਆ ਸੀ। ਮਹੱਤਵਪੂਰਨ ਗੱਲ ਇਹ ਹੈ ਕਿ ਪਿਛਲੇ ਦੋ ਸਾਲਾਂ ਵਿੱਚ ਹੀ ਨਸ਼ਾ ਤਸਕਰਾਂ ਦੀਆਂ 600 ਕਰੋੜ ਰੁਪਏ ਤੋਂ ਵੱਧ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ਨੂੰ ਫ੍ਰੀਜ ਕੀਤਾ ਗਿਆ ਹੈ, ਜੋ ਕਿ 2017 ਤੋਂ ਬਾਅਦ ਫ੍ਰੀਜ ਕੀਤੀਆਂ ਲਗਭਗ 1,000 ਕਰੋੜ ਰੁਪਏ ਦੀਆਂ ਜਾਇਦਾਦਾਂ ਦੇ ਅੱਧ ਤੋਂ ਵੀ ਵੱਧ ਹੈ। ਇਹ ਗਤੀ ਨਸ਼ਿਆਂ ਦੇ ਕਾਰੋਬਾਰ ਦੀ ਵਿੱਤੀ ਨੀਂਹ ਨੂੰ ਤਬਾਹ ਕਰਨ ਲਈ ਤੇਜ਼ ਕੀਤੇ ਗਏ ਯਤਨਾਂ ਨੂੰ ਉਜਾਗਰ ਕਰਦੀ ਹੈ।

ਪੰਜਾਬ ਪੁਲਿਸ ਹੁਣ ਨਿਯਮਿਤ ਤੌਰ ‘ਤੇ ਜਾਇਦਾਦਾਂ, ਬੈਂਕ ਖਾਤਿਆਂ, ਸ਼ੈੱਲ ਕੰਪਨੀਆਂ, ਬੇਨਾਮੀ ਹੋਲਡਿੰਗਜ਼ ਅਤੇ ਲਗਜ਼ਰੀ ਸੰਪਤੀ ਦੀ ਜਾਂਚ ਰਾਹੀਂ ਨਸ਼ਿਆਂ ਦੇ ਕਾਰੋਬਾਰ ਦੀ ਕਮਾਈ ਨੂੰ ਟਰੈਕ ਕਰ ਰਹੀ ਹੈ। ਕਾਨੂੰਨ ਦੇ ਸਬੰਧਿਤ ਉਪਬੰਧਾਂ ਤਹਿਤ ਰਿਹਾਇਸ਼ੀ ਮਕਾਨ, ਵਪਾਰਕ ਅਦਾਰੇ, ਖੇਤੀਬਾੜੀ ਜ਼ਮੀਨ ਅਤੇ ਮਹਿੰਗੇ ਵਾਹਨ ਜੋ ਗੈਰ-ਕਾਨੂੰਨੀ ਤੌਰ ‘ਤੇ ਹਾਸਲ ਕੀਤੇ ਗਏ ਹਨ, ਦੀ ਪਛਾਣ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਫ੍ਰੀਜ਼ ਕੀਤਾ ਜਾਂਦਾ ਹੈ।

ਇਹ ਕਾਰਵਾਈ ਪੰਜਾਬ ਸਰਕਾਰ ਦੀ “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਦਾ ਇੱਕ ਅਹਿਮ ਥੰਮ੍ਹ ਹੈ, ਜਿਸਦਾ ਉਦੇਸ਼ ਲਾਗੂਕਰਨ, ਰੋਕਥਾਮ ਅਤੇ ਮੁੜ ਵਸੇਬੇ ਰਾਹੀਂ ਨਸ਼ੀਲੇ ਪਦਾਰਥਾਂ ਦੇ ਖ਼ਤਰੇ ਨਾਲ ਨਜਿੱਠਣਾ ਹੈ। ਇਸ ਮੁਹਿੰਮ ਦੇ ਤਹਿਤ, ਪੰਜਾਬ ਪੁਲਿਸ ਨੇ ਨਸ਼ਿਆਂ ਦੇ ਕਾਰੋਬਾਰ ਨੂੰ ਚਲਾਉਣ ਵਾਲੇ ਨੈਟਵਰਕਾਂ ਨੂੰ ਖਤਮ ਕਰਨ ਲਈ ਖੁਫੀਆ ਜਾਣਕਾਰੀ ਅਧਾਰਤ ਕਾਰਵਾਈਆਂ ਅਤੇ ਵਿੱਤੀ ਜਾਂਚਾਂ ਨੂੰ ਤੇਜ਼ ਕਰ ਦਿੱਤਾ ਹੈ।

ਪੰਜਾਬ ਪੁਲਿਸ ਦੇ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ ‘ਤੇ ਕਾਰਵਾਈ ਇੱਕ ਸੋਚੀ ਸਮਝੀ ਰਣਨੀਤੀ ਤਹਿਤ ਕੀਤੀ ਗਈ ਹੈ ਜਿਸਦਾ ਉਦੇਸ਼ ਨਸ਼ਿਆਂ ਦੇ ਕਾਰੋਬਾਰ ਦਾ ਅਧਾਰ ਬਣੇ ਵਿੱਤੀ ਢਾਂਚੇ ਨੂੰ ਖਤਮ ਕਰਨਾ ਹੈ। ਉਨ੍ਹਾਂ ਕਿਹਾ, “ਅਸੀਂ ਭਾਰਤ ਦੇ ਸਭ ਤੋਂ ਬਿਹਤਰ ਅਤੇ ਵਿੱਤੀ ਢਾਂਚੇ ‘ਤੇ ਕੇਂਦਰਿਤ ਨਸ਼ਾ ਵਿਰੋਧੀ ਲਾਗੂਕਰਨ ਮਾਡਲਾਂ ਵਿੱਚੋਂ ਇੱਕ ਨੂੰ ਅਪਣਾਇਆ ਹੈ। ਅਸੀਂ ਨਾ ਸਿਰਫ਼ ਤਸਕਰਾਂ ਨੂੰ ਫੜ ਰਹੇ ਹਾਂ, ਸਗੋਂ ਨਸ਼ਿਆਂ ਦੇ ਵਿੱਤੀ ਸਾਮਰਾਜ ਨੂੰ ਵੀ ਤਬਾਹ ਕਰ ਰਹੇ ਹਾਂ।

ਨਸ਼ਾ ਤਸਕਰੀ ਗੈਰ-ਕਾਨੂੰਨੀ ਮੁਨਾਫ਼ੇ ਦੇ ਅਧਾਰ ‘ਤੇ ਪੈਰ ਪਸਾਰਦੀ ਹੈ। ਸਾਡੀ ਰਣਨੀਤੀ ਨਸ਼ੀਲੇ ਪਦਾਰਥਾਂ ਦੀ ਕਮਾਈ ਤੋਂ ਬਣਾਈਆਂ ਗਈਆਂ ਜਾਇਦਾਦਾਂ ਨੂੰ ਯੋਜਨਾਬੱਧ ਢੰਗ ਨਾਲ ਨਿਸ਼ਾਨਾ ਬਣਾ ਕੇ ਅਤੇ ਫ੍ਰੀਜ਼ ਕਰਕੇ ਇਸ ਵਿੱਤੀ ਢਾਂਚੇ ਨੂੰ ਤਬਾਹ ਕਰਨਾ ਹੈ। ਜਦੋਂ ਤਸਕਰਾਂ ਨੂੰ ਇਹ ਅਹਿਸਾਸ ਹੁੰਦਾ ਹੈ ਕਿ ਉਨ੍ਹਾਂ ਦੀਆਂ ਜਾਇਦਾਦਾਂ, ਜ਼ਮੀਨਾਂ ਅਤੇ ਦੌਲਤ ਨੂੰ ਜ਼ਬਤ ਕੀਤਾ ਜਾ ਸਕਦਾ ਹੈ ਤਾਂ ਨਸ਼ਿਆਂ ਦੇ ਕਾਰੋਬਾਰ ਦੀ ਆਰਥਿਕ ਨੀਂਹ ਢਹਿਣੀ ਸ਼ੁਰੂ ਹੋ ਜਾਂਦੀ ਹੈ। ਇਸ ਲਈ ਨਸ਼ਾ ਤਸਕਰੀ ਵਿਰੁੱਧ ਆਰਥਿਕ ਕਾਰਵਾਈ ਅਤੇ ਵਿੱਤੀ ਜੰਗ ਪੰਜਾਬ ਪੁਲਿਸ ਦੀ ਨਸ਼ੀਲੇ ਪਦਾਰਥਾਂ ਵਿਰੋਧੀ ਰਣਨੀਤੀ ਦਾ ਇੱਕ ਅਹਿਮ ਥੰਮ੍ਹ ਹੈ।”

ਉਨ੍ਹਾਂ ਕਿਹਾ: “ਸ਼ੁਰੂਆਤੀ ਸਾਲਾਂ ਦੌਰਾਨ, ਜਦੋਂ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾਂਦਾ ਸੀ, ਤਾਂ ਵੀ ਉਨ੍ਹਾਂ ਦੀਆਂ ਜਾਇਦਾਦਾਂ ਅਕਸਰ ਅਣਛੂਹੀਆਂ ਰਹਿੰਦੀਆਂ ਸਨ, ਜਿਸ ਨਾਲ ਨੈੱਟਵਰਕਾਂ ਨੂੰ ਮੁੜ ਸੰਗਠਿਤ ਹੋਣ ਅਤੇ ਸਹਿਯੋਗੀਆਂ ਜਾਂ ਪਰਿਵਾਰਕ ਮੈਂਬਰਾਂ ਰਾਹੀਂ ਕਾਰਵਾਈਆਂ ਜਾਰੀ ਰੱਖਣ ਵਿੱਚ ਮਦਦ ਮਿਲਦੀ ਸੀ। ਅਜਿਹੀਆਂ ਜਾਇਦਾਦਾਂ ਨੂੰ ਫ੍ਰੀਜ਼ ਕਰਕੇ, ਪੰਜਾਬ ਪੁਲਿਸ ਇਹ ਯਕੀਨੀ ਬਣਾ ਰਹੀ ਹੈ ਕਿ ਨਸ਼ਿਆਂ ਦੇ ਕਾਰੋਬਾਰ ਸਬੰਧੀ ਗੈਰ-ਕਾਨੂੰਨੀ ਲਾਭਾਂ ਨੂੰ ਸੁਰੱਖਿਅਤ ਨਹੀਂ ਰੱਖਿਆ ਜਾ ਸਕਦਾ ਅਤੇ ਨਾ ਹੀ ਕਿਸੇ ਹੋਰ ਨੂੰ ਇਹ ਲਾਭ ਦਿੱਤੇ ਜਾ ਸਕਦੇ ਹਨ, ਕਿਉਂਕਿ ਵਿੱਤੀ ਜਾਂਚ ਅਤੇ ਜਾਇਦਾਦਾਂ ਨੂੰ ਜ਼ਬਤ/ਫ੍ਰੀਜ਼ ਕਰਨਾ ਸਾਡੀ ਮੁੱਖ ਰਣਨੀਤੀ ਦਾ ਅਹਿਮ ਹਿੱਸਾ ਹੈ। ਦੇਸ਼ ਵਿੱਚ 2024 ਵਿੱਚ ਨਸ਼ਿਆਂ ਦੇ ਮਾਮਲਿਆਂ ਵਿੱਚ ਫ੍ਰੀਜ਼ ਕੀਤੀਆਂ ਗਈਆਂ ਸਾਰੀਆਂ ਜਾਇਦਾਦਾਂ ਦਾ 50 ਫੀਸਦੀ ਸੂਬੇ ਵੱਲੋਂ ਜ਼ਬਤ ਕੀਤਾ ਗਿਆ ਸੀ।”

ਕਈ ਜ਼ਿਲ੍ਹਿਆਂ ਵਿੱਚ, ਘਰਾਂ ਅਤੇ ਵਪਾਰਕ ਇਮਾਰਤਾਂ ਤੋਂ ਲੈ ਕੇ ਖੇਤੀਬਾੜੀ ਵਾਲੀ ਜ਼ਮੀਨ ਤੱਕ ਦੀਆਂ ਜਾਇਦਾਦਾਂ ਹੁਣ ਫ੍ਰੀਜ਼ ਕੀਤੀਆਂ ਗਈਆਂ ਹਨ, ਜੋ ਇੱਕ ਸਪੱਸ਼ਟ ਸੰਕੇਤ ਦਿੰਦੀਆਂ ਹਨ ਕਿ ਨਸ਼ਿਆਂ ਦੀ ਕਮਾਈ ਨਾਲ ਬਣਾਈ ਸੰਪਤੀ ਕਾਨੂੰਨ ਦੀ ਪਹੁੰਚ ਤੋਂ ਬਾਹਰ ਨਹੀਂ ਰਹੇਗੀ।

ਲਾਗੂਕਰਨ ਤੋਂ ਇਲਾਵਾ, ਇਹ ਕਦਮ ਭਾਈਚਾਰਿਆਂ ਨੂੰ ਵੀ ਇੱਕ ਸਪੱਸ਼ਟ ਸੰਦੇਸ਼ ਦਿੰਦਾ ਹੈ। ਗੈਰ-ਕਾਨੂੰਨੀ ਤੌਰ ‘ਤੇ ਪ੍ਰਾਪਤ ਕੀਤੀ ਦੌਲਤ ਵਿਰੁੱਧ ਪ੍ਰਤੱਖ ਕਾਰਵਾਈ ਇਹ ਦਰਸਾਉਂਦੀ ਹੈ ਕਿ ਨਸ਼ਿਆਂ ਦੇ ਕਾਰੋਬਾਰ ਤੋਂ ਆਸਾਨੀ ਨਾਲ ਕਮਾਈ ਕਰਨ ਦਾ ਯੁੱਗ ਹੁਣ ਖਤਮ ਹੋ ਰਿਹਾ ਹੈ।ਪਿਛਲੇ ਦੋ ਸਾਲਾਂ ਵਿੱਚ ਫ੍ਰੀਜ਼ ਕੀਤੀਆਂ ਜਾਇਦਾਦਾਂ ਦਾ ਅੰਕੜਾ 600 ਕਰੋੜ ਰੁਪਏ ਨੂੰ ਪਾਰ ਕਰ ਗਿਆ ਹੈ। ਇਸ ਸਬੰਧੀ ਪੰਜਾਬ ਪੁਲਿਸ ਦਾ ਕਹਿਣਾ ਹੈ ਕਿ ਇਹ ਯਤਨ ਨਸ਼ਾ ਤਸਕਰੀ ਦੇ ਅਧਾਰ ਆਰਥਿਕ ਨੈੱਟਵਰਕਾਂ ਨੂੰ ਕਮਜ਼ੋਰ ਕਰਨ ਲਈ ਇੱਕ ਨਿਰੰਤਰ ਲੰਬੇ ਸਮੇਂ ਦੀ ਰਣਨੀਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਤਸਕਰਾਂ ਤੋਂ ਉਨ੍ਹਾਂ ਦੀ ਗੈਰ-ਕਾਨੂੰਨੀ ਦੌਲਤ ਖੋਹ ਕੇ, ਸੂਬਾ ਸਰਕਾਰ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧਤ ਰਿਸਕ ਰਿਵਾਰਡ ਕੈਲਕੁਲੇਸ਼ਨ ਨੂੰ ਨਵਾਂ ਰੂਪ ਦੇ ਰਹੀ ਹੈ ਜਿਸ ਨਾਲ ਪਹਿਲਾਂ ਨਸ਼ਿਆਂ ਦਾ ਕਾਰੋਬਾਰ ਆਕਰਸ਼ਕ ਦਿਖਦਾ ਸੀ। ਪੁਲਿਸ ਦਾ ਸੰਦੇਸ਼ ਸਪੱਸ਼ਟ ਹੈ: ਪੰਜਾਬ ਵਿੱਚ ਹੁਣ ਨਸ਼ਿਆਂ ਦੇ ਕਾਰੋਬਾਰ ਨਾਲ ਕਮਾਈ ਆਸਾਨ ਨਹੀਂ।

Space available for Ad
Contact # +1 (209) 303-1260

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS


hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK


**1003 Moffat Blvd, Manteca CA 95336**

# 209-239-1551

Chevron

# TRUCK STOP

OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810
33180 HWY 228 HALSEY, OR 97348

# JK TYRE INC

JKTYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

# S. Singh Cell: (510) 766-9382

## 2955 N. Wilson Way Stockton , CA 95205

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

# To honor the legacy and vision of

# First Founder of Pacific Coast Khalsa Diwan Society Stockton Ca 1912

# ਮਹਾਨ ਗੁਰਮਤਿ ਸਮਾਗਮ



Pacific Coast Khalsa Diwan Society
EST 1912
Gurudwara Sahib Stockton, CA



## March 13, 14 & 15

ਸੰਤ ਤੇਜਾ ਸਿੰਘ ਜੀ

ਸੰਤ ਅਤਰ ਸਿੰਘ
ਮਸਤੂਆਣਾ( ਸੰਗਰੂਰ)

ਗਦਰੀ ਬਾਬਿਆਂ ਦੇ ਇਤਿਹਾਸਕ ਅਸਥਾਨ, ਗੁਰਦੁਆਰਾ ਸਾਹਿਬ ਸਟਾਕਟਨ ਦੇ ਸੰਸਥਾਪਕ ਸੰਤ ਤੇਜਾ ਸਿੰਘ ਜੀ ਅਤੇ ਅਤੇ ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲੇ ਦੀ ਨਿੱਘੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ 13 ,14 ਅਤੇ 15 ਨੂੰ ਗੁਰਦੁਆਰਾ ਸਾਹਿਬ ਸਟਾਕਟਨ ਵਿਖੇ ਹੋਵੇਗਾ ਜੀ। ਆਪ ਜੀ ਸਮੂਹ ਸੰਗਤ ਨੂੰ ਬੇਨਤੀ ਹੈ ਕਿ ਹੁੰਮ-ਹਮਾ ਕੇ ਪਹੁੰਚਣ ਦੀ ਕਿਰਪਾਲਤਾ ਕਰਨੀ। ਐਤਵਾਰ 15 ਮਾਰਚ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਕਥਾ ਕੀਰਤਨ ਦੇ ਦੀਵਾਨ ਸਜਾਏ ਜਾਣਗੇ।

**ਸਮੂਹ ਸੰਗਰੂਰ ਇਲਾਕੇ ਦੀਆਂ ਸੰਗਤਾਂ ਨੂੰ ਪਹੁੰਚਣ ਦੀ ਪੁਰਜ਼ੋਰ ਬੇਨਤੀ ਹੈ ਜੀ।**

ਬੇਨਤੀ ਕਰਤਾ: ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬ ਸਟਾਕਟਨ ਅਤੇ ਸਮੁੱਚੀ ਸੰਗਤ ਸੰਗਰੂਰ ਇਲਾਕਾ

ਵਧੇਰੇ ਜਾਣਕਾਰੀ ਲਈ
ਗਿਆਨੀ ਗੁਰਸੇਵਕ ਸਿੰਘ ਜੀ, ਹੈੱਡ ਗ੍ਰੰਥੀ
ਗੁਰਦੁਆਰਾ ਸਾਹਿਬ ਸਟਾਕਟਨ
+1 (209) 328-9321



ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ

# ਸੂਰਜੀ ਊਰਜਾ ਦਾ ਭਵਿੱਖ

ਸੂਰਜੀ ਊਰਜਾ ਆਧੁਨਿਕ ਸੰਸਾਰ ਵਿੱਚ ਸਾਫ਼ ਅਤੇ ਟਿਕਾਊ ਊਰਜਾ ਦੇ ਸਭ ਤੋਂ ਮਹੱਤਵਪੂਰਨ ਸਰੋਤਾਂ ਵਿੱਚੋਂ ਇੱਕ ਵਜੋਂ ਉਭਰ ਰਹੀ ਹੈ। ਜਿਵੇਂ-ਜਿਵੇਂ ਸੰਸਾਰ ਭਰ ਵਿੱਚ ਊਰਜਾ ਦੀ ਮੰਗ ਲਗਾਤਾਰ ਵਧ ਰਹੀ ਹੈ ਅਤੇ ਮੌਸਮੀ ਤਬਦੀਲੀ ਬਾਰੇ ਚਿੰਤਾਵਾਂ ਵੀ ਤੇਜ਼ ਹੋ ਰਹੀਆਂ ਹਨ, ਵਿਗਿਆਨੀ, ਇੰਜੀਨੀਅਰ ਅਤੇ ਨੀਤੀ ਘਾੜੇ ਸੂਰਜੀ ਊਰਜਾ ਨੂੰ ਇੱਕ ਭਰੋਸੇਯੋਗ ਅਤੇ ਨਵਿਆਉਣਯੋਗ ਊਰਜਾ ਸਰੋਤ ਵਜੋਂ ਖਾਸ ਤਵੱਜੋ ਦੇ ਰਹੇ ਹਨ। ਸੂਰਜੀ ਊਰਜਾ ਦਾ ਭਵਿੱਖ ਤਕਨੀਕੀ ਤਰੱਕੀ, ਵਾਤਾਵਰਣ ਦੀ ਸੁਰੱਖਿਆ ਅਤੇ ਟਿਕਾਊ ਵਿਕਾਸ ਵੱਲ ਵਿਸ਼ਵ ਪੱਧਰੀ ਬਦਲਾਅ ਨਾਲ ਗਹਿਰੇ ਤੌਰ ‘ਤੇ ਜੁੜਿਆ ਹੋਇਆ ਹੈ।

ਸੂਰਜੀ ਊਰਜਾ ਦੀ ਪਰਿਭਾਸ਼ਾ

ਸੂਰਜੀ ਊਰਜਾ ਉਸ ਤਾਪ ਊਰਜਾ ਨੂੰ ਕਿਹਾ ਜਾਂਦਾ ਹੈ ਜੋ ਸੂਰਜ ਵੱਲੋਂ ਨਿਕਲਦੀ ਹੈ ਅਤੇ ਜਿਸਨੂੰ ਬਿਜਲੀ ਜਾਂ ਤਾਪ ਵਰਗੀਆਂ ਲਾਭਦਾਇਕ ਸ਼ਕਲਾਂ ਵਿੱਚ ਬਦਲਿਆ ਜਾ ਸਕਦਾ ਹੈ। ਸੂਰਜ ਆਪਣੇ ਕੇਂਦਰ ਵਿੱਚ ਹੋ ਰਹੀਆਂ ਨਿਊਕਲੀਅਰ ਫਿਊਜ਼ਨ ਕ੍ਰਿਆਵਾਂ ਰਾਹੀਂ ਲਗਾਤਾਰ ਬੇਅੰਤ ਊਰਜਾ ਜਾਰੀ ਕਰਦਾ ਹੈ। ਇਸ ਊਰਜਾ ਦਾ ਸਿਰਫ਼ ਇੱਕ ਛੋਟਾ ਜਿਹਾ ਹਿੱਸਾ ਹੀ ਧਰਤੀ ਤੱਕ ਪਹੁੰਚਦਾ ਹੈ, ਪਰ ਇਹ ਵੀ ਮਨੁੱਖੀ ਊਰਜਾ ਦੀਆਂ ਲੋੜਾਂ ਨੂੰ ਕਈ ਗੁਣਾ ਪੂਰਾ ਕਰਨ ਲਈ ਕਾਫ਼ੀ ਹੈ।

ਸੂਰਜੀ ਊਰਜਾ ਨੂੰ ਆਮ ਤੌਰ ‘ਤੇ ਸੋਲਰ ਪੈਨਲਾਂ ਜਾਂ ਫੋਟੋਵੋਲਟਾਇਕ ਸੈੱਲਾਂ ਦੀ ਮਦਦ ਨਾਲ ਇਕੱਠਾ ਕੀਤਾ ਜਾਂਦਾ ਹੈ। ਇਹ ਸੈੱਲ ਫੋਟੋਵੋਲਟਾਇਕ ਪ੍ਰਭਾਵ ਰਾਹੀਂ ਸੂਰਜ ਦੀ ਰੌਸ਼ਨੀ ਨੂੰ ਸਿੱਧੇ ਬਿਜਲੀ ਵਿੱਚ ਬਦਲ ਦਿੰਦੇ ਹਨ।

ਇਸ ਤੋਂ ਇਲਾਵਾ, ਸੂਰਜੀ ਥਰਮਲ ਪ੍ਰਣਾਲੀਆਂ ਸੂਰਜ ਦੀ ਰੌਸ਼ਨੀ ਨੂੰ ਗਰਮੀ ਵਿੱਚ ਤਬਦੀਲ ਕਰਕੇ ਪਾਣੀ ਗਰਮ ਕਰਨ, ਖਾਣਾ ਪਕਾਉਣ ਅਤੇ ਉਦਯੋਗਿਕ ਕਾਰਜਾਂ ਵਿੱਚ ਵਰਤਦੀਆਂ ਹਨ।

ਸੂਰਜੀ ਊਰਜਾ ਦੀ ਮਹੱਤਤਾ

ਸੂਰਜੀ ਊਰਜਾ ਦੀ ਮਹੱਤਤਾ ਕਈ ਵਿਸ਼ਵ ਪੱਧਰੀ ਚੁਣੌਤੀਆਂ ਦੇ ਕਾਰਨ ਵਧ ਰਹੀ ਹੈ, ਜਿਵੇਂ ਕਿ ਮੌਸਮੀ ਤਬਦੀਲੀ, ਊਰਜਾ ਸੁਰੱਖਿਆ ਅਤੇ ਵਾਤਾਵਰਣ ਪ੍ਰਦੂਸ਼ਣ।

ਨਵਿਆਉਣਯੋਗ ਅਤੇ ਅਮੁੱਕ ਸਰੋਤ

ਕੋਲਾ, ਤੇਲ ਅਤੇ ਕੁਦਰਤੀ ਗੈਸ ਵਰਗੇ ਫ਼ੌਸਿਲ ਇੰਧਨਾਂ ਦੇ ਵਿਰੁੱਧ, ਸੂਰਜੀ ਊਰਜਾ ਨਵਿਆਉਣਯੋਗ ਹੈ। ਸੂਰਜ ਅਜੇ ਅਰਬਾਂ ਸਾਲ ਤੱਕ ਚਮਕਦਾ ਰਹੇਗਾ, ਜਿਸ ਨਾਲ ਇਹ ਸਭ ਤੋਂ ਭਰੋਸੇਯੋਗ ਲੰਬੇ ਸਮੇਂ ਦਾ ਊਰਜਾ ਸਰੋਤ ਬਣਦਾ ਹੈ।

ਵਾਤਾਵਰਣ ਲਈ ਪ੍ਰਦੂਸ਼ਣ ਰਹਿਤ

ਸੂਰਜੀ ਬਿਜਲੀ ਉਤਪਾਦਨ ਦੌਰਾਨ ਹਵਾ ਵਿੱਚ ਹਾਨੀਕਾਰਕ ਗੈਸਾਂ ਬਹੁਤ ਘੱਟ ਨਿਕਲਦੀਆਂ ਹਨ। ਇਸ ਨਾਲ ਗ੍ਰੀਨਹਾਊਸ ਗੈਸਾਂ ਘਟਦੀਆਂ ਹਨ ਜੋ ਗਲੋਬਲ ਵਾਰਮਿੰਗ ਦਾ ਕਾਰਨ ਬਣਦੀਆਂ ਹਨ।

ਊਰਜਾ ਵਿੱਚ ਆਤਮਨਿਰਭਰਤਾ

ਸੂਰਜੀ ਊਰਜਾ ਦੇ ਨਾਲ ਦੇਸ਼ ਨਾ ਨਵਿਆਉਣਯੋਗ ਯੋਗ ਊਰਜਾ ‘ਤੇ ਨਿਰਭਰਤਾ ਘਟਾ ਸਕਦੇ ਹਨ, ਜਿਸ ਨਾਲ ਊਰਜਾ ਸੁਰੱਖਿਆ ਅਤੇ ਆਰਥਿਕ ਸਥਿਰਤਾ ਵਧਦੀ ਹੈ।

ਪੇਂਡੂ ਇਲਾਕਿਆਂ ਵਿੱਚ ਬਿਜਲੀ

ਜਿੱਥੇ ਰਵਾਇਤੀ ਬਿਜਲੀ ਢਾਂਚਾ ਬਣਾਉਣਾ ਮੁਸ਼ਕਲ ਹੁੰਦਾ ਹੈ, ਉਥੇ ਸੂਰਜੀ ਊਰਜਾ ਘਰਾਂ, ਸਕੂਲਾਂ ਅਤੇ ਸਿਹਤ ਕੇਂਦਰਾਂ ਲਈ ਬਿਜਲੀ ਮੁਹੱਈਆ ਕਰ ਸਕਦੀ ਹੈ।

ਆਰਥਿਕ ਮੌਕੇ

ਸੋਲਰ ਉਦਯੋਗ ਨਿਰਮਾਣ, ਸਥਾਪਨਾ, ਰਖ-ਰਖਾਅ ਅਤੇ ਖੋਜ ਖੇਤਰਾਂ ਵਿੱਚ ਨਵੇਂ ਰੋਜ਼ਗਾਰ ਪੈਦਾ ਕਰਦਾ ਹੈ।

ਸੂਰਜੀ ਊਰਜਾ ਦੇ ਫ਼ਾਇਦੇ

ਸੂਰਜੀ ਊਰਜਾ ਕਈ ਲਾਭ ਪ੍ਰਦਾਨ ਕਰਦੀ ਹੈ ਜੋ ਇਸਨੂੰ ਰਵਾਇਤੀ ਊਰਜਾ ਸਰੋਤਾਂ ਨਾਲੋਂ ਵਧੀਆ ਬਣਾਉਂਦੇ ਹਨ।

ਸਾਫ਼ ਊਰਜਾ ਸਰੋਤ – ਬਿਜਲੀ ਉਤਪਾਦਨ ਦੌਰਾਨ ਹਾਨੀਕਾਰਕ ਧੂੰਆ ਜਾਂ ਗੈਸ ਨਹੀਂ ਨਿਕਲਦੀ।

ਨਵਿਆਉਣਯੋਗ ਅਤੇ ਟਿਕਾਊ – ਇਹ ਸੂਰਜ ਦੀ ਰੌਸ਼ਨੀ ‘ਤੇ ਨਿਰਭਰ ਕਰਦੀ ਹੈ ਜੋ ਕੁਦਰਤੀ ਤੌਰ ‘ਤੇ ਮੁੜ ਮਿਲਦੀ ਰਹਿੰਦੀ ਹੈ।

ਘੱਟ ਚਲਾਉਣ ਖਰਚਾ – ਪੈਨਲ ਲੱਗਣ ਤੋਂ ਬਾਅਦ ਬਿਜਲੀ ਬਣਾਉਣ ਦਾ ਖਰਚਾ ਬਹੁਤ ਘੱਟ ਹੋ ਜਾਂਦਾ ਹੈ।

ਛੋਟੇ ਅਤੇ ਵੱਡੇ ਪ੍ਰਣਾਲੀਆਂ ਲਈ ਯੋਗ – ਛੱਤਾਂ, ਖੇਤਾਂ, ਉਦਯੋਗਾਂ ਅਤੇ ਵੱਡੇ ਸੋਲਰ ਪਾਰਕਾਂ ਵਿੱਚ ਲਗ ਸਕਦੀ ਹੈ।

ਬਿਜਲੀ ਦੇ ਬਿਲ ਘਟਾਉਂਦੀ ਹੈ – ਘਰੇਲੂ ਖਪਤਕਾਰਾਂ ਦੇ ਬਿਜਲੀ ਖਰਚੇ ਘਟ ਸਕਦੇ ਹਨ।

ਘੱਟ ਰਖ-ਰਖਾਵ – ਆਮ ਤੌਰ ‘ਤੇ ਸਿਰਫ਼ ਸਫਾਈ ਅਤੇ ਕਦੇ-ਕਦੇ ਜਾਂਚ ਦੀ ਲੋੜ ਹੁੰਦੀ ਹੈ।

ਸੂਰਜੀ ਊਰਜਾ ਦੀਆਂ ਕਮੀਆਂ

ਫਾਇਦਿਆਂ ਦੇ ਬਾਵਜੂਦ ਕੁਝ ਸੀਮਾਵਾਂ ਵੀ ਹਨ।

ਸੂਰਜ ਦੀ ਰੌਸ਼ਨੀ ‘ਤੇ ਨਿਰਭਰਤਾ – ਬੱਦਲਾਂ ਵਾਲੇ ਮੌਸਮ, ਰਾਤ ਜਾਂ ਸਰਦੀ ਵਿੱਚ ਉਤਪਾਦਨ ਘਟ ਜਾਂਦਾ ਹੈ।

ਊਰਜਾ ਸਟੋਰੇਜ ਦੀ ਸਮੱਸਿਆ – ਲਗਾਤਾਰ ਬਿਜਲੀ ਲਈ ਬੈਟਰੀਆਂ ਦੀ ਲੋੜ ਪੈਂਦੀ ਹੈ ਜੋ ਮਹਿੰਗੀਆਂ ਹੁੰਦੀਆਂ ਹਨ।

ਜ਼ਮੀਨ ਦੀ ਲੋੜ – ਵੱਡੇ ਸੋਲਰ ਪਾਰਕਾਂ ਲਈ ਕਾਫ਼ੀ ਜ਼ਮੀਨ ਦੀ ਲੋੜ ਹੁੰਦੀ ਹੈ।

ਸ਼ੁਰੂਆਤੀ ਲਾਗਤ ਉੱਚੀ – ਪੈਨਲ, ਇਨਵਰਟਰ ਅਤੇ ਸਥਾਪਨਾ ਮਹਿੰਗੀ ਹੋ ਸਕਦੀ ਹੈ।

ਸੀਮਿਤ ਕੁਸ਼ਲਤਾ – ਮੌਜੂਦਾ ਪੈਨਲ ਸਿਰਫ਼ ਲਗਭਗ 15–25% ਸੂਰਜੀ ਰੌਸ਼ਨੀ ਨੂੰ ਹੀ ਬਿਜਲੀ ਵਿੱਚ ਬਦਲ ਸਕਦੇ ਹਨ।

ਸੂਰਜੀ ਊਰਜਾ ਮਹਿੰਗੀ ਕਿਉਂ ਹੁੰਦੀ ਹੈ?

ਸੂਰਜੀ ਊਰਜਾ ਲੰਬੇ ਸਮੇਂ ਵਿੱਚ ਸਸਤੀ ਹੋ ਸਕਦੀ ਹੈ, ਪਰ ਸ਼ੁਰੂਆਤੀ ਖਰਚਾ ਕਈ ਕਾਰਨਾਂ ਕਰਕੇ ਵੱਧ ਹੁੰਦਾ ਹੈ।

ਨਿਰਮਾਣ ਖਰਚੇ

ਸੋਲਰ ਪੈਨਲ ਬਣਾਉਣ ਲਈ ਸਿਲੀਕਾਨ, ਕੱਚ ਅਤੇ ਵਿਸ਼ੇਸ਼ ਇਲੈਕਟ੍ਰਾਨਿਕ ਹਿੱਸਿਆਂ ਦੀ ਲੋੜ ਹੁੰਦੀ ਹੈ, ਜਿਨ੍ਹਾਂ ਦੀ ਉਤਪਾਦਨ ਪ੍ਰਕਿਰਿਆ ਮਹਿੰਗੀ ਹੁੰਦੀ ਹੈ।

ਸਥਾਪਨਾ ਢਾਂਚਾ

ਪੈਨਲਾਂ ਦੇ ਨਾਲ ਮਾਊਂਟਿੰਗ ਸਟ੍ਰਕਚਰ, ਇਨਵਰਟਰ, ਤਾਰਾਂ ਅਤੇ ਕਈ ਵਾਰ ਬੈਟਰੀ ਸਿਸਟਮ ਵੀ ਲੱਗਦੇ ਹਨ।

ਊਰਜਾ ਸਟੋਰੇਜ ਸਿਸਟਮ

ਸੋਲਰ ਬੈਟਰੀਆਂ ਮਹਿੰਗੀਆਂ ਹੁੰਦੀਆਂ ਹਨ ਅਤੇ ਕੁਝ ਸਾਲਾਂ ਬਾਅਦ ਬਦਲਣ ਦੀ ਲੋੜ ਪੈਂਦੀ ਹੈ।

ਖੋਜ ਅਤੇ ਵਿਕਾਸ

ਨਵੀਂ ਤਕਨਾਲੋਜੀ ਅਤੇ ਵਧੀਆ ਕੁਸ਼ਲਤਾ ਲਈ ਖੋਜ ‘ਤੇ ਵੱਡਾ ਖਰਚਾ ਹੁੰਦਾ ਹੈ।

ਹਾਲਾਂਕਿ ਤਕਨੀਕੀ ਤਰੱਕੀ ਅਤੇ ਵੱਡੇ ਪੱਧਰ ‘ਤੇ ਉਤਪਾਦਨ ਨਾਲ ਸੂਰਜੀ ਬਿਜਲੀ ਦੀ ਕੀਮਤ ਲਗਾਤਾਰ ਘਟ ਰਹੀ ਹੈ।

ਕੀ ਸੂਰਜੀ ਊਰਜਾ ਪ੍ਰਦੂਸ਼ਣ ਦਾ ਕਾਰਨ ਬਣ ਸਕਦੀ ਹੈ?

ਸੂਰਜੀ ਊਰਜਾ ਆਮ ਤੌਰ ‘ਤੇ ਸਾਫ਼ ਮੰਨੀ ਜਾਂਦੀ ਹੈ, ਪਰ ਇਸਦੇ ਜੀਵਨ ਚੱਕਰ ਦੇ ਕੁਝ ਪੜਾਅ ਵਾਤਾਵਰਣ ‘ਤੇ ਪ੍ਰਭਾਵ ਪਾ ਸਕਦੇ ਹਨ।

ਨਿਰਮਾਣ ਦੌਰਾਨ ਪ੍ਰਦੂਸ਼ਣ

ਸੋਲਰ ਪੈਨਲ ਬਣਾਉਣ ਦੀ ਉਦਯੋਗਿਕ ਪ੍ਰਕਿਰਿਆ ਦੌਰਾਨ ਕੁਝ ਰਸਾਇਣਕ ਕੂੜਾ ਪੈਦਾ ਹੋ ਸਕਦਾ ਹੈ।

ਕੱਚੇ ਮਾਲ ਦੀ ਖਣਨ

ਸਿਲੀਕਾਨ, ਚਾਂਦੀ ਅਤੇ ਹੋਰ ਧਾਤਾਂ ਦੀ ਖਣਨ ਨਾਲ ਵਾਤਾਵਰਣ ਨੂੰ ਨੁਕਸਾਨ ਹੋ ਸਕਦਾ ਹੈ।

ਸੋਲਰ ਪੈਨਲ ਕੂੜਾ

20–30 ਸਾਲਾਂ ਬਾਅਦ ਪੈਨਲਾਂ ਨੂੰ ਨਸ਼ਟ ਕਰਨ ਨਾਲ ਇਲੈਕਟ੍ਰਾਨਿਕ ਕੂੜਾ ਪੈਦਾ ਹੋ ਸਕਦਾ ਹੈ।

ਜ਼ਮੀਨ ਦੀ ਵਰਤੋਂ ਵਿੱਚ ਬਦਲਾਅ

ਵੱਡੇ ਸੋਲਰ ਫਾਰਮ ਕੁਦਰਤੀ ਪ੍ਰਣਾਲੀਆਂ ਨੂੰ ਪ੍ਰਭਾਵਿਤ ਕਰ ਸਕਦੇ ਹਨ।

ਫਿਰ ਵੀ, ਕੁੱਲ ਮਿਲਾ ਕੇ ਸੂਰਜੀ ਊਰਜਾ ਦਾ ਵਾਤਾਵਰਣ ‘ਤੇ ਪ੍ਰਭਾਵ ਫ਼ੌਸਿਲ ਇੰਧਨਾਂ ਨਾਲੋਂ ਕਾਫ਼ੀ ਘੱਟ ਹੈ।

ਸੂਰਜੀ ਊਰਜਾ ਦਾ ਭਵਿੱਖ

ਤਕਨੀਕੀ ਤਰੱਕੀ ਨਾਲ ਸੂਰਜੀ ਊਰਜਾ ਦਾ ਭਵਿੱਖ ਬਹੁਤ ਉਜਲਾ ਦਿਸਦਾ ਹੈ।

ਵਧੀਆ ਕੁਸ਼ਲਤਾ ਵਾਲੇ ਪੈਨਲ

ਵਿਗਿਆਨੀ ਪਰੋਵਸਕਾਈਟ ਸੋਲਰ ਸੈੱਲਾਂ ਵਰਗੀਆਂ ਨਵੀਂ ਤਕਨੀਕਾਂ ‘ਤੇ ਕੰਮ ਕਰ ਰਹੇ ਹਨ ਜੋ ਬਿਜਲੀ ਉਤਪਾਦਨ ਦੀ ਕੁਸ਼ਲਤਾ ਵਧਾ ਸਕਦੀਆਂ ਹਨ।

ਵਧੀਆ ਊਰਜਾ ਸਟੋਰੇਜ

ਨਵੀਆਂ ਬੈਟਰੀ ਤਕਨੀਕਾਂ ਅਤੇ ਵੱਡੇ ਪੱਧਰ ਦੀ ਸਟੋਰੇਜ ਪ੍ਰਣਾਲੀਆਂ ਵਿਕਸਤ ਹੋ ਰਹੀਆਂ ਹਨ।

ਸਮਾਰਟ ਗ੍ਰਿਡ ਨਾਲ ਜੋੜ

ਭਵਿੱਖ ਵਿੱਚ ਸੂਰਜੀ ਊਰਜਾ ਸਮਾਰਟ ਗ੍ਰਿਡ ਸਿਸਟਮਾਂ ਦਾ ਮਹੱਤਵਪੂਰਨ ਹਿੱਸਾ ਬਣੇਗੀ।

ਸੂਰਜੀ ਊਰਜਾ ਵਾਲਾ ਬੁਨਿਆਦੀ ਢਾਂਚਾ

ਭਵਿੱਖ ਵਿੱਚ ਸੋਲਰ ਇਮਾਰਤਾਂ, ਸੜਕਾਂ, ਵਾਹਨਾਂ ਅਤੇ ਪੋਰਟੇਬਲ ਊਰਜਾ ਪ੍ਰਣਾਲੀਆਂ ਵਿਕਸਤ ਹੋ ਸਕਦੀਆਂ ਹਨ।

ਸਰਕਾਰੀ ਨੀਤੀਆਂ ਅਤੇ ਸਹਾਇਤਾ

ਕਈ ਸਰਕਾਰਾਂ ਸਬਸਿਡੀ, ਪ੍ਰੋਤਸਾਹਨ ਅਤੇ ਨਵੀਨੀਕਰਨਯੋਗ ਊਰਜਾ ਟੀਚਿਆਂ ਰਾਹੀਂ ਸੂਰਜੀ ਊਰਜਾ ਨੂੰ ਉਤਸ਼ਾਹਿਤ ਕਰ ਰਹੀਆਂ ਹਨ।

ਸੂਰਜੀ ਊਰਜਾ ਮਨੁੱਖਤਾ ਦੀ ਵੱਧ ਰਹੀ ਊਰਜਾ ਦੀ ਲੋੜ ਦਾ ਇੱਕ ਮਹੱਤਵਪੂਰਨ ਹੱਲ ਹੈ। ਇਹ ਨਵਿਆਉਣਯੋਗ, ਵਾਤਾਵਰਣ-ਮਿੱਤਰ ਅਤੇ ਭਵਿੱਖ ਦੀਆਂ ਪੀੜ੍ਹੀਆਂ ਲਈ ਟਿਕਾਊ ਊਰਜਾ ਮੁਹੱਈਆ ਕਰਨ ਦੀ ਸਮਰੱਥਾ ਰੱਖਦੀ ਹੈ।

ਹਾਲਾਂਕਿ ਉੱਚੀ ਸ਼ੁਰੂਆਤੀ ਲਾਗਤ, ਸਟੋਰੇਜ ਦੀਆਂ ਸੀਮਾਵਾਂ ਅਤੇ ਨਿਰਮਾਣ ਨਾਲ ਜੁੜੇ ਕੁਝ ਪ੍ਰਭਾਵ ਅਜੇ ਵੀ ਮੌਜੂਦ ਹਨ, ਪਰ ਲਗਾਤਾਰ ਤਕਨੀਕੀ ਤਰੱਕੀ ਨਾਲ ਇਹ ਚੁਣੌਤੀਆਂ ਹੌਲੀ-ਹੌਲੀ ਦੂਰ ਹੋ ਰਹੀਆਂ ਹਨ।

ਭਵਿੱਖ ਵਿੱਚ ਸੂਰਜੀ ਊਰਜਾ ਸੰਸਾਰ ਨੂੰ ਸਾਫ਼, ਸੁਰੱਖਿਅਤ ਅਤੇ ਟਿਕਾਊ ਊਰਜਾ ਪ੍ਰਣਾਲੀ ਵੱਲ ਲੈ ਜਾਣ ਵਿੱਚ ਕੇਂਦਰੀ ਭੂਮਿਕਾ ਨਿਭਾਏਗੀ।

# ਪ੍ਰੋਫੈਸਰ ਕਰਤਾ ਰਾਮ ਨੂੰ ਸਮਰਪਿਤ ਸਠਿਆਲਾ ਕਾਲਜ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਿਸ਼ੇਸ਼ ਸੈਮੀਨਾਰ

ਰਈਆ
ਡਾ.ਰਾਜਿੰਦਰ ਰਿਖੀ

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਧੀਨ ਸੰਚਾਲਿਤ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ(ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜਸ ਪ੍ਰੋ(ਡਾ.) ਸਰੋਜ ਅਰੋੜਾ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਰਹਿਨੁਮਾਈ ਹੇਠ ਕਾਲਜ ਦੇ ਐਨਐਸਐਸ ਯੂਨਿਟ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ ਅਤੇ ਇਸ ਮੌਕੇ ਸਵ. ਪ੍ਰੋਫੈਸਰ ਕਰਤਾ ਰਾਮ ਜੀ ਦੀ ਨਿੱਘੀ ਯਾਦ ਵਿੱਚ ਇੱਕ ਵਿਸ਼ੇਸ਼ ਸੈਮੀਨਾਰ ਵੀ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪ੍ਰੋਫੈਸਰ ਕਰਤਾ ਰਾਮ ਜੀ ਦੀ ਧਰਮਪਤਨੀ ਸ਼੍ਰੀਮਤੀ ਨਿਰਮਲ ਕਾਂਤਾ, ਬੇਟਾ ਮਨੀਸ਼ ਕੁਮਾਰ ਅਤੇ ਨੂੰਹ ਅਨੁਪਮਾ ਸਮੇਤ ਸਰਕਾਰੀ ਐਲੀਮੈਂਟਰੀ ਸਕੂਲ ਮਹਿਤਾ ਚੌਂਕ ਤੋਂ ਮੈਡਮ ਮਨਦੀਪ ਰਤਨ ਅਤੇ ਬਲਵਿੰਦਰ ਸਿੰਘ ਨੇ ਉਚੇਚੇ ਤੌਰ ‘ਤੇ ਸ਼ਿਰਕਤ ਕੀਤੀ। ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਸੰਸਾਰ ਭਰ ਦੀਆਂ ਮਹਿਲਾਵਾਂ ਦੀਆਂ ਉਪਲਬਧੀਆਂ, ਸੰਘਰਸ਼ ਅਤੇ ਸਮਾਜ ਦੇ ਹਰ ਖੇਤਰ ਵਿੱਚ ਉਹਨਾਂ ਦੇ ਯੋਗਦਾਨ ਨੂੰ ਸਲਾਮ ਕਰਨ ਦਾ ਦਿਨ ਹੈ। ਉਹਨਾਂ ਕਿਹਾ ਕਿ ਮਹਿਲਾਵਾਂ ਸਿੱਖਿਆ, ਵਿਗਿਆਨ, ਰਾਜਨੀਤੀ ਅਤੇ ਸਮਾਜਿਕ ਖੇਤਰਾਂ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ ਅਤੇ ਸਮਾਜ ਦੀ ਤਰੱਕੀ ਵਿੱਚ ਉਹਨਾਂ ਦਾ ਯੋਗਦਾਨ ਅਮੁੱਲ ਹੈ। ਇਸ ਮੌਕੇ ਉਨ੍ਹਾਂ ਨੇ ਸਵ.ਪ੍ਰੋਫੈਸਰ ਕਰਤਾ ਰਾਮ ਜੀ ਨੂੰ ਵੀ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਅਤੇ ਕਿਹਾ ਕਿ ਉਹਨਾਂ ਵਰਗੇ ਮਹਾਨ ਅਧਿਆਪਕ ਅਤੇ ਸਮਾਜ ਸੇਵਕ ਦਾ ਇਹ ਕਾਲਜ ਹਮੇਸ਼ਾਂ ਦੇਣਦਾਰ ਰਹੇਗਾ। ਇਸ ਮੌਕੇ ਉਨਾ ਨੇ ਵਿਦਿਆਰਥੀਆਂ ਨੂੰ ਪ੍ਰੋਫੈਸਰ ਕਰਤਾ ਰਾਮ ਜੀ ਦੀ ਸ਼ਖਸੀਅਤ ਅਤੇ ਉਨ੍ਹਾਂ ਦੀਆਂ ਸੇਵਾਵਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਕਿਵੇਂ ਨੈਸ਼ਨਲ ਕਾਲਜ ਸਠਿਆਲਾ ਤੋਂ ਇਸ ਸੰਸਥਾ ਦਾ ਰੂਪਾਂਤਰ ਹੋ ਕੇ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਬਣਿਆ। ਪ੍ਰੋਫੈਸਰ ਕਰਤਾ ਰਾਮ ਜੀ ਇਸੇ ਕਾਲਜ ਦੇ ਵਿਦਿਆਰਥੀ ਵੀ ਰਹੇ ਤੇ ਬਾਅਦ ਵਿੱਚ ਇਸੇ ਕਾਲਜ ਵਿੱਚ ਅਧਿਆਪਨ ਕਰਕੇ ਕਾਲਜ ਵਿੱਚ ਅਹਿਮ ਭੂਮਿਕਾ ਨਿਭਾਈ। ਉਹਨਾਂ ਦੀ ਪਤਨੀ ਸ਼੍ਰੀਮਤੀ ਨਿਰਮਲ ਕਾਂਤਾ ਜੀ ਨੇ ਭਾਵੁਕ ਹੋ ਕੇ ਆਪਣੇ ਪਤੀ ਸ੍ਰੀ ਕਰਤਾ ਰਾਮ ਜੀ ਬਾਰੇ ਦੱਸਦਿਆਂ ਕਿਹਾ ਕਿ ਉਨਾਂ ਦੇ ਪਤੀ ਵਲੋ ਇਸ ਕਾਲਜ ਲਈ ਵੱਡਾ ਯੋਗਦਾਨ ਹੈਲ ਉਹਨਾਂ ਦੇ ਉਪਰਾਲੇ ਤਹਿਤ ਹੀ ਇਹ ਕਾਲਜ ਸਰਕਾਰੀ ਕਾਲਜ ਬਣਿਆ ਸੀ। ਇਸ ਤੋਂ ਇਲਾਵਾ ਉਹਨਾਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਹੋਇਆਂ ਦੱਸਿਆ ਕਿ ਪ੍ਰੋਫੈਸਰ ਕਰਤਾ ਰਾਮ ਜੀ ਵੱਲੋਂ ਕਦੇ ਵੀ ਆਪਣੀ ਤਨਖਾਹ ਨੂੰ ਘਰ ਨਹੀਂ ਲਿਆਂਦਾ ਗਿਆ ਸਗੋਂ ਆਪਣੀ ਤਨਖਾਹ ਨੂੰ ਕਾਲਜ ਤੇ ਭਲਾਈ ਲਈ ਹੀ ਵਰਤਿਆ ਗਿਆਲ ਉਹਨਾਂ ਦੱਸਿਆ ਕਿ ਪ੍ਰੋਫੈਸਰ ਕਰਤਾ ਰਾਮ ਜੀ ਦੇ ਵੱਲੋਂ ਪੜਾਏ ਹੋਏ ਵਿਦਿਆਰਥੀ ਅੱਜ ਵੱਡੇ ਵੱਡੇ ਅਹੁਦਿਆਂ ਤੇ ਬਿਰਾਜਮਾਨ ਹਨ ਅਤੇ ਉਹਨਾਂ ਨੂੰ ਮਾਣ ਹੈ ਕਿ ਉਹ ਪ੍ਰੋਫੈਸਰ ਕਰਤਾ ਰਾਮ ਜੀ ਦੀ ਸੁਪਤਨੀ ਹਨਲ ਉਨਾ ਕਾਲਜ ਪ੍ਰਬੰਧ ਚਲਾ ਰਹੇ ਡਾ. ਹਰਸਿਮਰਨ ਕੌਰ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇੰਨੇ ਸਾਲਾਂ ਬਾਅਦ ਇਸ ਕਾਲਜ ਵਿੱਚ ਆ ਕੇ ਉਹ ਬਹੁਤ ਭਾਵੁਕ ਹਨ ਤੇ ਮਾਣ ਮਹਿਸੂਸ ਕਰ ਰਹੇ ਹਨ।

ਇਸ ਮੌਕੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨ ਵਾਲੇ ਪ੍ਰੋਫੈਸਰ ਕਰਤਾ ਰਾਮ ਜੀ ਦੀ ਨੂੰਹ ਮੈਡਮ ਅਨੁਪਮਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਉਹਨਾਂ ਨੂੰ ਮਾਣ ਹੈ ਕਿ ਉਹ ਪ੍ਰੋਫੈਸਰ ਕਰਤਾ ਰਾਮ ਜੀ ਦੀ ਨੂੰਹ ਹਨਲ ਉਹਨੇ ਦੱਸਿਆ ਕਿ ਇਥੋਂ ਤੱਕ ਕਿ ਕਈ ਵਿਦਿਆਰਥੀਆਂ ਵੱਲੋਂ ਪ੍ਰੋਫੈਸਰ ਕਰਤਾ ਰਾਮ ਜੀ ਦੀ ਫੋਟੋ ਨੂੰ ਆਪਣੇ ਪੂਜਾ ਘਰ ਵਿੱਚ ਵੀ ਰੱਖਿਆ ਹੋਇਆ ਹੈ ਜੋ ਕਿ ਇੱਕ ਬਹੁਤ ਵੱਡੀ ਗੱਲ ਹੈਲ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨ ਵਾਲੇ ਮੈਡਮ ਅਨਪਮਾ ਨੇ ਵਿਦਿਆਰਥੀਆਂ ਨਾਲ ਮਹਿਲਾਂ ਦਿਵਸ ਨਾਲ ਸੰਬੰਧਿਤ ਆਪਣੀ ਸਵੈ ਰਚਿਤ ਕਵਿਤਾ ਵੀ ਪੇਸ਼ ਕੀਤੀ । ਉਹਨਾਂ ਨੇ ਇਹ ਵੀ



ਕਿਹਾ ਕਿ ਉਹ ਭਵਿੱਖ ਵਿੱਚ ਕਾਲਜ ਸਬੰਧੀ ਕਿਸੇ ਵੀ ਪ੍ਰਕਾਰ ਦੇ ਯੋਗਦਾਨ ਲਈ ਅਹਿਮ ਭੂਮਿਕਾ ਨਿਭਾਉਣ ਲਈ ਤਿਆਰ ਹਨਲ ਇਸ ਮੌਕੇ ਮੈਡਮ ਮਨਦੀਪ ਕੌਰ ਰਤਨ ਵੱਲੋਂ ਵੀ ਆਪਣੀ ਸਵੈ ਰਚਿਤ ਗਜ਼ਲ ਪੇਸ਼ ਕੀਤੀਲ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਪੋਸਟਰ ਮੇਕਿੰਗ ਮੁਕਾਬਲਾ ਅਤੇ ਕਵਿਤਾ ਉਚਾਰਨ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਹੀ ਪ੍ਰਭਾਵਸ਼ਾਲੀ ਅਤੇ ਦਿਲ ਨੂੰ ਛੂਹਣ ਵਾਲੀਆਂ ਕਵਿਤਾਵਾਂ ਪੇਸ਼ ਕੀਤੀਆਂ। ਪ੍ਰੋਫੈਸਰ ਕਰਤਾ ਰਾਮ ਜੀ ਦੇ ਪਰਿਵਾਰ ਵੱਲੋਂ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਪ੍ਰੋਫੈਸਰ ਕਰਤਾ ਰਾਮ ਜੀ ਦੀ ਸੋਚ ਅਤੇ ਸ਼ਖਸੀਅਤ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਪ੍ਰੋਫੈਸਰ ਕਰਤਾ ਰਾਮ ਜੀ ਦੀਆਂ ਸੋਚਾਂ ਅਤੇ ਨਕਸ਼ੇ ਕਦਮਾਂ ‘ਤੇ ਚਲਦਿਆਂ ਪਰਿਵਾਰ ਵੱਲੋਂ ਕਾਲਜ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਕਾਲਜ ਇੰਚਾਰਜ ਡਾ.ਹਰਸਿਮਰਨ ਕੌਰ ਵੱਲੋਂ ਪ੍ਰੋਫੈਸਰ ਕਰਤਾ ਰਾਮ ਜੀ ਦੀ ਸੁਪਤਨੀ ਨੂੰ ਵਿਸ਼ੇਸ਼ ਸਨਮਾਨ ਚਿੰਨ ਦੇ ਕੇ ਸਮਾਨਿਤ ਕੀਤਾ ਗਿਆਲ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ । ਉਨ੍ਹਾਂ ਨੇ ਐਨਐਸਐਸ ਯੂਨਿਟ ਵੱਲੋਂ ਕਰਵਾਏ ਗਏ ਇਸ ਕਾਰਜਕ੍ਰਮ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੇ ਮਹੱਤਵਪੂਰਨ ਦਿਹਾੜੇ ਮਨਾਉਣ ਨਾਲ ਵਿਦਿਆਰਥੀਆਂ ਵਿੱਚ ਸਮਾਜਿਕ ਜਾਗਰੂਕਤਾ ਵਧਦੀ ਹੈ। ਇਸ ਤੋਂ ਇਲਾਵਾ ਕਾਲਜ ਦੀ ਭਲਾਈ ਲਈ ਯੋਗਦਾਨ ਦੇਣ ਵਾਲੀਆਂ ਸ਼ਖਸੀਅਤਾਂ ਨੂੰ ਵੀ ਸਮੇਂ ਸਮੇਂ ਕਾਲਜ ਵਿੱਚ ਬੁਲਾ ਕੇ ਉਹਨਾਂ ਦਾ ਮਾਣ ਕਰਨਾ ਵੀ ਬਣਦਾ ਹੈ।ਸਮਾਗਮ ਦੌਰਾਨ ਮੰਚ ਸੰਚਾਲਨ ਅੰਗਰੇਜ਼ੀ ਵਿਭਾਗ ਤੋਂ ਕਰਮਬੀਰ ਸਿੰਘ ਵੱਲੋਂ ਕੀਤਾ ਗਿਆ, ਜਦਕਿ ਮਨੂ ਬਾਲਾ ਵੱਲੋਂ ਸਾਰਿਆਂ ਦਾ ਰਸਮੀ ਧੰਨਵਾਦ ਕੀਤਾ ਗਿਆ। ਇਸ ਮੌਕੇ ਕਾਲਜ ਦੇ ਸਟਾਫ ਮੈਂਬਰ ਅਤੇ ਵਿਦਿਆਰਥੀ ਵੀ ਮੌਜੂਦ ਸਨ।




# ਸਮੂਹ ਪੰਥ ਨੂੰ 'ਹੋਲੇ ਮਹੱਲੇ' ਦੀਆਂ ਲੱਖ ਲੱਖ ਵਧਾਈਆਂ।

ਸਭ ਤੋਂ ਸ਼ਕਤੀਸ਼ਾਲੀ ਤੇ ਆਧਿਆਤਮਿਕ ਤੌਰ 'ਤੇ ਜੀਵੰਤ ਸਿੱਖ ਤਿਉਹਾਰਾਂ ਵਿੱਚੋਂ ਇੱਕ 'ਹੋਲਾ ਮਹੱਲਾ'
ਸਿੱਖ ਗੁਰਦਵਾਰਾ ਸੈਨ ਹੋਜ਼ੇ ਵਿਖੇ ਬੜੀ ਹੀ ਸ਼ਰਧਾ ਤੇ ਜੰਗਜੂ ਮਾਣ ਨਾਲ
**22 ਮਾਰਚ 2026 (ਦਿਨ ਐਤਵਾਰ) ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ** ਮਨਾਇਆ ਜਾ ਰਿਹਾ ਹੈ।

## ਇਲਾਕੇ ਦੀਆਂ ਸਮੂਹ ਸਿੱਖ ਸੰਗਤਾਂ ਇਸ ਸਮਾਗਮ 'ਚ ਕਰਨਗੀਆਂ ਸ਼ਿਰਕਤ।




ਦਿਖਾਏ ਜਾਣਗੇ ਗਤਕੇ ਦੇ ਜੌਹਰ।





ਇਸ ਮੌਕੇ ਘੋੜਸਵਾਰੀ, ਬਾਸਕਟਬਾਲ ਤੇ ਵਾਲੀਬਾਲ ਮੈਚ, ਬੱਚਿਆਂ ਤੇ ਵੱਡਿਆਂ ਦੀਆਂ ਦੌੜਾਂ ਅਤੇ
ਨਾਲ ਹੀ ਵੱਖ-ਵੱਖ ਸੁਆਦਿਸ਼ਟ ਪਕਵਾਨਾਂ ਦੀਆਂ ਸਟਾਲਾਂ ਜਿਸ 'ਚ ਗੰਨੇ ਦਾ ਰਸ ਅਤੇ ਭੁੰਨੀਆਂ ਛੱਲੀਆਂ ਵੀ ਹੋਣਗੀਆਂ।




**Evergreen Valley High School 'ਚ ਗੱਡੀਆਂ ਦੀ ਪਾਰਕਿੰਗ ਉਪਲਬਧ**
ਸੰਗਤਾਂ ਲਈ ਗੁਰਦਵਾਰਾ ਸਾਹਿਬ ਤੱਕ ਸਾਰਾ ਦਿਨ ਸ਼ਟਲ ਸੇਵਾ ਰਹੇਗੀ ਉਪਲਬਧ



## ਇਲਾਕੇ ਵਿੱਚ ਵਸਦੇ ਹਰ ਸਿੱਖ ਨੂੰ ਅਪੀਲ ਹੈ ਕਿ ਉਹ ਗੁਰੂ ਸਾਹਿਬ ਦੀਆਂ ਖੁਸ਼ੀਆਂ ਦਾ ਹਿੱਸਾ ਬਣਨ।

**ADDRESS :**
3636 Gurdwara Avenue, San Jose
California 95148, AMERICA

**ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:**
ਜਨਰਲ ਪੁੱਛਗਿੱਛ: ਸੁਖਦੇਵ ਸਿੰਘ ਬੈਣੀਵਾਲ – (408) 421-9463 | ਬੂਥਾਂ ਲਈ: ਖੁਸ਼ਵਿੰਦਰਪਾਲ ਸਿੰਘ – (408) 507-1290
ਲੰਗਰ ਸੇਵਾ ਲਈ: ਹਰਜਿੰਦਰ ਸਿੰਘ ਲੱਧੜ – (408) 904-9158 | ਬਾਸਕਟਬਾਲ ਲਈ: ਸਤਿੰਦਰ ਸਿੰਘ ਮੱਘਰ – (408) 307-6179
ਵਾਲੀਬਾਲ ਲਈ: ਹਰਜਿੰਦਰ ਸਿੰਘ – (669) 649-0049 | ਹੋਰ ਕਿਸੇ ਵੀ ਜਾਣਕਾਰੀ ਲਈ: ਗੁਰਦੁਆਰਾ ਸਾਹਿਬ – (408) 274-9373


Pal Films Production
RED PRO 5.0
RED
All Your Photo/Videography & Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

SANJHI SOCH
ਜੰਗ ਸਿੰਘ ਮਰਸੱਡ (ਅਮਰੀਕਾ)
+1 415 603 7380



# ਪੰਜਾਬੀਓ, ਸਾਵਧਾਨ! ਪੰਜਾਬ ਸਰਕਾਰ ਨੂੰ ਚਾਰ ਸਾਲ ਤਕ ਤਾਂ ਲੋਕਾਂ ਦੇ ਕੰਮ ਕਰਨੇ ਯਾਦ ਨਹੀਂ ਆਏ। ਹੁਣ ਜਦੋਂ ਚੋਣਾਂ ਨਜਦੀਕ ਆ ਰਹੀਆਂ ਹਨ ਤਾਂ ਲੋਕਾਂ ਦੇ ਕੰਮ ਕਰਨੇ ਸ਼ੁਰੂ!

ਦੇਸ਼ ਦੀਆਂ ਸਰਕਾਰਾਂ ਨੇ ਸ਼ਾਇਦ ਇਹ ਸੋਚ ਰਖਿਆ ਹੈ ਕਿ ਲੋਕ ਤਾਂ ਮੂਰਖ ਹਨ ਆਪਣੇ ਰਾਜ ਕਾਲ ਦੇ ਚਾਰ ਸਾਢੇ ਚਾਰ ਸਾਲ ਦੇ ਸਮੇਂ ਤਕ ਆਪ ਪੈਸੇ ਇਕਠੇ ਕਰੋ ਕਿ ਅਗਲੀਆਂ ਚੋਣਾਂ ਲੜਣ ਲਈ ਚੋਖਾ ਸਾਰਾ ਧੰਨ ਵੀ ਕਮਾਉਣਾ ਹੈ ਤੇ ਟੱਬਰ ਨੂੰ ਵੀ ਸਾਰੀ ਉਮਰ ਭਰ ਲਈ ਆਰਥਕ ਤੌਰਤੇ ਪਰਪਕ ਵੀ ਕਰਨਾ ਹੈ। ਇਸ ਕਰਕੇ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਤਕ ਰੱਜ ਕੇ ਧੰਨ ਇਕੱਠਾ ਕਰੋ ਤੇ ਜਦੋਂ ਚੋਣ ਹੋਣ ਨੂੰ ਸਿਰਫ ਸਾਲ ਜਾਂ ਇਸ ਤੋਂ ਘੱਟ ਦਾ ਸਮਾਂ ਰਹਿ ਜਾਵੇ ਤਾਂ ਫਿਰ ਚੋਣਾਂ ਵਿੱਚ ਮੁੜ ਵੋਟਾਂ ਲੈਣ ਲਈ ਉਨਾਂ ਦੇ ਅਥਰੂ ਪੂੰਝਣ ਲਈ ਇਸਤਰੀਆਂ ਨੂੰ 1000 ਰੁ ਅਤੇ ਦਲਿਤ ਔਰਤਾਂ ਨੂੰ 1500 ਰੁ ਦੇਣੇ , 10 10 ਲੱਖ ਦਾ ਸਿਹਤ ਬੀਮਾਂ ਕਰਨਾ , ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਨਾਂ ਤੇ ਅੰਤਰ ਰਾਸ਼ਟਰੀ ਯੂਨੀਵਰਸਿਟੀ ਬਣਾਉਣੀ , ਦਿਵਿਆਂਗ ਭੈਣਾਂ ਭਰਾਵਾਂ ਨੂੰ ਫੈਮਲੀ ਪੈਨਸ਼ਨ , ਖਿਡਾਰੀਆਂ ਨੂੰ ਨੌਕਰੀ ਵਿੱਚ ਰਾਂਖਵਾਂ ਕਰਨ ਦੇਣਾ , ਆਦਿ ਮਾੜੇ ਮੋਟੇ ਕੰਮ ਕਰ ਦਿਓ , ਵੋਟਾਂ ਮਿਲ ਜਾਣਗੀਆਂ ਫਿਰ ਰਾਜ ਪ੍ਰਾਪਤ ਕਰਕੇ ਪਹਿਲਾਂ ਵਾਲਾ ਕੰਮ ਸਰਕਾਰਾਂ ਨੂੰ ਲੁਟੱਣ ਖਸੁਟਣ ਦਾ ਸ਼ੁਰੂ ਕਰ ਦਿਆਂਗੇ1 ਇਹ ਆਗੂ ਇੰਝ ਸਮਝਦੇ ਹਨ ਕਿ ਲੋਕ ਤਾਂ ਨਿਰੇ ਉਜੱਡ ਤੇ ਮੂਰਖ ਹੀ ਹਨ ਜਿਵੇਂ ਉਨਾਂ ਦਾ ਦਿਮਾਗ ਹੀ ਨਹੀਂ ਹੈ । ਇਹ ਉਨਾਂ ਦਾ ਭੁਲੇਖਾ ਹੈ ਦਿਨ ਬ ਦਿਨ ਲੋਕ ਸਿਆਣੇ ਹੋ ਰਹੇ ਹਨ ।ਕਿਸਾਨ ਸਘਰੰਸ਼ ਦੌਰਾਨ ਕਿਸਾਨ ਆਗੂਆਂ ਨੇ ਪੰਜਾਬ ਦੇ ਲੋਕਾਂ ਨੂੰ ਜਾਗ੍ਰਿਤ ਕੀਤਾ ਸੀ ਪੰਜਾਬ ਵਿੱਚੋਂ ਸਾਰੀਆਂ ਰਵਾਇਤੀ ਪਾਰਟੀਆਂ ਨੂੰ ਚਲਦਾ ਕਰਕੇ ਕਿਸੇ ਹੋਰ ਪਾਰਟੀ ਨੂੰ ਰਾਜ ਕਰਨ ਦਾ ਮੌਕਾ ਦਿਓ ।ਹੋਇਆ ਵੀ ਇੰਝ ਹੀ ਲੋਕਾਂ ਨੇ ਪੰਜਾਬ ਦਾ ਬੇੜਾ ਗਰਕ ਕਰਨ ਵਾਲੀਆਂ ਪਾਰਟੀਆਂ ਕੀ ਕਾਂਗਰਸ ਪਾਰਟੀ ਤੇ ਕੀ ਅਕਾਲੀ, ਭਾਜਪਾ ਸਭ ਦਾ ਪੰਜਾਬ ਵਿੱਚੋਂ ਬੋਰੀ ਬਿਸਤਰਾ ਗੋਲ ਕਰਕੇ ਆਮ ਆਦਮੀ ਪਾਰਟੀ ਦੀ ਸਰਕਾਰ ਜਿਹੜੀ ਆਪਣੇ ਆਪ ਨੂੰ ਲੋਕ ਹਿਤੈਸ਼ੀ ਕਹਿਣ ਦੇ ਨਾਲ ਕੱਟੜ੍ਹ ਈਮਾਨਦਾਰ ਹੋਣ ਦਾ ਢੋਲ ਪਿਟੱਦੀ ਸੀ ਨੂੰ ਪੰਜਾਬ ਦੀਆਂ 117 ਵਿਧਾਨ ਸਭਾ ਸੀਟਾਂ ਵਿੱਚੋਂ 92-93 ਸੀਟਾਂ ਜਿੱਤਾ ਕੇ ਇਕ ਲਾਮਿਸਾਲ ਉਦਾਹਰਣ ਸਿਰਜੀ ਸੀ।ਆਮ ਆਦਮੀ ਪਾਰਟੀ ਦਾ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜਿਹੜਾ ਚੋਣ ਮਨੋਰਥ ਪੱਤਰ ਦਿੱਤਾ ਸੀ ਉਸ ਤੇ ਵੀ ਜਰਾ ਝਾਤ ਮਾਰ ਲਓ ਕਿ ਇਹ ਪਾਰਟੀ ਉਸ ਤੇ ਕਿੰਨੀ ਕੁ ਉਤਰੀ ਹੈ ।ਇਨਾਂ ਨੇ ਕਿਹਾ ਸੀ ਕਿ ਅਸੀ ਵੀ. ਆਈ. ਪੀ. ਕਲਚਰ ਤੋਂ ਦੂਰ ਰਹਾਂਗੇ , ਮੁਲਾਜਮਾਂ ਨੂੰ ਆਪਣੀਆਂ ਮੰਗਾਂ ਲਈ ਕਿਸੇ ਨੂੰ ਟੈਂਕੀਆਂ ਤੇ ਨਹੀਂ ਚੜਣਾ ਪਵੇਗਾ, ਉਨਾਂ ਦੀਆਂ ਸਾਰੀਆਂ ਮੰਗਾਂ ਪ੍ਰਵਾਨ ਕਰਾਂਗੇ , ਪੁਲੀਸ ਕਿਸੇ ਤੇ ਲਾਠੀ ਚਾਰਜ ਨਹੀਂ ਕਰੇਗੀ, ਨੌਜੁਆਨਾਂ ਨੂੰ ਇੰਨਾ ਰੁਜਗਾਰ ਦਿੱਤਾ ਜਾਵੇਗਾ ਕਿ ਉਨਾਂ ਨੂੰ ਬਿਦੇਸ਼ਾਂ ਵਿੱਚ ਜਾਣਾ ਨਹੀਂ ਪਵੇਗਾ, ਮੁੱਖ ਮੰਤਰੀ ਨੇ ਤਾਂ ਇਥੋਂ ਤਕ ਡੀਂਗ ਮਾਰ ਦਿੱਤੀ ਸੀ ਕਿ ਪੰਜਾਬ ਵਿੱਚ ਰੁਜਗਾਰ ਦੇ ਇੰਨੇ ਮੌਕੇ ਪੈਦਾ ਹੋ ਜਾਣਗੇ ਕਿ ਅੰਗਰੇਜ ਤੇ ਅੰਗਰੇਜਣੀਆਂ ਪੰਜਾਬ ਵਿੱਚ ਰੁਜਗਾਰ ਲੈਣ ਲਈ ਆਉਣਗੀਆਂ , ਸਿਖਿਆ ਤੇ ਸਿਹਤ ਸਿਸਟਮ ਨੂੰ ਬੇਮਿਸਾਲੀ ਬਣਾਇਆ ਜਾਵੇਗਾ ਭਾਵ ਬਿਲਕੁਲ ਮੁੱਫਤ ਸਹੂਲਤ ਦਿੱਤੀ ਜਾਵੇਗੀ ਆਦਿ ਬੜਾ ਕੁਝ ਕਿਹਾ ਗਿਆ !ਪੰਜਾਬ ਦੇ ਲੋਕਾਂ ਨੇ ਸ੍ਰ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾ ਦਿੱਤਾ ਜਿਸ ਨੇ ਸ਼ਹੀਦ ਸ੍ਰ ਭਗਤ ਸਿੰਘ ਦੀ ਖਟੇ ਰੰਗ ਦੀ ਪੀਲੀ ਪੱਗ ਬੰਨ ਕੇ ਉਸ ਦੇ ਜਦੀ ਪਿੰਡ ਖਟਕਲ ਕਲਾਂ ਵਿਖੇ ਸਰਕਾਰੀ ਸਮਾਗਮ ਰੱਖ ਕੇ ਸੰਹੁ ਚੁੱਕ ਕੇ ਪੰਜਾਬੀਆਂ ਨੂੰ ਵਿਸ਼ਵਾਸ਼ ਦਿੱਤਾ ਸੀ ਕਿ ਉਹ ਸਰਕਾਰ ਵਲੋਂ ਆਖੀਆਂ ਗੱਲਾਂ ਤੇ ਪੂਰਾ ਉਤਰੇਗਾ।ਪਰ ਥੋਹੜੇ ਜਿਹੇ ਸਮੇਂ ਬਾਅਦ ਪੰਜਾਬ ਦੇ ਲੋਕਾਂ ਨੂੰ ਇੰਝ ਲਗਣ ਲੱਗ ਪਿਆ ਕਿ ਪੰਜਾਬ ਤੇ ਰਾਜ ਸ੍ਰ ਭਗਵੰਤ ਸਿੰਘ ਮਾਨ ਨਹੀਂ ਬਲਕਿ ਦਿੱਲੀ ਵਾਲਾ ਕੇਜਰੀਵਾਲ ਕਰ ਰਿਹਾ ਹੈ ।ਪੰਜਾਬ ਦੇ ਲੋਕਾਂ ਨੇ ਮੂੰਹੋਂ ਮੂੰਹੀ ਇਹ ਕਹਿਣਾ ਵੀ ਸ਼ੁਰੂ ਕਰ ਦਿੱਤਾ ਕਿ ਪੰਜਾਬੀਆਂ ਨੇ ਸ੍ਰ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਇਆ ਨਾ ਕਿ ਕੇਜਰੀਵਾਲ ਨੂੰ ! ਪਰ ਸ੍ਰ ਮਾਨ ਨੇ ਪੰਜਾਬੀਆਂ ਦੀ ਦਿੱਲੀ ਅਵਾਜ ਨੂੰ ਅੱਖੋਂ ਪਰੋਖੇ ਕਰਕੇ ਪੰਜਾਬ ਦੇ ਲੋਕਾਂ ਦੀ ਕਹੀ ਗੱਲ ਵੱਲ ਕੋਈ ਧਿਆਨ ਨਹੀਂ ਦਿੱਤਾ।ਪੰਜਾਬ ਵਿੱਚ ਕੋਈ ਕਿਸੇ ਚੀਜ ਦਾ ਉਦਘਾਟਨ ਕਰਨਾ ਹੋਵੇ ਤਾਂ ਸਭ ਤੋਂ ਪਹਿਲਾਂ ਤੇ ਅੱਗੇ ਸ੍ਰੀ ਕੇਜਰੀਵਾਲ ਤੇ ਸ੍ਰ ਭਗਵੰਤ ਸਿੰਘ ਮਾਨ ਉਸ ਦੇ ਪਿੱਛੇ ਪਿੱਛੇ ਜਿਵੇਂ ਕਿ ਪੰਜਾਬ ਦੇ ਮੁੱਖ ਮੰਤਰੀ ਉਹ ਨਹੀਂ ਸ੍ਰੀ ਕੇਜਰੀਵਾਲ ਹੋਣ !ਉਹ 'ਕਿਹੜੀ ਗੱਲੀ ਜਿਥੇ ਭਾਗੋ ਨਹੀਂ ਖਲੀ' ਵਾਲੀ ਗੱਲ ਪੰਜਾਬ ਦੇ ਲੋਕ ਵੇਖਦੇ ਰਹੇ। ਸਾਰੇ ਦੇਸ਼ ਵਿੱਚ ਚੋਣਾਂ ਕਿਧਰੇ ਹੋਣ ਤਾਂ ਪੰਜਾਬ ਦਾ ਹੈਲੀਕਾਪਟਰ ਤੇ ਸ੍ਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਨੂੰ ਨਾਲ ਲੈ ਕੇ ਸ੍ਰੀ ਕੇਜਰੀਵਾਲ ਜਾਂਦੇ ਰਹੇ ਕਹਿਣ ਦਾ ਭਾਵ ਕਿ ਚੋਣ ਲੜੇ ਆਮ ਆਦਮੀ ਪਾਰਟੀ ਤੇ ਖਰਚਾ ਕਰੇ ਪੰਜਾਬ ਹੋਰ ਤੇ ਹੋਰ ਸਾਰੇ ਭਾਰਤ ਦੀਆਂ ਅਖਬਾਰਾਂ ਵਿੱਚ ਆਮ ਆਦਮੀ ਪਾਰਟੀ ਦੀਆਂ ਚੋਣਾਂ ਵਿੱਚ ਕਰੋੜਾਂ ਰੁਪਏ ਦੇ ਇਸ਼ਤਿਹਾਰ ਦਿੱਤੇ ਗਏ ਤੇ ਪੈਸੇ ਦੇਵੇ ਪੰਜਾਬ !

ਪੰਜਾਬ ਜਿਹੜਾ ਕਿ ਪਹਿਲਾਂ ਹੀ ਲੱਪ ਲੱਪ ਕਰਜਾਈ ਹੋਇਆ ਹੋਇਆ ਹੈ ਦਿੱਲੀ ਵਾਲਿਆਂ ਵਲੋਂ ਪੰਜਾਬ ਦੇ ਪੈਸੇ ਨੂੰ ਇੰਝ ਵਹਾਇਆ ਜਾਣ ਲਗਾ ਜਿਵੇਂ ਇਹ ਪੰਜਾਬ ਦਿੱਲੀ ਵਾਲਿਆਂ ਦੀ ਜਾਇਦਾਦ ਹੋਵੇ ! ਇਸ ਪਾਰਟੀ ਦਾ ਸਿਖਰ ਉਦੋਂ ਹੋ ਨਿਬੜਿਆ ਜਦੋਂ ਦਿੱਲੀ ਵਾਲਿਆਂ ਨੇ ਆਮ ਆਦਮੀ ਪਾਰਟੀ ਦਾ ਦਿੱਲੀ ਦੀ ਵਿਧਾਨ ਸਭਾ ਵਿੱਚੋਂ ਉਸ ਦੀਆਂ ਲੋਕ ਮਾਰੂ ਨੀਤੀਆਂ ਨੂੰ ਵੇਖ ਕੇ ਸਦਾ ਲਈ ਭੋਗ ਪਾ ਦਿੱਤਾ ।ਬਸ ਫਿਰ ਕੀ ਸੀ ਕਿ ਸ੍ਰੀ ਕੇਜਰੀਵਾਲ ਨੇ ਦਿੱਲੀ ਦੇ ਲੀਡਰਾਂ ਦੀ ਸਾਰੀ ਫੌਜ ਇਕੱਠੀ ਕਰਕੇ ਪੰਜਾਬ ਵਿੱਚ ਲਿਆਂਦੀ ਗਈ ।ਅਜ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਵਿੱਚ ਇਕ ਇਕ ਸਕੱਤਰ ਵਿਧਾਨ ਸਭਾ ਹਰੇਕ ਮੈਂਬਰ ਨਾਲ ਲੱਖਾਂ ਰੁਪਏ ਮਹੀਨੇ ਤੇ ਭਰਤੀ ਕਰਕੇ ਦਿੱਲੀ ਵਾਲਿਆਂ ਦਾ ਲਗਾਇਆ ਹੋਇਆ ਹੈ ਇਥੇ ਹੀ ਬੱਸ ਨਹੀਂ ਦਿਲੀ ਵਾਲਿਆਂ ਦੀ ਵੱਡੀ ਫੌਜ ਮੁੱਖ ਮੰਤਰੀ ਪੰਜਾਬ ਨਾਲ ਲਗਾਏ ਜਾਣ ਦੇ ਨਾਲ ਹਰੇਕ ਮੰਤਰੀ , ਪੰਜਾਬ ਦੇ ਮੁੱਖ ਸਕੱਤਰ ਦੇ ਨਾਲ ਨਾਲ ਪੰਜਾਬ ਦੇ ਹੋਰ ਸਾਰੇ ਸਕੱਤਰਾਂ ਨਾਲ ਦਿੱਲੀ ਦੇ ਮੈਂਬਰ ਲਗਾਏ ਹੋਏ ਹਨ। ਇਥੇ ਹੀ ਬੱਸ ਨਹੀਂ ਪੰਜਾਬ ਦੀ ਕੋਈ ਵੀ ਹੋਰ ਮਹੱਤਵ ਪੂਰਨ ਥਾਂ ਨਹੀਂ ਬੱਚੀ ਜਿਥੇ ਦਿੱਲੀ ਦੀ ਫੌਜ ਹੀ ਨਹੀਂ ਲਗੀ ਹੋਈ !! ਜਿਵੇ ਪੰਜਾਬ ਤੇ ਰਾਜ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਹੀਂ ਕਰ ਰਿਹਾ ਦਿੱਲੀ ਵਾਲੇ ਰਾਜ ਕਰ ਰਹੇ ਹਨ। ਸ੍ਰੀ ਕੇਜਰੀਵਾਲ ਦੇ ਨਾਲ ਸ੍ਰੀ ਮਨੀਸ਼ ਸਿਸੋਦੀਆ ਆਦਿ ਪੰਜਾਬ ਵਿੱਚ ਵੱਡੇ ਲੀਡਰ ਬਣੇ ਹੋਏ ਹਨ। ਬੀਤੇ ਦਿਨ ਸ੍ਰੀ ਮੁਨੀਸ਼ ਸਿਸੋਦੀਆਂ ਦੀ ਜੰਮੂ ਕਸ਼ਮੀਰ ਵਿੱਚ ਘੁੰਮਣ ਫਿਰਨ ਦੀ ਖਬਰ ਅਖਬਾਰਾਂ ਦੀਆਂ ਸੁਰਖੀਆਂ ਬਣੀ ਰਹੀ ਸੀ ਜਿਸ ਵਿੱਚ ਦਸਿਆ ਗਿਆ ਸੀ ਕਿ ਪੰਜਾਬ ਦੇ 18 -18 ਡਾਕਟਰਾਂ ਦੀ ਫੌਜ ਉਸ ਨਾਲ ਲਗਾਈ ਗਈ ਸੀ , ਪੰਜਾਬ ਦੇ ਪੈਸੇ ਨੂੰ ਇੰਝ ਪਾਣੀ ਵਾਂਗ ਇਨਾਂ ਦਿੱਲੀ ਦੇ ਲੀਡਰਾਂ ਵਾਲਿਆ ਵਲੋਂ ਰੋੜ੍ਹਿਆ ਗਿਆ ।ਜਦੋਂ ਕਿ ਪੰਜਾਬ ਦੇ ਹਸਪਤਾਲਾਂ ਵਿੱਚ ਮਰੀਜ ਇਕ ਇਕ ਡਾਕਟਰ ਦੀ ਅਣਹੋਂਦ ਨੂੰ ਮਹਿਸੂਸ ਕਰ ਰਹੇ ਸਨ ਤੇ ਬਿਨ ਇਲਾਜੋਂ ਹਸਪਤਾਲ ਤੋਂ ਮੁੜ੍ਹ ਰਹੇ ਸਨ। ਸਭ ਨੂੰ ਪਤਾ ਹੈ ਪੰਜਾਬ ਦੇ ਲੋਕ ਭਾਜਪਾ ਦੇ ਸਖਤ ਵਿਰੋਧੀ ਹਨ ਪੰਜਾਬ ਵਿੱਚ ਤਾਂ ਇਨਾਂ ਨੂੰ ਕੋਈ ਜਾਣਦਾ ਤਕ ਨਹੀਂ ਭਾਜਪਾ ਦੀ ਸ਼ਾਖ ਪੰਜਾਬ ਵਿੱਚ ਸ੍ਰ ਪ੍ਰਕਾਸ਼ ਸਿੰਘ ਬਾਦਲ ਨੇ ਆਪਣੇ ਰਾਜ ਕਾਲ ਦੀ ਸਰਕਾਰ ਵਿੱਚ ਭਿਆਲੀ ਪਵਾ ਕੇ ਲਗਾ ਕੇ ਪੰਜਾਬ ਦਾ ਉਹ ਬੇੜ੍ਹਾ ਗਰਕ ਕਰਕੇ ਰੱਖ ਦਿੱਤਾ ਹੈ ਜਿਸ ਦੀ ਇੰਨੀ ਜਲਦੀ ਭਰਪਾਈ ਹੋ ਸਕਣੀ ਨਜਰ ਨਹੀਂ ਆ ਰਹੀ।

ਭਾਜਪਾ ਇਨੀ ਸ਼ਾਤਰ ਪਾਰਟੀ ਹੈ ਕਿ ਇਸ ਨੇ ਪੰਜਾਬ ਵਿੱਚੋਂ ਅਕਾਲੀ ਪਾਰਟੀ ਜਿਹੜੀ ਪੰਜਾਬ ਦੀ ਖੇਤਰੀ ਪਾਰਟੀ ਹੁੰਦੀ ਸੀ ਉਸ ਦਾ ਵੀ ਸਦਾ ਲਈ ਭੋਗ ਪਵਾ ਦਿੱਤਾ ਹੈ ।ਪੰਜਾਬ ਦੇ ਲੋਕ ਸ੍ਰੀ ਕੇਜਰੀਵਾਲ ਬਾਰੇ ਬੜੀ ਚੰਗੀ ਤਰਾਂ ਜਾਣ ਗਏ ਹਨ। ਦੇਸ਼ ਵਿੱਚ ਇਸ ਸਮੇਂ ਰਾਜ ਭਾਵੇਂ ਭਾਜਪਾ ਕਰ ਰਹੀ ਦਸੀ ਜਾਂਦੀ ਹੈ ਪਰ ਇਸ ਨੂੰ ਚਲਾਉਣ ਵਾਲੀ ਕੱਟੜ੍ਹ ਹਿੰਦੂਤਵੀ ਜਥੇਬੰਦੀ ਰ.ਸ.ਸ. ਹੈ ।ਬਿਲਕੁਲ ਇਸੇ ਤਰਾਂ ਸ੍ਰੀ ਕੇਜਰੀਵਾਲ ਹਿੰਦੂਤਵੀ ਹੋਣ ਦੇ ਨਾਲ ਰ.ਸ.ਸ. ਦਾ ਆਗੂ ਵੀ ਹੈ ਇਹ ਵੀ ਮੋਦੀ ਦੀ ਤਰਾਂ ਰ.ਸ.ਸ. ਤੋਂ ਅਗਵਾਈ ਲੈ ਕੇ ਰਾਜ ਨੂੰ ਚਲਾਉਂਦਾ ਹੈ ਸ੍ਰੀ ਕੇਜਰੀਵਾਲ ਦਾ ਪਿਛੋਕੜ੍ਹ ਦਾ ਇਤਿਹਾਸ ਵੇਖੋ ਜਦੋਂ ਮੁਸਲਮਾਨਾਂ ਦੀ ਧਾਰਾ 370 ਤੇ 35 ਏ ਖਤਮ ਕੀਤੀ ਗਈ ਤਾਂ ਕੇਜਰੀਵਾਲ ਨੇ ਇਸ ਦੀ ਹਮਾਇਤ ਕੀਤੀ , ਜਦੋਂ ਮੁਸਲਮਾਨਾਂ ਦਾ ਸੂਬਾ ਜੰਮੂ ਕਸਮੀਰ ਤੋੜ੍ਹ ਕੇ ਕੇਂਦਰੀ ਸ਼ਾਸਤ ਪਰਦੇਸ਼ ਬਣਾਇਆ ਗਿਆ ਤਾਂ ਵੀ ਸ੍ਰੀ ਕੇਜਰੀਵਾਲ ਨੇ ਭਾਜਪਾ ਦੀ ਹਮਾਇਤ ਕੀਤੀ ।ਜਦੋਂ ਇਹ ਦਿੱਲੀ ਦਾ ਮੁੱਖ ਮੰਤਰੀ ਸੀ ਤੇ ਦਿੱਲੀ ਵਿੱਚ ਮੁਸਲਮਾਨਾਂ ਨਾਲ ਜੁਲਮ ਹੋਇਆ ਸੀ ਤੇ ਉਹ ਧਰਨਾ ਮਾਰ ਕੇ ਜਹੀਨ ਬਾਗ ਵਿੱਚ ਬੈਠੇ ਸਨ ਤਾਂ ਉਸ ਵੇਲੇ ਦਿੱਲੀ ਦੇ ਮੁੱਖ ਮੰਤਰੀ ਹੁੰਦਿਆਂ ਹੋਇਆਂ ਉਸ ਨੂੰ ਦਿੱਲੀ ਦਾ ਜਹੀਨ ਬਾਗ ਨਜਰ ਨਹੀਂ ਸੀ ਆਇਆ ।ਇਹ ਹੀ ਕੇਜਰੀਵਾਲ ਮੁਸਲਮਾਨਾਂ ਨਾਲ ਹਮਦਰਦੀ ਕਰਨ ਉਨਾਂ ਦੇ ਧਰਨੇ ਵਿੱਚ ਨਹੀਂ ਸੀ ਪੁਜੱਾ । ਇਸੇ ਕਰਕੇ ਆਮ ਆਦਮੀ ਪਾਰਟੀ ਤੇ ਫੱਟਾ ਲਗ ਗਿਆ ਹੈ ਕਿ ਆਮ ਆਦਮੀ ਪਾਰਟੀ ਭਾਜਪਾ ਦੀ "ਬੀ" ਟੀਮ ਹੈ ।ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਪੰਜਾਬ ਦੇ ਲੋਕ ਭਾਜਪਾ ਨੂੰ ਸਵੀਕਾਰ ਕਰਨ ਵਾਲੇ ਨਹੀਂ ਹਨ ਜੇਕਰ ਉਹ ਆਪਣੀ ਭਲਾਈ ਚਾਹੁੰਦੇ ਹਨ ਤਾਂ ਉਹ ਸ੍ਰੀ ਕੇਜਰੀਵਾਲ ਤੇ ਉਸ ਦੀ ਜੁੰਡਲੀ ਤੋਂ ਤੁਰੰਤ ਕਿਨਾਰਾ ਕਰਨ ।ਇਸ ਟੋਲੇ ਨੇ ਪੰਜਾਬ ਨੂੰ ਆਰਥਕ ਪੱਖੋਂ ਇੰਨਾ ਕੰਗਾਲ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕਾਂ ਦੇ ਮੱਸਲਿਆਂ ਨੂੰ ਹੱਲ ਕਰਨ ਲਈ ਪੈਸਾ ਨਹੀਂ ਛੱਡਿਆ ਹੈ। ਮੁੱਖ ਮੰਤਰੀ ਸ੍ਰ ਮਾਨ ਪੰਜਾਬੀਆਂ ਵਿੱਚੋਂ ਆਪਣੀ ਹੋਂਦ ਨੂੰ ਖਤਮ ਹੀ ਨਹੀਂ ਕਰ ਰਹੇ ਬਲਕਿ ਪੰਜਾਬ ਦਾ ਸਤਿਆਨਾਸ ਵੀ ਉਨਾਂ ਕੋਲੋਂ ਕਰਾ ਰਹੇ ਹਨ ।ਹਾਲੇ ਵੀ ਵੇਲਾ ਹੈ "ਡੁੱਲੇ ਬੇਰਾਂ ਦਾ ਕੁਝ ਨਹੀਂ ਵਿਗੜਿਆ ਹੈ" ਉਹ ਦਿੱਲੀ ਦੀ ਸਾਰੀ ਫੌਜ ਨੂੰ ਪੰਜਾਬ ਦੇ ਗੱਲੋਂ ਲਾਹ ਕੇ ਪੰਜਾਬ ਦੀ ਹੋ ਰਹੀ ਬਰਬਾਦੀ ਨੂੰ ਬਿਨਾ ਦੇਰੀ ਰੋਕਣ ।ਸ੍ਰੀ ਕੇਜਰੀਵਾਲ ਤੇ ਸ੍ਰੀ ਸਿਸੋਦੀਆਂ ਸਮੇਤ ਦਿੱਲੀ ਦੀ ਫੌਜ ਦੇ ਲਗਾਏ ਸਕੱਤਰਾਂ ਨੂੰ ਪੰਜਾਬ ਤੋਂ ਬਾਹਰ ਦਾ ਰਸਤਾ ਦਿਖਾ ਕੇ ਪੰਜਾਬ ਦੇ ਧੰਨ ਨੂੰ ਬਚਾਉਣ। ਉਸ ਨਾਲ ਪੰਜਾਬ ਦੇ ਲੋਕਾਂ ਦੇ ਕੰਮ ਹੋ ਸਕਦੇ ਹਨ। ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਦੇ ਬਹੁਤੇ ਆਗੂ ਬੇਈਮਾਨ ਹੋਣ ਕਰਕੇ ਆਪਣਾ ਵਕਾਰ ਗੁਆ ਚੁਕੇ ਹਨ। ਪਰ ਹਰੇਕ ਪਾਰਟੀ ਵਿੱਚ ਕੁਝ ਕੁ ਈਮਾਨਦਾਰ ਆਗੂ ਵੀ ਜਰੂਰ ਹੁੰਦੇ ਹਨ ।ਮੁੱਖ ਮੰਤਰੀ ਪੰਜਾਬ ਤੇ ਰਾਜਨੀਤਕ ਪਾਰਟੀਆਂ ਦੇ ਈਮਾਨਦਾਰ ਆਗੂਆਂ ਦੀ ਵੱਡੀ ਜਿੰਮੇਵਾਰੀ ਬਣ ਗਈ ਹੈ ਕਿ ਉਹ ਉੱਜੜ੍ਹ ਰਹੇ ਪੰਜਾਬ ਨੂੰ ਬਚਾਉਣ ਲਈ ਅੱਗੇ ਆਉਣ ।ਸ੍ਰ ਮਾਨ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਦੇ ਸਾਰੀਆਂ ਰਾਜਨੀਤਕ ਪਾਰਟੀਆਂ ਦੇ ਈਮਾਨਦਾਰ ਲੀਡਰਾਂ , ਚੰਗੀ ਸ਼ਾਖ ਰੱਖਣ ਵਾਲੇ ਸੇਵਾ ਮੁੱਕਤ ਹੋ ਚੁੱਕੇ ਆਈ ਏ ਐਸ ਤੇ ਆਈ ਪੀ ਐਸ ਅਫਸਰਾਂ ਨੂੰ ਇਕੱਠਾ ਕਰਕੇ ਉਨਾ ਦਾ 'ਥਿੰਕ ਟੈਂਕ' ਬਣਾਉਣ। ਜਿਹੜਾ ਚੋਣਾ ਹੋਣ ਤਕ ਪੰਜਾਬ ਨੂੰ ਚੰਗੇ ਢੰਗ ਨਾਲ ਚਲਾਵੇ ਇਸੇ ਦੀ ਅਗਵਾਈ ਵਿੱਚ ਚੋਣਾਂ ਤੋਂ ਪਹਿਲਾਂ ਪਹਿਲਾਂ ਜੋ ਵੱਧ ਤੋਂ ਵੱਧ ਉਹ ਪੰਜਾਬ ਦਾ ਸਵਾਰ ਸਕਦੇ ਹਨ ਉਹ ਸਵਾਰਣ ।2027 ਤੋਂ ਪਹਿਲਾਂ ਪਹਿਲਾਂ ਸਰਕਾਰ ਚੰਗੀ ਕਾਰਗੁਜਾਰੀ ਕਰਕੇ ਆਪਣੇ ਖੁਸੇ ਹੋਏ ਵਕਾਰ ਨੂੰ ਕਾਫੀ ਹੱਦ ਤਕ ਬਹਾਲ ਕਰ ਸਕਦੀ ਹੈ। ਫਿਰ ਨਿਸਚੇ ਨਾਲ ਗੱਲ ਕਹੀ ਜਾ ਸਕਦੀ ਹੈ ਕਿ 2027 ਵਿੱਚ ਚੰਗੀ ਦਿੱਖ ਵਾਲੀ ਸਰਕਾਰ ਬਣੇਗੀ ਇਸ ਵਿੱਚ ਪੰਜਾਬ ਤੇ ਪੰਜਾਬੀਆਂ ਦੀ ਭਲਾਈ ਹੈ ਇਹ ਸਭ ਕੁਝ ਹੁਣ ਸ੍ਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੇ ਹੱਥ ਵਿੱਚ ਹੈ ਕਿ ਉਨਾਂ ਨੇ ਪੰਜਾਬ ਨੂੰ ਹੋਰ ਬਰਬਾਦ ਕਰਨਾ ਹੈ ਕਿ ਉਸ ਨੂੰ ਬਚਾਉਣਾ ਹੈ ਜਾਂ ਕਿ ਪੰਜਾਬ ਦੀ ਵਾਂਗਡੋਰ ਭਾਜਪਾ ਦੇ ਹੱਥ ਵਿੱਚ ਫੜਾ ਕੇ ਉਸ ਦੀ ਹੋਰ ਬਰਬਾਦੀ ਕਰਾਉਣੀ ਹੈ ।






# ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
*Where Hope Meets*

# IMMIGRATION OPPORTUNITIES

**USA SERVICES :**
- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**
- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

## ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ



100% CUSTOMER SATISFACTION GUARANTEED

SINGH SOLAR

# ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

## ਸਿਰ.ਫ ਇਕ ਕਾਲ - ਵੱਡੀ ਬੱਚਤ

# 510-706-1300

singhsolarusa@gmail.com

# ਅਮਰੀਕਾ-ਇਜ਼ਰਾਈਲ-ਇਰਾਨ ਜੰਗ ਦੇ ਪਹਿਲੇ ਹਫ਼ਤੇ ਗਲਫ਼ ਦੀ ਸੁਰੱਖਿਆ ਤੇ ਤੀਜੇ ਵਿਸ਼ਵ ਯੁੱਧ ਦੇ ਸਕੇਤ

ਅਮਰੀਕਾ ਅਤੇ ਇਜ਼ਰਾਈਲ ਦੀ ਇਰਾਨ ਨਾਲ ਜੰਗ ਨੂੰ ਅਜੇ ਹਫਤਾ ਵੀ ਨਹੀਂ ਹੋਇਆ ਪਰ ਹਵਾ ਪਹਿਲਾਂ ਹੀ ਬਦਲਦੀ ਮਹਿਸੂਸ ਹੋ ਰਹੀ ਹੈ। ਕੁਝ ਥਾਵਾਂ 'ਤੇ ਅਸਰ ਹਾਲੇ ਹਲਕਾ ਹੈ, ਪਰ ਮੱਧ-ਪੂਰਬ ਵਿੱਚ ਇਹ ਟਕਰਾਅ ਲਹਿਰ ਵਾਂਗ ਫੈਲ ਰਿਹਾ ਹੈ।

ਇਹ ਵਕਤ ਉਸ ਵੇਲੇ ਆਇਆ ਹੈ ਜਦੋਂ ਰੂਸ-ਯੂਕਰੇਨ ਜੰਗ ਅਟਕੀ ਹੋਈ ਹੈ, ਪਾਕਿਸਤਾਨ-ਅਫਗਾਨਿਸਤਾਨ ਤਣਾਅ ਤਾਜ਼ਾ ਹੈ, ਅਤੇ ਹੋਰ ਸਰਹੱਦੀ ਘਟਨਾਵਾਂ ਨੇ ਵਿਸ਼ਵ ਨੇਤਾਵਾਂ ਦਾ ਧਿਆਨ ਪਹਿਲਾਂ ਹੀ ਵੰਡਿਆ ਹੋਇਆ ਹੈ।

ਇਸ ਜੰਗ ਦਾ ਵੱਡਾ ਦਾਅ ਗਲਫ਼ ਲਈ ਹੈ, ਕਿਉਂਕਿ ਇਥੇ ਊਰਜਾ, ਬੰਦਰਗਾਹਾਂ, ਹਵਾਈ ਮਾਰਗ, ਅਤੇ ਵਿਦੇਸ਼ੀ ਫੌਜੀ ਮੌਜੂਦਗੀ ਇਕੱਠੇ ਮਿਲਦੇ ਹਨ।

ਪਹਿਲੇ ਹਫ਼ਤੇ ਦੀ ਤਸਵੀਰ ਧੁੰਦਲੀ ਵੀ ਹੈ ਅਤੇ ਖ਼ਤਰਨਾਕ ਵੀ। ਕਈ ਦਾਅਵੇ ਚੱਲ ਰਹੇ ਹਨ, ਇਸ ਲਈ ਸਰਕਾਰੀ ਬਿਆਨਾਂ ਅਤੇ ਭਰੋਸੇਯੋਗ ਰਿਪੋਰਟਾਂ ਵਿਚਕਾਰ ਪਰਖ ਕਰਨਾ ਜ਼ਰੂਰੀ ਹੈ। ਫਿਰ ਵੀ, ਗਲਫ਼ ਲਈ ਇਕ ਗੱਲ ਸਾਫ਼ ਹੈ, ਜੰਗ ਸਿਰਫ਼ ਦੋ ਦੇਸ਼ਾਂ ਦੀ ਲੜਾਈ ਨਹੀਂ ਰਹੀ।

ਪਹਿਲੇ ਦਿਨਾਂ ਵਿੱਚ ਰਿਪੋਰਟਾਂ ਮੁਤਾਬਕ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਇਰਾਨ ਦੇ ਅੰਦਰ ਹਵਾਈ ਹਮਲੇ ਅਤੇ ਵੱਡੇ ਟਾਰਗੇਟਾਂ ਦੀ ਗੱਲ ਚੱਲ ਰਹੀ ਹੈ ਦੂਸਰੇ ਪਾਸੇ ਇਰਾਨ ਵੱਲੋਂ ਜਵਾਬੀ ਹਮਲੇ, ਜੋ ਰਿਪੋਰਟਾਂ ਅਨੁਸਾਰ ਸਿਰਫ਼ ਇਜ਼ਰਾਈਲ ਤੱਕ ਸੀਮਿਤ ਨਹੀਂ ਰਹੇ। ਜੋ ਹੁਣ ਗਲਫ਼ ਵਿੱਚ ਫੌਜੀ ਅੱਡਿਆਂ, ਹਵਾਈ ਅੱਡਿਆਂ, ਬੰਦਰਗਾਹਾਂ, ਅਤੇ ਕੁਝ ਵਪਾਰਕ ਇਲਾਕਿਆਂ 'ਤੇ ਖਤਰੇ ਦੀ ਘੰਟੀ ਵਜਾ ਚੁੱਕੀ ਹੈ।

ਇਹ ਸਭ ਉਸ ਖੇਤਰ ਵਿੱਚ ਹੋ ਰਿਹਾ ਹੈ ਜਿੱਥੇ ਅਮਰੀਕੀ ਅੱਡੇ, ਤੇਲ ਟਰਮੀਨਲ, ਅਤੇ ਜਹਾਜ਼ੀ ਰਸਤੇ ਇਕ ਦੂਜੇ ਦੇ ਬਹੁਤ ਨੇੜੇ ਹਨ। ਇਸ ਕਰਕੇ ਗਲਤ ਫਹਿਮੀ ਜਾਂ ਗਲਤ ਨਿਸ਼ਾਨਾ ਵੀ ਵੱਡੀ ਚਿੰਗਾਰੀ ਬਣ ਰਿਹਾ ਹੈ।

ਜਦ ਕਿ ਅਮਰੀਕਾ ਅਤੇ ਇਜ਼ਰਾਈਲ ਨੇ ਇਰਾਨ ਦੇ ਕੁਝ ਸੈਨਾ ਅਤੇ ਢਾਂਚਾਗਤ ਟਾਰਗੇਟਾਂ ਨੂੰ ਨਿਸ਼ਾਨਾ ਬਣਾਇਆ। ਕੁਝ ਰਿਪੋਰਟਾਂ ਵਿੱਚ ਇਹ ਵੀ ਕਿਹਾ ਗਿਆ ਕਿ ਉੱਚ ਅਧਿਕਾਰੀ ਮਾਰੇ ਗਏ। ਇਥੇ ਹੀ ਇਕ ਹੋਰ ਗੱਲ ਚੱਲੀ, ਸੁਪਰੀਮ ਲੀਡਰ ਅਲੀ ਖਾਮਨੇਈ ਦੀ ਮੌਤ ਬਾਰੇ ਅਫਵਾਹਾਂ ਵੀ ਆਈਆਂ, ਪਰ ਇਹ ਦਾਅਵੇ ਵਿਆਪਕ ਤੌਰ 'ਤੇ ਪੁਸ਼ਟੀਸ਼ੁਦਾ ਨਹੀਂ ਮੰਨੇ ਜਾਂਦੇ।

ਇਰਾਨ ਦਾ ਜਵਾਬ, ਰਿਪੋਰਟਾਂ ਮੁਤਾਬਕ, ਹਮਲਿਆਂ ਦੀ ਹੱਦ ਵਧਾਉਂਦਾ ਦਿਖਿਆ। ਜਦੋਂ ਕਿਸੇ ਰਾਜ ਨੂੰ ਲੱਗਦਾ ਹੈ ਕਿ ਉਸਨੂੰ ਘੇਰਿਆ ਜਾ ਰਿਹਾ ਹੈ, ਤਾਂ ਉਹ ਅਕਸਰ ਸਿੱਧੇ ਅਤੇ ਪਰੋਕਸੀ ਦੋਵੇਂ ਰਾਹ ਵਰਤਦਾ ਹੈ। ਇਸ ਕਰਕੇ ਖੇਤਰ ਦੇ ਹੋਰ ਦੇਸ਼ ਵੀ ਅਣਚਾਹੇ ਤੌਰ 'ਤੇ ਚੱਕਰ ਵਿੱਚ ਆ ਰਹੇ ਹਨ।

ਗਲਫ਼ ਦੇਸ਼ ਕਿਉਂ ਨਿਸ਼ਾਨੇ ਤੇ ਆਏ?

ਸਾਉਦੀ ਅਰਬ, ਕਤਰ, ਯੂਏਈ, ਬਹਿਰੇਨ, ਕੂਵੈਤ, ਅਤੇ ਓਮਾਨ ਬਾਰੇ ਰਿਪੋਰਟਾਂ ਵਿੱਚ ਮਿਜ਼ਾਈਲ ਜਾਂ ਡਰੋਨ ਹਮਲਿਆਂ ਦਾ ਜ਼ਿਕਰ ਆਇਆ। ਕਈ ਥਾਵਾਂ 'ਤੇ ਟਾਰਗੇਟਾਂ ਵਿੱਚ ਅਮਰੀਕੀ ਫੌਜੀ ਅੱਡੇ, ਹਵਾਈ ਅੱਡੇ, ਬੰਦਰਗਾਹਾਂ, ਅਤੇ ਕੁਝ ਵਪਾਰਕ ਇਲਾਕੇ ਵੀ ਦੱਸੇ ਗਏ।

ਇਸ ਦੇ ਪਿੱਛੇ ਤਰਕ ਸਿੱਧਾ ਹੈ। ਇਰਾਨ ਅਕਸਰ ਖੇਤਰ ਨੂੰ "ਸਿਗਨਲ" ਭੇਜ ਕੇ ਦਬਾਅ ਬਣਾਉਂਦਾ ਹੈ, ਤਾਂ ਜੋ ਵਿਰੋਧੀ ਧਿਰ ਦੀ ਲਾਗਤ ਵਧੇ। ਪਰ ਇਹ ਤਰੀਕਾ ਗਲਫ਼ ਲਈ ਖਾਸ ਖ਼ਤਰਾ ਹੈ, ਕਿਉਂਕਿ ਇਥੇ ਨਾਗਰਿਕ ਅਰਥਵਿਵਸਥਾ ਅਤੇ ਫੌਜੀ ਢਾਂਚਾ ਕਈ ਵਾਰ ਇਕੋ ਜਗ੍ਹਾ ਦੇ ਨੇੜੇ ਹੁੰਦੇ ਹਨ। ਇਸ ਕਰਕੇ ਇਕ ਛੋਟੀ ਗਲਤੀ ਵੀ ਵੱਡੀ ਘਟਨਾ ਬਣ ਸਕਦੀ ਹੈ।

ਤੇਲ, ਗੈਸ, ਤੇ ਸਮੁੰਦਰੀ ਰਸਤੇ: ਅਸਲ ਆਰਥਿਕ ਝਟਕਾ ਕਿਵੇਂ ਆ ਸਕਦਾ ਹੈ

ਜੰਗ ਦੇ ਸ਼ੋਰ ਨਾਲੋਂ ਵੱਡਾ ਅਸਰ ਕਈ ਵਾਰੀ ਕੀਮਤਾਂ ਦੇ ਟੈਗ ਦਿਖਾਉਂਦੇ ਹਨ। ਗਲਫ਼ ਵਿੱਚ ਜੇ ਸਮੁੰਦਰੀ ਆਵਾਜਾਈ 'ਤੇ ਡਰ ਬੈਠ ਜਾਏ, ਤਾਂ ਉਸ ਦਾ ਝਟਕਾ ਏਸ਼ੀਆ ਤੋਂ ਯੂਰਪ ਤੱਕ ਪਹੁੰਚਦਾ ਹੈ। ਇਸ ਜੰਗ ਵਿੱਚ ਸਭ ਤੋਂ ਸੰਵੇਦਨਸ਼ੀਲ ਗੱਲ MStriat of Hormuz ਹੈ, ਕਿਉਂਕਿ ਇਥੇ ਰੁਕਾਵਟ ਦਾ ਅਰਥ ਸਿਰਫ਼ ਦੇਰੀ ਨਹੀਂ, ਸਗੋਂ ਖ਼ਰਚੇ ਦੀ ਲੜੀ ਹੁੰਦਾ ਹੈ।

ਇਸ ਦੌਰਾਨ ਨਿਵੇਸ਼ਕ ਸੁਰੱਖਿਅਤ ਥਾਵਾਂ ਵੱਲ ਭੱਜਦੇ ਹਨ, ਅਤੇ ਊਰਜਾ ਮਾਰਕੀਟ ਘਬਰਾਹਟ ਨਾਲ ਕੰਬ ਉਠਦੇ ਹਨ। ਰਿਪੋਰਟਾਂ ਮੁਤਾਬਕ ਯੂਰਪ ਅਤੇ ਕੈਨੇਡਾ ਵਿੱਚ ਗੈਸ ਦੀਆਂ ਕੀਮਤਾਂ ਪਹਿਲੇ ਝਟਕਿਆਂ ਵਿੱਚ 10 ਤੋਂ 18 ਫੀਸਦੀ ਤੱਕ ਵਧਣ ਦੀ ਗੱਲ ਵੀ ਸਾਹਮਣੇ ਆਈ। ਭਾਵੇਂ ਹਰ ਦੇਸ਼ 'ਤੇ ਅਸਰ ਇੱਕੋ ਜਿਹਾ ਨਹੀਂ ਹੁੰਦਾ, ਪਰ ਸੰਦੇਸ਼ ਇੱਕੋ ਹੈ, ਸਿਰਫ਼ "ਸੀਮਿਤ ਰੁਕਾਵਟ" ਵੀ ਵੱਡੀ ਮਹਿੰਗਾਈ ਬਣ ਸਕਦੀ ਹੈ।

Striat of Hormuz muf ਇੱਕ ਤੰਗ ਸਮੁੰਦਰੀ ਰਸਤਾ ਹੈ ਜੋ ਗਲਫ਼ ਨੂੰ ਖੁੱਲ੍ਹੇ ਸਮੁੰਦਰ ਨਾਲ ਜੋੜਦਾ ਹੈ। ਬਹੁਤ ਸਾਰੇ ਤੇਲ ਅਤੇ ਗੈਸ ਟੈਂਕਰ ਇਥੋਂ ਲੰਘਦੇ ਹਨ, ਇਸ ਲਈ ਇਹ ਰਸਤਾ ਕਿਸੇ ਗਲ੍ਹੇ ਦੇ ਨਸੇ ਵਾਂਗ ਹੈ। ਨਸ 'ਤੇ ਹੱਥ ਪਏ, ਤਾਂ ਸਾਰਾ ਸਰੀਰ ਅਸਹਜ ਹੋ ਜਾਂਦਾ ਹੈ।

ਅਸਲ ਖ਼ਤਰਾ ਹਮੇਸ਼ਾ ਇਹ ਨਹੀਂ ਕਿ ਰਸਤਾ ਪੂਰੀ ਤਰ੍ਹਾਂ ਬੰਦ ਹੋ ਜਾਵੇ। ਕਈ ਵਾਰ ਸਿਰਫ਼ ਡਰ ਕਾਫ਼ੀ ਹੁੰਦਾ ਹੈ। ਜਦੋਂ ਜਹਾਜ਼ ਮਾਲਕ, ਬੀਮਾ ਕੰਪਨੀਆਂ, ਅਤੇ ਬੈਂਕ ਸੋਚਦੇ ਹਨ ਕਿ ਖ਼ਤਰਾ ਵਧ ਗਿਆ ਹੈ, ਤਾਂ ਉਹ ਕੀਮਤਾਂ ਉੱਪਰ ਚਾੜ੍ਹ ਦਿੰਦੇ ਹਨ।

ਜਦੋਂ ਖ਼ਤਰਾ ਵਧਦਾ ਹੈ, ਪਹਿਲਾਂ ਇਨਸ਼ੋਰੈਂਸ ਪ੍ਰੀਮੀਅਮ ਚੜ੍ਹਦਾ ਹੈ। ਫਿਰ ਕਈ ਕੰਪਨੀਆਂ ਰੂਟ ਬਦਲਦੀਆਂ ਹਨ, ਜਿਸ ਨਾਲ ਦੂਰੀ ਵਧਦੀ ਹੈ ਅਤੇ ਡਿਲਵਰੀ ਦੇਰੀ ਨਾਲ ਆਉਂਦੀ ਹੈ। ਦੇਰੀ ਦਾ ਮਤਲਬ ਗੋਦਾਮ ਖ਼ਾਲੀ, ਫੈਕਟਰੀਆਂ ਦੀ ਲਾਗਤ ਉੱਚੀ, ਅਤੇ ਆਖ਼ਰਕਾਰ ਉਪਭੋਗਤਾ ਲਈ ਮਹਿੰਗੇ ਬਿੱਲ।

ਨਿਵੇਸ਼ਕਾਂ ਦੀ ਘਬਰਾਹਟ ਇਸ ਨੂੰ ਹੋਰ ਤੇਜ਼ ਕਰ ਸਕਦੀ ਹੈ। ਜੇ ਮਾਰਕੀਟ ਨੂੰ ਲੱਗੇ ਕਿ ੍ਹੋਰਮੁਡ ਨੇੜੇ ਹਾਲਾਤ ਹੋਰ ਬਿਗੜਣਗੇ, ਤਾਂ ਵਪਾਰੀ ਪਹਿਲਾਂ ਹੀ ਮਹਿੰਗੇ ਸੌਦੇ ਕਰ ਲੈਂਦੇ ਹਨ। ਇਸੇ ਕਾਰਨ ਯੂਰਪ ਅਤੇ ਕੈਨੇਡਾ ਵਿੱਚ 10 ਤੋਂ 18 ਫੀਸਦੀ ਤੱਕ ਗੈਸ ਕੀਮਤਾਂ ਵਧਣ ਵਾਲੀਆਂ ਰਿਪੋਰਟਾਂ ਮਹੱਤਵ ਰੱਖਦੀਆਂ ਹਨ, ਕਿਉਂਕਿ ਇਹ ਘਰਾਂ ਦੇ ਬਜਟ, ਟਰਾਂਸਪੋਰਟ, ਅਤੇ ਉਦਯੋਗੀ ਖ਼ਰਚੇ ਨੂੰ ਸਿੱਧਾ ਛੂਹਿੰਦੀਆਂ ਹਨ।

ਗਲਫ਼ ਦੇਸ਼ਾਂ ਲਈ ਅਗਲਾ ਦੌਰ ਸਿਰਫ਼ ਸੈਨਾ ਦਾ ਨਹੀਂ, ਰਣਨੀਤੀ ਦਾ ਹੈ। ਇਸ ਦੇ ਨਾਲ ਅਮਰੀਕਾ ਦੇ ਅੰਦਰਲੀ ਰਾਜਨੀਤੀ ਵੀ ਰੁਖ ਬਦਲ ਸਕਦੀ ਹੈ।

ਕਈ ਟਿੱਪਣੀਕਾਰਾਂ ਨੇ ਕਿਹਾ ਕਿ ਰਾਸ਼ਟਰਪਤੀ ਟਰੰਪ ਇਸਨੂੰ ਰਾਜਨੀਤਿਕ ਜਿੱਤ ਸਮਝਦੇ ਹੋ ਸਕਦੇ ਹਨ, ਜਾਂ ਧਿਆਨ ਭਟਕਾਉਣ ਦਾ ਰਸਤਾ। "Epstien files" ਨਾਲ ਜੋੜ ਕੇ ਜੋ ਦਾਅਵੇ ਚੱਲੇ, ਉਹ ਸਰਕਾਰੀ ਤੌਰ 'ਤੇ ਸਾਬਤ ਨਹੀਂ ਹਨ, ਪਰ ਉਹ ਦੱਸਦੇ ਹਨ ਕਿ ਜੰਗ ਦੇ ਫ਼ੈਸਲੇ ਘਰੇਲੂ ਸਿਆਸਤ ਦੇ ਸ਼ੋਰ ਤੋਂ ਵੀ ਪ੍ਰਭਾਵਿਤ ਹੋ ਸਕਦੇ ਹਨ। ਅਮਰੀਕੀ ਕਾਂਗਰਸ ਮੈਂਬਰ ਆਪਣੇ ਤਰੀਕੇ ਨਾਲ ਵਰਤ ਰਹੇ ਹਨ। ਇਸ ਕਰਕੇ ਬਾਹਰੀ ਦੁਨੀਆਂ ਲਈ ਸਵਾਲ ਇਹ ਬਣਦਾ ਹੈ ਕਿ ਕੀ ਨੀਤੀ ਸਾਫ਼ ਹੈ, ਜਾਂ ਘਰੇਲੂ ਲੜਾਈ ਵੀ ਇਸਨੂੰ ਧੱਕ ਰਹੀ ਹੈ।

2023 ਵਿੱਚ ਚੀਨ ਦੀ ਮਧਸਥਤਾ ਨਾਲ ਸਾਉਦੀ-ਇਰਾਨ ਥਾਅ ਹੋਇਆ, ਜਿਸ ਨੇ ਇਹ ਸੁਨੇਹਾ ਦਿੱਤਾ ਕਿ ਸੰਵਾਦ ਬਿਨਾਂ ਖੇਤਰ ਨਹੀਂ ਚੱਲਦਾ। ਯੂਏਈ ਨੇ ਵੀ ਪਰੈਗਮੈਟਿਕ ਚੈਨਲ ਖੁੱਲ੍ਹੇ ਰੱਖੇ, ਓਮਾਨ ਨੇ ਮਧਸਥ ਭੂਮਿਕਾ ਨਿਭਾਈ, ਅਤੇ ਕਤਰ ਨੇ ਡਿਪਲੋਮੇਸੀ ਨੂੰ ਜੋਖਮ ਘਟਾਉਣ ਦਾ ਢੰਗ ਮੰਨਿਆ।

ਪਰ ਜੇ ਹਮਲੇ ਲੰਬੇ ਚਲੇ, ਤਾਂ ਗਲਫ਼ ਦੇਸ਼ਾਂ ਨੂੰ ਸੁਰੱਖਿਆ ਖ਼ਰਚੇ ਵਧਾਉਣੇ ਪੈ ਸਕਦੇ ਹਨ। ਨਾਲ ਹੀ ਬੰਦਰਗਾਹਾਂ, ਹਵਾਈ ਰੂਟਾਂ, ਅਤੇ ਤੇਲ-ਗੈਸ ਢਾਂਚੇ ਦੀ ਰਖਿਆ ਮੁੱਖ ਮੁੱਦਾ ਬਣੇਗਾ। ਇਸ ਹਾਲਤ ਵਿੱਚ "ਦੋਸਤ ਅਤੇ ਵੈਰੀ" ਦੀ ਲਕੀਰ ਹੋਰ ਸਖ਼ਤ ਹੋ ਸਕਦੀ ਹੈ, ਜੋ ਹੇਜਿੰਗ ਲਈ ਮਾੜੀ ਖ਼ਬਰ ਹੈ।

ਜੰਗ ਨੂੰ ਵੱਡੀ ਜੰਗ ਬਣਾਉਣ ਵਾਲੇ ਕੁਝ ਲਾਲਚੀ ਰਾਜਨੀਤਕ ਵੀ ਇਸ ਨੂੰ ਤੋਲ ਦੇ ਰਹੇ ਹਨ। ਜੇ ਹੋਰ ਦੇਸ਼ਾਂ ਦੇ ਅੱਡਿਆਂ 'ਤੇ ਮੁੜ ਹਮਲੇ ਹੋਏ, ਜਾਂ ਖੇਤਰ ਤੋਂ ਬਾਹਰ ਦੀਆਂ ਤਣਾਅ ਵਾਲੀਆਂ ਥਾਵਾਂ ਖਿੱਚ ਵਿੱਚ ਆਈਆਂ, ਤਾਂ ਸੱਤਾ-ਸੰਤੁਲਨ ਹਿੱਲ ਸਕਦਾ ਹੈ। ਸਾਇਪ੍ਰਸ ਵਿੱਚ ਬ੍ਰਿਟਿਸ਼ ਬੇਸਾਂ ਬਾਰੇ ਰਿਪੋਰਟਾਂ ਵਰਗੀਆਂ ਗੱਲਾਂ ਵੀ ਇਸੇ ਖ਼ਤਰੇ ਵੱਲ ਇਸ਼ਾਰਾ ਕਰਦੀਆਂ ਹਨ। ਸਭ ਤੋਂ ਮਾੜੇ ਸਿਨਾਰਿਓ ਵਿੱਚ, ਜੇ ਅਮਰੀਕਾ "ਵੱਡੀ ਲਹਿਰ" ਵਾਲੇ ਹਮਲਿਆਂ ਦੀ ਗੱਲ ਕਰੇ ਅਤੇ ਗਰਾਊਂਡ ਫਜ਼ਦਾਰੀ ਦੀ ਸੰਭਾਵਨਾ ਖੁੱਲ੍ਹੀ ਛੱਡੇ, ਤਾਂ ਜੰਗ ਲੰਬੀ ਹੋ ਸਕਦੀ ਹੈ।

ਇਸ ਦੌਰਾਨ ਸ਼ਰਨਾਰਥੀਆਂ ਦਾ ਦਬਾਅ, ਵਪਾਰ ਅਤੇ ਊਰਜਾ ਸਪਲਾਈ ਵਿੱਚ ਰੁਕਾਵਟ, ਅਤੇ ਇਰਾਨ ਦੇ ਅੰਦਰ ਅਸ਼ਾਂਤੀ ਦੀਆਂ ਸੰਭਾਵਨਾਵਾਂ ਵੀ ਚਰਚਾ ਵਿੱਚ ਹਨ। ਕੁਝ ਵਿਸ਼ਲੇਸ਼ਕ ਇਹ ਵੀ ਕਹਿੰਦੇ ਹਨ ਕਿ ਅੰਦਰੂਨੀ ਅਸਥਿਰਤਾ ਨਾਲ ਕੁਝ ਗਰੁੱਪਾਂ ਦੇ ਖੇਤਰੀ ਦਾਵੇ ਉੱਭਰ ਸਕਦੇ ਹਨ। ਦੂਜੇ ਪਾਸੇ ਯੂਰਪੀ ਦੇਸ਼ ਜੰਗ ਰੋਕਣ ਦੀ ਮੰਗ ਕਰ ਰਹੇ ਹਨ, ਜੋ ਡੀ-ਇਸਕਲੇਸ਼ਨ ਲਈ ਦਬਾਅ ਬਣਾਉਂਦਾ ਹੈ। ਅਮਰੀਕਾ ਅੰਦਰ, ਮੀਡੀਆ ਵਿੱਚ ਹਵਾਲੇ ਦਿੱਤੇ ਫਰਵਰੀ 2026 ਦੇ ਪੋਲਾਂ ਮੁਤਾਬਕ 21 ਫੀਸਦੀ ਹਮਲਿਆਂ ਦੇ ਹੱਕ ਵਿੱਚ ਸਨ, 49 ਫੀਸਦੀ ਵਿਰੋਧ ਵਿੱਚ, ਅਤੇ 30 ਫੀਸਦੀ ਅਣਫੈਸਲਾ ਲੈਣ ਵਾਲੇ ਹਨ।

ਇਸ ਜੰਗ ਦੇ ਕੁਝ ਹੀ ਦਿਨਾਂ ਨੇ ਤਿੰਨ ਗੱਲਾਂ ਸਾਫ਼ ਕਰ ਦਿੱਤੀਆਂ ਹਨ। ਪਹਿਲਾਂ, ਗਲਫ਼ ਦੀ ਸੁਰੱਖਿਆ ਹੁਣ ਹੋਰ ਅਨਿਸ਼ਚਿਤ ਹੈ, ਕਿਉਂਕਿ ਟਾਰਗੇਟਾਂ ਦੀ ਲਿਸਟ ਫੈਲ ਰਹੀ ਹੈ। ਦੂਜਾ Hormuz ਬਾਰੇ ਡਰ ਹੀ ਕਾਫ਼ੀ ਹੈ, ਕਿਉਂਕਿ ਇਨਸ਼ੋਰੈਂਸ, ਫ੍ਰੇਟ, ਅਤੇ ਊਰਜਾ ਕੀਮਤਾਂ ਪਲ ਵਿੱਚ ਚੜ੍ਹ ਰਹੀਆਂ ਹਨ। ਤੀਜਾ, ਡਿਪਲੋਮੇਸੀ ਅਤੇ ਡੀ-ਇਸਕਲੇਸ਼ਨ ਘੱਟ ਖ਼ਰਚ ਵਾਲਾ ਰਸਤਾ ਹੈ, ਭਾਵੇਂ ਇਹ ਹੌਲੀ ਚਲਦੀ ਹੈ।

ਹੁਣ ਲੋਕਾਂ ਲਈ ਸਹੀ ਕਾਰਵਾਈ ਇਹ ਹੈ: ਊਰਜਾ ਕੀਮਤਾਂ, ਸ਼ਿਪਿੰਗ ਅੱਪਡੇਟ, ਅਤੇ ਖੇਤਰੀ ਬਿਆਨਾਂ 'ਤੇ ਨਜ਼ਰ ਰੱਖੀ ਜਾਵੇ, ਕਿਉਂਕਿ ਅਗਲਾ ਝਟਕਾ ਅਕਸਰ ਮੋਰਚੇ ਤੋਂ ਨਹੀਂ, ਮਾਰਕੀਟ ਤੋਂ ਆਉਂਦਾ ਹੈ।



Surjit Singh Flora
6 Havelock Drive
Brampton, Canada
647-829-9397

Now Open New Banquet Hall in Sacramento
For more info: Contact Paul : (916)334-6000








SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਹਲਫ਼ੀਆ ਬਿਆਨ




"ਹਲਫ਼ੀਆ ਬਿਆਨ" ਗਿਆਨੀ ਹਰਦੇਵ ਸਿੰਘ ਹੁਰਾਂ ਦੀ ਦੂਜੀ ਕਾਵਿ ਕਿਰਤ ਹੈ। ਵੀਹਵੀਂ ਸਦੀ ਦੇ ਛੇਵੇਂ ਦਹਾਕੇ ਦੌਰਾਨ ਆਪਣੇ ਵਿਦਿਆਰਥੀ ਜੀਵਨ ਮੌਕੇ ਸ਼ੁਰੂ ਕੀਤੇ ਆਪਣੇ ਕਾਵਿਕ ਸਫ਼ਰ ਨੂੰ ਵੇਲੇ ਵੇਲੇ ਦੇ ਲੋਕ ਸੰਘਰਸ਼ਾਂ ਨਾਲ ਜੋੜਦੇ ਗਏ, ਜਿਨ੍ਹਾਂ ਵਿੱਚ ਉਹ ਆਪ ਮੋਢੀ ਬਣ ਸ਼ਾਮਲ ਵੀ ਹੁੰਦੇ ਰਹੇ ਅਤੇ ਕਿੰਨੇ ਹੀ ਤੱਤੇ ਠੰਢੇ ਸਮੇਂ ਆਪਣੇ ਪਿੰਡੇ ਹੰਢਾਏ। ਇਹਨਾਂ ਰਚਨਾਵਾਂ ਦਾ ਪਾਠ ਕਰਦਿਆਂ ਅੱਜ ਵੀ ਇਹ ਸਾਨੂੰ ਸਾਡੇ ਹਾਣ ਦੀਆਂ ਜਾਪਦੀਆਂ ਹਨ, ਕਿਉਂਕਿ ਸਮਾਂ ਵਕਤ ਕੋਈ ਵੀ ਹੋਵੇ, ਸਮਾਜ ਵਿੱਚ ਦੋ ਧਿਰਾਂ ਵਿਚਰਦੀਆਂ ਹਨ, ਇੱਕ ਕਿਰਤੀ ਦੂਜੇ ਸਰਮਾਏਦਾਰ, ਇਨ੍ਹਾਂ ਵਿੱਚ ਜੋ ਪਾੜਾ ਹੈ ਉਹੀ ਵਕਤ ਵਕਤ 'ਤੇ ਸੰਘਰਸ਼ਾਂ ਨੂੰ ਜਨਮ ਦਿੰਦਾ ਹੈ, ਇਸੇ ਲਈ ਸਮਾਂ ਤੇ ਹਾਲਾਤ ਬਦਲਦੇ ਹਨ, ਪਰ ਸੰਘਰਸ਼ ਓਵੇਂ ਹੀ ਚੱਲਦਾ ਰਹਿੰਦਾ ਹੈ। ਸੋ ਉਮਰ ਦੇ ਅੱਠਵੇਂ ਦਹਾਕੇ ਵਿੱਚ ਆਪਣੀ ਗੋਦੜੀ 'ਚ ਸਾਂਭੇ ਲਾਲਾਂ ਦੀ ਇੱਕ ਬੁੱਕ ਭਰ ਆਪ ਸਭ ਦੇ ਸਨਮੁੱਖ ਲੈ ਕੇ ਆਉਣ ਦੀ ਕੋਸ਼ਿਸ਼ ਕੀਤੀ ਹੈ ਸੰਘਰਸ਼ਾਂ ਦੇ ਹਾਣੀ ਗਿਆਨੀ ਹਰਦੇਵ ਸਿੰਘ ਹੁਰਾਂ ਨੇ। ਉਹਨਾਂ ਦੀ ਕਵਿਤਾ ਸੂਲ਼ਾਂ, ਕੰਡਿਆਂ, ਲੇਹੇ, ਭੱਖੜਿਆਂ ਨਾਲ ਛਿੱਲੇ ਪੈਰਾਂ ਦੀ ਵਿਥਿਆ ਹੈ। ਪ੍ਰੀਤ ਪਬਲੀਕੇਸ਼ਨ ਨਾਭਾ ਦੀ ਸਮੁੱਚੀ ਟੀਮ ਵੱਲੋਂ ਇਸ ਕਿਰਤ ਦਾ ਸਵਾਗਤ ਹੈ, ਨਿੱਘੀ ਜੀ ਆਇਆਂ ਨੂੰ

**ਸੁਰਿੰਦਰਜੀਤ ਚੌਹਾਨ**

# ਔਰਤ ਦੀ ਮਹਾਨਤਾ

ਔਰਤ ਸਾਡੇ ਸਮਾਜ ਦੀ ਜ਼ਿੰਦਗੀ ਏ,
ਭਲਾ ਏਹਦੇ ਨਾਲ ਸਾਰੇ ਸੰਸਾਰ ਦਾ ਏ ।
ਭਾਰਤ ਵਰਸ਼ ਦੇ ਸੋਹਣੇ ਇਤਿਹਾਸ ਅੰਦਰ,
ਇਹਦਾ ਨਾਂ ਹਰਦਮ ਚਮਕਾਂ ਮਾਰਦਾ ਏ।

ਸਾਜਾਂ ਵਿੱਚ ਸਰਸਵਤੀ ਦਾ ਰੂਪ ਬਣ ਕੇ,
ਗੀਤ ਸੋਹਣੇ ਇਹ ਆਪ ਹੀ ਗਾ ਰਹੀ ਏ।
ਜਿਥੇ ਵਿਸ਼ਨੂ ਦੀ ਆਰਤੀ ਲੋਕ ਕਰਦੇ,
ਉੱਥੇ ਲਕਸ਼ਮੀ ਵੀ ਪੂਜੀ ਜਾ ਰਹੀ ਏ।

ਗਿਰਧਰ ਆਪ ਆ ਕੇ ਰੋਜ਼ ਬੋਲਦਾ ਸੀ,
ਮੀਰਾਂ ਬਾਈ ਦੀ ਮਿੱਠੀ ਆਵਾਜ਼ ਅੰਦਰ।
ਮਸਤੀ ਉਸ ਦੇ ਨਾਮ ਦੀ ਵਸਦੀ ਸੀ,
ਓਸ ਭਗਤਣੀ ਦੇ ਮਧੁਰ ਸਾਜ ਅੰਦਰ।

ਪੈਦਾ ਖਾਲਸਾ ਕੌਮ ਨੂੰ ਕਰਨ ਲੱਗਿਆਂ,
ਕਲਗੀ ਵਾਲੇ ਨੇ ਨਾਲ ਰਲਾਇਆ ਇਹਨੂੰ।
ਸਿੱਖ ਕੌਮ ਨੂੰ ਇਸ ਦੀ ਗੋਦ ਪਾ ਕੇ,
ਸਾਰੇ ਜੱਗ ਦੇ ਵਿੱਚ ਵਡਿਆਇਆ ਇਹਨੂੰ।

ਰਾਣੀ ਝਾਂਸੀ ਤੇ ਜਦੋਂ ਇਹ ਰੂਪ ਅੰਦਰ,
ਤੇਗ ਪਕੜ ਕੇ ਘੋੜੇ ਸਵਾਰ ਹੋਈ।
ਭਗਦੜ ਮੱਚ ਗਈ ਸਾਰੇ ਵਿਦੇਸ਼ੀਆਂ ਵਿੱਚ ,
ਚਾਰੋਂ ਤਰਫ ਓਹਦੀ ਜੈ ਜੈ ਕਾਰ ਹੋਈ।

ਜਦੋਂ ਮੇਰੇ ਕਿਰਸਾਨ ਨੂੰ ਵਾਹੀ ਕਰ-ਕਰ,
ਜਿਸਮ ਵਿੱਚ ਥਕਾਵਟਾਂ ਆਉਦੀਆਂ ਨੇਂ।
ਉਦੋਂ ਇਹਦੀਆਂ ਬੁੱਲੀਆਂ ਹੱਸ ਹੱਸ ਕੇ,
ਨਵੀਂ ਜ਼ਿੰਦਗੀ ਓਸ ਵਿੱਚ ਪਾਉਂਦੀਆਂ ਨੇਂ।

ਇਹ ਫਿਲਾਸਫਰ ਡਾਕਟਰ ਪ੍ਰਧਾਨ ਕਿਧਰੇ,
ਹਾਈ ਕਮਿਸ਼ਨਰ ਦੀ ਪਦਵੀ ਪਾ ਰਹੀ ਏ।
ਹਿੰਦੂਸਤਾਨ ਦੇ ਨਵੇਂ ਵਿਧਾਨ ਅੰਦਰ,
ਔਰਤ ਆਪਣੀ ਸ਼ਾਨ ਵਿਖਾ ਰਹੀ ਏ।

ਇਹਦੀ ਉਜਵਲਤਾ ਦਾ ਚਾਨਣ ਹੋ ਰਿਹਾ ਏ,
ਇਹਦੀ ਰੋਸ਼ਨੀ ਦੇ ਦੀਵੇ ਬਲ ਰਹੇ ਨੇਂ।
ਇਹਦੀਆਂ ਝਾਂਜਰਾਂ ਦੀ ਸੁਰ-ਤਾਲ ਅੰਦਰ,
ਪੰਜੇ-ਪਾਣੀਂ ਪੰਜਾਬ ਵਿਚ ਚੱਲ ਰਹੇ ਨੇ।

ਇਹ ਹੈ ਦੇਵੀ ਖ਼ੁਸ਼ਹਾਲੀ ਦੀ ਵਰ ਦਾਤੀ ,
ਬੰਦਾ ਇਹਦੇ ਨਾਲ ਵਿਗੜੀ ਸੰਵਾਰਦਾ ਏ।
ਹਰ ਇਨਸਾਨ ਦੇ ਖਿੜੇ ਹੋਏ ਮੁੱਖੜੇ ਤੇ,
'ਦੀਪ' ਦਿਸਦਾ ਚਮਕਾਂ ਮਾਰਦਾ ਏ ।

**ਕੁਲਦੀਪ ਕੌਰ (ਦੀਪ ਲੁਧਿਆਣਵੀ)**




APCA
AMERICAN PETROLEUM AND CONVENIENCE STORE ASSOCIATION
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register
PROPANE
Coca-Cola
APCA
AMERICAN PETROLEUM AND CONVENIENCE STORE ASSOCIATION
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register


ਸੁਆਦ ਜੋ ਦਿਲ ਜਿੱਤ ਲਵੇ !
'Sidhu Catering'
ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ
1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ
ਸ਼ੁੱਧ ਅਤੇ ਸੁਆਦੀ ਖਾਣਾ
ਟਿਫ਼ਨ ਸਰਵਿਸ ਉਪਲਬਧ ਹੈ
ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '
California ਵਿੱਚ ਕਿਤੇ ਵੀ ਪਾਓ Catering ਦੀ ਸੇਵਾ
'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !
ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ
ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107

APCA
AMERICAN PETROLEUM AND CONVENIENCE STORE ASSOCIATION





INVITES YOU
GOLF TOURNAMENT 2026
APRIL 8, 2026

CHARDONNAY GOLF CLUB
NAPA COUNTY, CA 94503

SUPPORTING NON-PROFIT

Children's Miracle Network Hospitals
Change Kids' Health. Change the Future.

Followed by APCA's 12th Annual Trade Show

APCA is a non-profit grassroots, membership based community organization providing representation for small to medium sized enterprises.







Thursday
April 9, 2026
12:30 pm - 5:30 pm

Sunrise Banquet Hall & Events
620 Orange Drive
Vacaville, CA 95687

To register please
click link below.

Register »

www.apca.us

For more information please contact: kewal@apca.us


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# TAKE CONTROL OF YOUR HEALTH!

## PRIVATE, AFFORDABLE, & CONVENIENT

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW

ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336





ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 155**

ਗਉੜੀ ਚੇਤੀ ਮਹਲਾ ੧ ॥

ਅਵਰਿ ਪੰਚ ਹਮ ਏਕ ਜਨਾ ਕਿਉ ਰਾਖਉ ਘਰ ਬਾਰੁ ਮਨਾ ॥ ਮਾਰਹਿ ਲੂਟਹਿ ਨੀਤ ਨੀਤ ਕਿਸੁ ਆਗੈ ਕਰੀ ਪੁਕਾਰ ਜਨਾ ॥੧॥ ਸ੍ਰੀ ਰਾਮ ਨਾਮਾ ਉਚਰੁ ਮਨਾ ॥ ਆਗੈ ਜਮ ਦਲੁ ਬਿਖਮੁ ਘਨਾ ॥੧॥ ਰਹਾਉ ॥ ਉਸਾਰਿ ਮੜੋਲੀ ਰਾਖੈ ਦੁਆਰਾ ਭੀਤਰਿ ਬੈਠੀ ਸਾ ਧਨਾ ॥ ਅੰਮ੍ਰਿਤ ਕੇਲ ਕਰੇ ਨਿਤ ਕਾਮਣਿ ਅਵਰਿ ਲੁਟੇਨਿ ਸੁ ਪੰਚ ਜਨਾ ॥੨॥ ਢਾਹਿ ਮੜੋਲੀ ਲੂਟਿਆ ਦੇਹੁਰਾ ਸਾ ਧਨ ਪਕੜੀ ਏਕ ਜਨਾ ॥ ਜਮ ਡੰਡਾ ਗਲਿ ਸੰਗਲੁ ਪੜਿਆ ਭਾਗਿ ਗਏ ਸੇ ਪੰਚ ਜਨਾ ॥੩॥ ਕਾਮਣਿ ਲੋੜੈ ਸੁਇਨਾ ਰੁਪਾ ਮਿਤ੍ਰ ਲੁੜੇਨਿ ਸੁ ਖਾਧਾਤਾ ॥ ਨਾਨਕ ਪਾਪ ਕਰੇ ਤਿਨ ਕਾਰਣਿ ਜਾਸੀ ਜਮਪੁਰਿ ਬਾਧਾਤਾ ॥੪॥੨॥੧੪॥ {ਪੰਨਾ 155}

ਭਾਵ ਅਰਥ:-

ਉਹ (ਕਾਮਆਦਿਕ ਵਿਕਾਰ) ਪੰਜ ਤੇ ਮੈਂ ਕੱਲਾ ਹਾਂ ਆਪਣੇ ਆਪ ਨੂੰ ਕਿੱਦਾਂ ਬਚਾ ਕੇ ਰੱਖਾ। ਉਹ ਮੈਨੂੰ ਹਰ ਰੋਜ਼ ਮਾਰਦੇ ਨੇ, ਕੁੱਟਦੇ ਨੇ ਤੇ ਲੁੱਟਦੇ ਨੇ ਮੈਂ ਕਿਸ ਅੱਗੇ ਅਰਦਾਸ ਕਰਾਂ ਬੇਨਤੀ ਕਰਾਂ॥੧॥

ਹੇ ਭਾਈ! ਸਿਰਫ ਤੂੰ ਹਰੀ ਪ੍ਰਭੂ ਦਾ ਨਾਮ ਜਪਣਾ ਕਰ ਨਹੀਂ ਤਾਂ ਜਮਾਂ ਦਾ ਦਲ ਬੜਾ ਹੀ ਮੁਸ਼ਕਿਲ ਹੈ, ਤੇਰਾ ਰਾਹ ਰੋਕੀ ਖੜਾ ਹੈ॥੧॥ ਰਹਾਉ॥

ਪਰਮਾਤਮਾ ਨੇ ਇਹ ਸ਼ਰੀਰ ਉਸਾਰ ਕੇ ਇਸ ਦੇ ਨੌਂ ਇੰਦਰੀਆਂ(ਤੇ ਦਸਵੇਂ ਦੁਆਰ ਦੇ) ਦੇ ਰੂਪ ਵਿੱਚ ਦਸ ਦਰਵਾਜ਼ੇ(ਇੱਕ ਗੁਪਤ ਦੁਆਰ) ਰੱਖੇ ਹਨ। ਉਸ ਪ੍ਰਭੂ ਦੇ ਹੁਕਮ ਅਨੁਸਾਰ ਇਸ ਸਰੀਰ ਵਿੱਚ ਜਿੰਦ ਰੂਪੀ ਇਸਤਰੀ ਆ ਵੱਸੀ ਹੈ। ਪਰ ਇਹ ਜੀਵ ਇਸਤਰੀ ਆਪਣੇ ਆਪ ਨੂੰ ਅਮਰ ਜਾਣ ਕੇ ਤਰ੍ਹਾਂ ਤਰ੍ਹਾਂ ਦੇ ਚੋਜ ਤਮਾਸ਼ੇ ਕਰਦੀ ਰਹਿੰਦੀ ਹੈ ਅਤੇ ਉਹ ਪੰਜੇ ਕਾਮ ਆਦਿਕ ਗੁਣ ਗੁਣ ਭਲੇ ਗੁਣਾਂ ਨੂੰ ਲੁੱਟਦੇ ਰਹਿੰਦੇ ਹਨ। ਜਮਾਂ ਦੀ ਫੌਜ ਨੇ ਆਖਰ ਸਰੀਰ ਦਾ ਮੱਠ ਢਾਹ ਕੇ ਮੰਦਰ ਲੁੱਟ ਲਿਆ ਹੈ। ਜੀਵ ਇਸਤਰੀ ਹੁਣ ਇਕੱਲੀ ਹੀ ਫੜੀ ਗਈ ਹੈ। ਜਮਾਂ ਦਾ ਡੰਡਾ ਸਿਰ ਉੱਤੇ ਵੱਜਾ ਜਾਪਦਾ ਹੈ, ਸੰਗਲ ਗਲ ਵਿੱਚ ਪਿਆ ਤੇ ਉਹ ਲੁੱਟਣ ਵਾਲੇ ਪੰਜੇ ਜਣੇ ਭੱਜ ਗਏ।

ਸਾਰੀ ਉਮਰ ਜਦ ਤੱਕ ਜੀਵ ਜਿਉਂਦਾ ਰਿਹਾ ਹੈ ਵਹੁਟੀ ਸੋਨਾ ਚਾਂਦੀ ਦੇ ਗਹਿਣੇ ਮੰਗਦੀ ਰਹਿੰਦੀ ਹੈ, ਸਬੰਧੀ ਮਿੱਤਰ ਖਾਣ ਪੀਣ ਦੇ ਪਦਾਰਥ ਮੰਗਦੇ ਰਹਿੰਦੇ ਹਨ। ਹੇ ਨਾਨਕ ਇਹਨਾਂ ਦੀ ਹੀ ਖਾਤਰ ਜੀਵ ਪਾਪ ਕਮਾਉਂਦਾ ਹੈ ਅਤੇ ਆਖਰ ਪਾਪਾਂ ਦੇ ਕਾਰਨ ਬੱਝਾ ਹੋਇਆ ਆਪ ਕੱਲਾ ਹੀ ਜਮ ਦੀ ਨਗਰੀ ਧੱਕਿਆ ਜਾਂਦਾ ਹੈ।

ਗਉੜੀ ਚੇਤੀ ਮਹਲਾ ੧ ॥

ਮੁੰਦ੍ਰਾ ਤੇ ਘਟ ਭੀਤਰਿ ਮੁੰਦ੍ਰਾ ਕਾਂਇਆ ਕੀਜੈ ਖਿੰਥਾਤਾ ॥ ਪੰਚ ਚੇਲੇ ਵਸਿ ਕੀਜਹਿ ਰਾਵਲ ਇਹੁ ਮਨੁ ਕੀਜੈ ਡੰਡਾਤਾ ॥੧॥ ਜੋਗ ਜੁਗਤਿ ਇਵ ਪਾਵਸਿਤਾ ॥ ਏਕੁ ਸਬਦੁ ਦੂਜਾ ਹੋਰੁ ਨਾਸਤਿ ਕੰਦ ਮੂਲਿ ਮਨੁ ਲਾਵਸਿਤਾ ॥੧॥ ਰਹਾਉ ॥ ਮੂੰਡਿ ਮੁੰਡਾਇਐ ਜੇ ਗੁਰੁ ਪਾਈਐ ਹਮ ਗੁਰੁ ਕੀਨੀ ਗੰਗਾਤਾ ॥ ਤ੍ਰਿਭਵਣ ਤਾਰਣਹਾਰੁ ਸੁਆਮੀ ਏਕੁ ਨ ਚੇਤਸਿ ਅੰਧਾਤਾ ॥੨॥ ਕਰਿ ਪਟੰਬੁ ਗਲੀ ਮਨੁ ਲਾਵਸਿ ਸੰਸਾ ਮੂਲਿ ਨ ਜਾਵਸਿਤਾ ॥ ਏਕਸੁ ਚਰਣੀ ਜੇ ਚਿਤੁ ਲਾਵਹਿ ਲਬਿ ਲੋਭਿ ਕੀ ਧਾਵਸਿਤਾ ॥੩॥ ਜਪਸਿ ਨਿਰੰਜਨੁ ਰਚਸਿ ਮਨਾ ॥ ਕਾਹੇ ਬੋਲਹਿ ਜੋਗੀ ਕਪਟੁ ਘਨਾ ॥੧॥ ਰਹਾਉ ॥ ਕਾਇਆ ਕਮਲੀ ਹੰਸੁ ਇਆਣਾ ਮੇਰੀ ਮੇਰੀ ਕਰਤ ਬਿਹਾਣੀਤਾ ॥ ਪ੍ਰਣਵਤਿ ਨਾਨਕੁ ਨਾਗੀ ਦਾਝੈ ਫਿਰਿ ਪਾਛੈ ਪਛੁਤਾਣੀਤਾ ॥੪॥੩॥੧੫॥ {ਪੰਨਾ 155-156}

ਭਾਵ ਅਰਥ:-

ਹੇ ਜੋਗੀ! ਆਪਣੇ ਸਰੀਰ ਦੇ ਅੰਦਰਲੀਆਂ ਮਾੜੀਆਂ ਵਾਸ਼ਨਾਵਾਂ ਨੂੰ ਰੋਕ, ਇਹੀ ਮੁੰਦਰਾਂ ਹਨ ਦੂਜੇ ਪਾਸੇ ਸਰੀਰ ਨਾਸ਼ਵੰਤ ਹੈ ਇਸ ਨੂੰ ਯਕੀਨੀ ਤੌਰ ਤੇ ਗੋਦੜੀ ਦਾ ਰੂਪ ਦੇ। ਹੇ ਜੰਗਮ ਤੂੰ ਆਪਣੇ ਪੰਜੇ ਗਿਆਨ ਇੰਦਰਿਆਂ ਨੂੰ ਵੱਸ ਵਿੱਚ ਕਰ, ਚੇਲੇ ਬਣਾ,ਆਪਣੇ ਮਨ ਨੂੰ ਡੰਡਾ ਬਣਾ, ਜਿਸ ਨਾਲ ਇਹਨਾਂ ਉੱਤੇ ਕਾਬੂ ਪਾ।

ਹੇ ਜੋਗੀ ਤੂੰ ਗਾਜਰ ਮੂਲੀ ਆਦਿਕ ਖਾਣ ਵਿੱਚ ਮਨ ਜੋੜਦਾ ਫਿਰਦਾ ਹੈਂ, ਪਰ ਜੇ ਉਸ ਗੁਰੂ ਸ਼ਬਦ ਵਿੱਚ ਮਨ ਜੋੜੇਂ ਤਾਂ ਤੂੰ ਇਸ ਤਰਾਂ ਜੋਗ ਦਾ ਤਰੀਕਾ ਲੱਭ ਲਵੇਂਗਾ। ਰਹਾਉ॥

ਜੇ ਗੰਗਾ ਦੇ ਕਿਨਾਰੇ ਸਿਰ ਮੁੰਡਿਆ ਗੁਰੂ ਮਿਲਦਾ ਹੈ ਤਾਂ ਅਸਾਂ ਤਾਂ ਗੁਰੂ ਨੂੰ ਹੀ ਗੰਗਾ ਬਣਾ ਲਿਆ ਹੈ, ਭਾਵ ਸਾਡੇ ਵਾਸਤੇ ਗੁਰੂ ਹੀ ਮਹਾਂ ਪਵਿੱਤਰ ਤੀਰਥ ਹੈ। ਅੰਨਾ ਜੋਗੀ ਉਸ ਇਕੋ ਮਾਲਕ ਨੂੰ ਨਹੀਂ ਸਿਮਰਦਾ, ਜੋ ਤਿੰਨਾਂ ਭਵਨਾਂ ਦੇ ਜੀਵਾਂ ਨੂੰ ਤਾਰਨ ਲਈ ਸਮਰੱਥ ਹੈ।

ਹੇ ਜੋਗੀ !ਤੂੰ ਜੋਗਤਾ ਦਾ ਵਿਖਾਵਾ ਕਰਕੇ ਨਿਰੀਆਂ ਗੱਲਾਂ ਵਿੱਚ ਹੀ ਲੋਕਾਂ ਦਾ ਮਨ ਪਰਚਾਵਾ ਕਰਦਾ ਹੈ, ਪਰ ਤੇਰਾ ਆਪਣਾ ਸੰਸਾ ਉਕਾ ਹੀ ਦੂਰ ਨਹੀਂ ਹੁੰਦਾ। ਜੇ ਤੂੰ ਇੱਕ ਪਰਮਾਤਮਾ ਦੇ ਚਰਨ ਕਮਲਾਂ ਵਿੱਚ ਚਿੱਤ ਜੋੜੇਂ, ਤਾਂ ਲਬ ਤੇ ਲੋਭ ਕਾਰਨ ਬਣੀ ਹੋਈ ਤੇਰੀ ਭਟਕਣਾ ਦੂਰ ਹੋ ਜਾਵੇ।

ਹੇ ਜੋਗੀ ! ਬਹੁਤ ਠੱਗੀ ਫਰੇਬ ਦਾ ਬੋਲ ਕਿਉਂ ਬੋਲਦਾ ਹੈਂ, ਆਪਣਾ ਮਨ ਜੋੜ ਕੇ ਮਾਇਆ ਰਹਿਤ ਪ੍ਰਭੂ ਦਾ ਨਾਮ ਸਿਮਰਨਾ ਕਰ॥ ਰਹਾਉ॥

ਜਿਸ ਮਨੁੱਖ ਦਾ ਸਰੀਰ ਝੱਲਾ ਹੋਇਆ ਪਿਆ ਹੋਵੇ, ਭਾਵ ਗਿਆਨ ਇੰਦਰੇ ਵਿਕਾਰਾਂ ਵਿੱਚ ਅੱਟੇ ਪਏ ਹੋਣ, ਜਿਸ ਤੋਂ ਜੀਵ ਆਤਮਾ ਅਨਜਾਣ ਹੋਵੇ ,ਉਸ ਦੀ ਸਾਰੀ ਉਮਰ ਮਾਇਆ ਮਮਤਾ ਵਿੱਚ ਲੰਘ ਜਾਂਦੀ ਹੈ। ਨਾਨਕ! ਬੇਨਤੀਰਤ ਹਾਂ ਕਿ ਜਦੋਂ ਸਰੀਰ ਕੱਲਾ ਹੀ ਮਸਾਣਾਂ ਵਿੱਚ ਸੜਦਾ ਹੈ ਤਾਂ ਸਮਾਂ ਲੰਘ ਜਾਣ ਤੇ ਜੀਵ ਪਛਤਾਉਂਦਾ ਹੈ।

**ਅੰਗ 156**

ਗਉੜੀ ਚੇਤੀ ਮਹਲਾ ੧ ॥

ਅਉਖਧ ਮੰਤ੍ਰ ਮੂਲੁ ਮਨ ਏਕੈ ਜੇ ਕਰਿ ਦ੍ਰਿੜੁ ਚਿਤੁ ਕੀਜੈ ਰੇ ॥ ਜਨਮ ਜਨਮ ਕੇ ਪਾਪ ਕਰਮ ਕੇ ਕਾਟਨਹਾਰਾ ਲੀਜੈ ਰੇ ॥੧॥ ਮਨ ਏਕੋ ਸਾਹਿਬੁ ਭਾਈ ਰੇ ॥ ਤੇਰੇ ਤੀਨਿ ਗੁਣਾ ਸੰਸਾਰਿ ਸਮਾਵਹਿ ਅਲਖੁ ਨ ਲਖਣਾ ਜਾਈ ਰੇ ॥੧॥ ਰਹਾਉ ॥ ਸਕਰ ਖੰਡੁ ਮਾਇਆ ਤਨਿ ਮੀਠੀ ਹਮ ਤਉ ਪੰਡ ਉਚਾਈ ਰੇ ॥ ਰਾਤਿ ਅਨੇਰੀ ਸੂਝਸਿ ਨਾਹੀ ਲਜੁ ਟੂਕਸਿ ਮੂਸਾ ਭਾਈ ਰੇ ॥੨॥ ਮਨਮੁਖਿ ਕਰਹਿ ਤੇਤਾ ਦੁਖੁ ਲਾਗੈ ਗੁਰਮੁਖਿ ਮਿਲੈ ਵਡਾਈ ਰੇ ॥ ਜੋ ਤਿਨਿ ਕੀਆ ਸੋਈ ਹੋਆ ਕਿਰਤੁ ਨ ਮੇਟਿਆ ਜਾਈ ਰੇ ॥੩॥ ਸੁਭਰ ਭਰੇ ਨ ਹੋਵਹਿ ਊਣੇ ਜੋ ਰਾਤੇ ਰੰਗੁ ਲਾਈ ਰੇ ॥ ਤਿਨ ਕੀ ਪੰਕ ਹੋਵੈ ਜੇ ਨਾਨਕੁ ਤਉ ਮੂੜਾ ਕਿਛੁ ਪਾਈ ਰੇ ॥੪॥੪॥੧੬॥ {ਪੰਨਾ 156}

ਭਾਵ ਅਰਥ :-

ਪਵਿੱਤਰ ਬਾਣੀ ਦਾ ਮੂਲ ਮੰਤਰ ਦਾਰੂ ਹੈ, ਜੇਕਰ ਇਕ ਮਨ ਇਕ ਚਿਤ ਲਾ ਕੇ ਉਸਨੂੰ ਜਪਣਾ ਕੀਤਾ ਜਾਵੇ। ਇਹ ਨਾਲ ਜਨਮਾਂ ਜਨਮਾਂਤਰਾਂ ਦੇ ਕੀਤੇ ਹੋਏ ਪਾਪ ਕੱਟੇ ਜਾਂਦੇ ਹਨ॥੧॥

ਭਾਵੇਂ ਇਨਸਾਨੀ ਮਨ ਇੱਕ ਹੈ ਪਰ ਤਿੰਨ ਗੁਣਾ ਵਾਲੀ ਸੰਸਾਰੀ ਮਾਇਆ ਦੇ ਵਿੱਚ ਭਰਮਿਆ ਪਿਆ ਹੈ ਅਤੇ ਉਹ ਇਕ ਦਿਨ, ਅਲਖ ਨਿਰੰਜਨ ਦੇ ਵਿੱਚ ਹੀ ਸੰਸਾਰ ਸਮਾ ਜਾਂਦਾ ਹੈ॥੧॥

ਰਹਾਉ॥

ਹੇ ਪ੍ਰਭੂ! ਅਸੀਂ ਪਾਪੀ ਜੀਵਾਂ ਨੇ ਖੰਡ ਸ਼ਕਰ ਵਰਗੀ ਮਿੱਠੀ ਲੱਗਣ ਵਾਲੀ ਮਾਇਆ ਰੂਪੀ ਪੰਡ ਆਪਣੇ ਸਿਰ ਤੇ ਚੁੱਕੀ ਹੋਈ ਹੈ। ਅਗਿਆਨਤਾ ਦਾ ਇੰਨਾ ਹਨੇਰਾ ਹੈ ਕਿ ਕੁਝ ਵੀ ਨਜ਼ਰ ਨਹੀਂ ਆ ਰਿਹਾ ਤੇ ਉਮਰ ਦੀ ਲੱਜ ਨੂੰ ਵਕਤ ਦਾ ਚੂਹਾ ਕੱਟੀ ਜਾ ਰਿਹਾ ਹੈ ( ਭਾਵ ਉਮਰ ਘਟਦੀ ਜਾ ਰਹੀ ਹੈ)॥੨॥

ਜਿਹੜਾ ਮਨੁੱਖ ਆਪਣੀਆਂ ਮਨ ਮਾਨੀਆਂ ਕਰਦਾ ਹੈ ,ਉਹਨੂੰ ਉਨੀਆਂ ਹੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਦ ਕਿ ਗੁਰਮੁਖ ਦੇ ਮਾਰਗ ਦਰਸ਼ਨ ਤੇ ਚੱਲਣ ਵਾਲੇ ਨੂੰ ਯਸ ਮਾਨ ਪ੍ਰਾਪਤ ਹੁੰਦਾ ਹੈ। ਪਰ ਇਸ ਵਿੱਚ ਕੋਈ ਵੀ ਕੀ ਕਰ ਸਕਦਾ ਹੈ, ਇਹ ਸਾਰਾ ਕੁਝ ਉਸ ਉੱਪਰ ਵੱਲ ਨਿਰੰਕਾਰ ਦਾ ਲਿਖਿਆ ਹੋਇਆ ਹੋਇਆ ਹੈ॥੩॥

ਇੰਨਾਂ ਮਨੁੱਖਾਂ ਨੇ ਆਪਣੇ ਮਨ ਨੂੰ ਹਰੀ ਪ੍ਰਭੂ ਦੇ ਨਾਮ ਰੰਗ ਵਿੱਚ ਰੰਗ ਲਿਆ, ਉਹ ਇੱਕ ਤਰਾਂ ਭਰੇ ਹੋਏ ਤਲਾਬ ਵਾਂਗੂ ਹਨ , ਜਿਹੜੇ ਕਦੀ ਖਾਲੀ ਨਹੀਂ ਹੁੰਦੇ। ਹੇ ਨਾਨਕ !ਪਰ ਆਪਣੀ ਮਨਮਾਨੀ ਕਰਨ ਵਾਲਾ ਮੂੜ ਬੰਦਾ ਇਥੋਂ ਖਾਲੀ ਹੱਥ ਹੀ ਜਾਂਦਾ ਹੈ।

ਗਉੜੀ ਚੇਤੀ ਮਹਲਾ ੧ ॥

ਕਤ ਕੀ ਮਾਈ ਬਾਪੁ ਕਤ ਕੇਰਾ ਕਿਦੂ ਥਾਵਹੁ ਹਮ ਆਏ ॥ ਅਗਨਿ ਬਿੰਬ ਜਲ ਭੀਤਰਿ ਨਿਪਜੇ ਕਾਹੇ ਕੰਮਿ ਉਪਾਏ ॥੧॥ ਮੇਰੇ ਸਾਹਿਬਾ ਕਉਣੁ ਜਾਣੈ ਗੁਣ ਤੇਰੇ ॥ ਕਹੇ ਨ ਜਾਨੀ ਅਉਗਣ ਮੇਰੇ ॥੧॥ ਰਹਾਉ ॥ ਕੇਤੇ ਰੁਖ ਬਿਰਖ ਹਮ ਚੀਨੇ ਕੇਤੇ ਪਸੂ ਉਪਾਏ ॥ ਕੇਤੇ ਨਾਗ ਕੁਲੀ ਮਹਿ ਆਏ ਕੇਤੇ ਪੰਖ ਉਡਾਏ ॥੨॥ ਹਟ ਪਟਣ ਬਿਜ ਮੰਦਰ ਭੰਨੈ ਕਰਿ ਚੋਰੀ ਘਰਿ ਆਵੈ ॥ ਅਗਹੁ ਦੇਖੈ ਪਿਛਹੁ ਦੇਖੈ ਤੁਝ ਤੇ ਕਹਾ ਛਪਾਵੈ ॥੩॥ ਤਟ ਤੀਰਥ ਹਮ ਨਵ ਖੰਡ ਦੇਖੇ ਹਟ ਪਟਣ ਬਾਜਾਰਾ ॥ ਲੈ ਕੈ ਤਕੜੀ ਤੋਲਣਿ ਲਾਗਾ ਘਟ ਹੀ ਮਹਿ ਵਣਜਾਰਾ ॥੪॥ ਜੇਤਾ ਸਮੁੰਦੁ ਸਾਗਰੁ ਨੀਰਿ ਭਰਿਆ ਤੇਤੇ ਅਉਗਣ ਹਮਾਰੇ ॥ ਦਇਆ ਕਰਹੁ ਕਿਛੁ ਮਿਹਰ ਉਪਾਵਹੁ ਡੁਬਦੇ ਪਥਰ ਤਾਰੇ ॥੫॥ ਜੀਅੜਾ ਅਗਨਿ ਬਰਾਬਰਿ ਤਪੈ ਭੀਤਰਿ ਵਗੈ ਕਾਤੀ ॥ ਪ੍ਰਣਵਤਿ ਨਾਨਕੁ ਹੁਕਮੁ ਪਛਾਣੈ ਸੁਖੁ ਹੋਵੈ ਦਿਨੁ ਰਾਤੀ ॥੬॥੫॥੧੭॥ {ਪੰਨਾ 156}

ਭਾਵ ਅਰਥ:-

ਹੇ ਮੇਰੇ ਮਾਲਕ ਪ੍ਰਭੂ! ਮੇਰੇ ਅੰਦਰ ਇਤਨੇ ਅਗੁਣ ਹਨ ਕਿ ਉਹ ਗਿਣੇ ਨਹੀਂ ਜਾ ਸਕਦੇ। ਐਸਾ ਕੋਈ ਨਹੀਂ ਹੈ ਜਿਹੜਾ ਤੇਰੇ ਗੁਣਾਂ ਨਾਲ ਡੂੰਘੀ ਸਾਂਝ ਪਾ ਸਕੇ।( ਤੇਰੀ ਸਿਫਤ ਸਲਾਹ ਕਰ ਸਕੇ)॥ ਰਹਾਉ॥

ਹੇ ਮੇਰੇ ਸਾਹਿਬ ਇੰਨਾਂ ਅਨੇਕਾਂ ਅਵਗੁਣਾਂ ਦੇ ਕਾਰਨ ਹੀ ਸਾਨੂੰ ਜਨਮਾਂ ਜਨਮਾਂਤਰਾਂ ਵਿੱਚ ਭਟਕਣਾ ਪੈਂਦਾ ਹੈ। ਅਸੀਂ ਕੀ ਦੱਸੀਏ ਕਿ ਸਾਡੀ ਮਾਂ ਕਦੋਂ ਦੀ ਹੈ ਤੇ ਬਾਪ ਕਿਹੜਾ ਹੈ (ਭਾਵ ਕਿਸ ਜੂਨ ਦਾ ਹੈ) ਅਸੀਂ ਕਿਸ ਕਿਸ ਥਾਂ ਤੋਂ ਆਏ ਹਾਂ, ਅਸੀਂ ਕਿਸ ਮਨੋਰਥ ਲਈ ਭੇਜੇ ਗਏ ਹਾਂ। ਮਾਤਾ ਪਿਤਾ ਦੇ ਸੰਯੋਗ ਨਾਲ ਸਾਨੂੰ ਕਿਉਂ ਪੈਦਾ ਕੀਤਾ ਗਿਆ ਹੈ ? ਸਾਨੂੰ ਇਹ ਵੀ ਨਹੀਂ ਪਤਾ।

ਬੇਅੰਤ ਔਗੁਣਾਂ ਦੇ ਕਾਰਨ ਅਸੀਂ ਅਨੇਕਾਂ ਰੁੱਖਾਂ ਦੀਆਂ ਜੂਨਾਂ ਵੇਖੀਆਂ ਹਨ, ਅਨੇਕਾਂ ਵਾਰੀ ਪਸ਼ੂ ਜੂਨਾਂ, ਸੱਪਾਂ ਜੂਨਾਂ ਵਿੱਚ ਪੈਦਾ ਹੋਏ ਹਾਂ ਅਤੇ ਕਈ ਵਾਰੀ ਪੰਛੀ ਬਣੇ ਹਾਂ।

ਜਨਮਾਂ ਜਨਮਾਂਤਰਾਂ ਦੇ ਕੁਕਰਮਾਂ ਦੇ ਕਾਰਨ ਮਨੁੱਖ ਸ਼ਹਿਰਾਂ ਵਿੱਚ ਹੱਟੀਆਂ (ਘਰੌਂਦੇ)ਪਾਂਦਾ ਹੈ ਪੱਕੇ ਘਰ ਪਾਉਂਦਾ ਹੈ, ਸੰਨ ਲਾਉਂਦਾ ਹੈ, ਚੋਰੀਆਂ ਕਰਦਾ ਹੈ, ਆਪਣੇ ਘਰ ਆਉਂਦਾ ਹੈ, ਅੱਗੇ ਪਿੱਛੇ ਤੱਕਦਾ ਹੈ ਕਿ ਕੋਈ ਵੇਖ ਤਾਂ ਨਹੀਂ ਰਿਹਾ। ਪਰ ਹੇ ਪਰਮਾਤਮਾ ਤੇਰੇ ਕੋਲੋਂ ਕੁਝ ਵੀ ਲੁਕਿਆ ਨਹੀਂ।

ਇਹਨਾਂ ਕੀਤੇ ਕੁਕਰਮਾਂ ਨੂੰ ਧੋਣ ਵਾਸਤੇ ਅਸੀਂ ਜੀਵ ਸਾਰੀ ਧਰਤੀ ਦੇ ਸਾਰੇ ਤੀਰਥਾਂ ਦੇ ਇਸ਼ਨਾਨ ਕਰਦੇ ਹਾਂ, ਸਾਰੇ ਸ਼ਹਿਰਾਂ ਬਾਜ਼ਾਰਾਂ ਦੀਆਂ ਹੱਟੀਆਂ ਵੇਖਦੇ ਹਾਂ (ਭਾਵ ਦਰ ਦਰ ਭਟਕਦੇ ਭੀਖ ਮੰਗਦੇ ਫਿਰਦੇ ਹਾਂ, ਪਰ ਜਦੋਂ ਅਸੀਂ ਚੰਗੀ ਤਰ੍ਹਾਂ ਦੇਖ ਪਰਖ ਲੈਂਦੇ ਹਾਂ ਤਾਂ ਅਕਲ ਦੇ ਘਰ ਆ ਜਾਂਦੇ ਹਾਂ , ਕਿ ਹੇ ਦਾਤਾ ਤੂੰ ਤਾਂ ਸਾਡੇ ਹਿਰਦੇ ਅੰਦਰ ਵੱਸਦਾ ਹੈ ॥੪॥

ਹੇ ਮੇਰੇ ਸਾਹਿਬਾ । ਜਿਵੇਂ ਪਾਣੀ ਨਾਲ ਸਮੁੰਦਰ ਭਰਿਆ ਹੋਇਆ ਹੈ ਤਿਵੇਂ ਹੀ ਸਾਡੇ ਜੀਵਾਂ ਦੇ ਅਣਗਿਣਤ ਹੀ ਔਗੁਣ ਹਨ। ਅਸੀਂ ਇਹਨਾਂ ਨੂੰ ਧੋ ਸਕਣ ਤੋਂ ਅਸਮਰਥ ਹਾਂ , ਤੂੰ ਆਪ ਹੀ ਦਇਆ ਕਰ ਤੇ ਸਾਨੂੰ ਡੁੱਬਦੇ ਹੋਏ ਪੱਥਰਾਂ ਨੂੰ ਤਾਰ॥ ੫॥

ਇਹ ਮੇਰੇ ਪ੍ਰਭੂ ਮੇਰੀ ਜਿੰਦ ਅੱਗ ਵਾਂਗ ਤਪ ਰਹੀ ਹੈ,। ਨਾਨਕ ਬੇਨਤੀਰਤ ਹੈ, ਜੋ ਮਨੁੱਖ ਪਰਮਾਤਮਾ ਦੀ ਰਜਾ ਨੂੰ ਸਮਝ ਲੈਂਦਾ ਹੈ ਉਸ ਦੇ ਅੰਦਰ ਦਿਨ ਰਾਤ ਆਤਮਿਕ ਅਨੰਦ ਬਣਿਆ ਰਹਿੰਦਾ ਹੈ।

ਗਉੜੀ ਬੈਰਾਗਣਿ ਮਹਲਾ ੧ ॥

ਰੈਣਿ ਗਵਾਈ ਸੋਇ ਕੈ ਦਿਵਸੁ ਗਵਾਇਆ ਖਾਇ ॥ ਹੀਰੇ ਜੈਸਾ ਜਨਮੁ ਹੈ ਕਉਡੀ ਬਦਲੇ ਜਾਇ ॥੧॥ ਨਾਮੁ ਨ ਜਾਨਿਆ ਰਾਮ ਕਾ ॥ ਮੂੜੇ ਫਿਰਿ ਪਾਛੈ ਪਛੁਤਾਹਿ ਰੇ ॥੧॥ ਰਹਾਉ ॥ ਅਨਤਾ ਧਨੁ ਧਰਣੀ ਧਰੇ ਅਨਤ ਨ ਚਾਹਿਆ ਜਾਇ ॥ ਅਨਤ ਕਉ ਚਾਹਨ ਜੋ ਗਏ ਸੇ ਆਏ ਅਨਤ ਗਵਾਇ ॥੨॥ ਆਪਣ ਲੀਆ ਜੇ ਮਿਲੈ ਤਾ ਸਭੁ ਕੋ ਭਾਗਠੁ ਹੋਇ ॥ ਕਰਮਾ ਉਪਰਿ ਨਿਬੜੈ ਜੇ ਲੋਚੈ ਸਭੁ ਕੋਇ ॥੩॥ ਨਾਨਕ ਕਰਣਾ ਜਿਨਿ ਕੀਆ ਸੋਈ ਸਾਰ ਕਰੇਇ ॥ ਹੁਕਮੁ ਨ ਜਾਪੀ ਖਸਮ ਕਾ ਕਿਸੈ ਵਡਾਈ ਦੇਇ ॥੪॥੧॥੧੮॥ {ਪੰਨਾ 156}

ਭਾਵ ਅਰਥ:-

ਹੇ ਬੁੰਦਿਆ !ਤੇਰੀ ਜੀਵਨ ਚਰਿਆ ਦਾ ਇਹ ਹਾਲ ਹੈ ਕਿ ਤੂੰ ਸੁਤਿਆਂ ਰਾਤ ਲੰਘਾ ਦਿੰਦਾਂ ਤੇ ਖਾਂਦਿਆਂ ਦਿਨ। ਇਸ ਹੀਰੇ ਵਰਗੇ ਜਨਮ ਨੂੰ ਕੌਡੀਆਂ ਬਦਲੇ ਗਵਾਹ ਰਿਹਾ ਹੈਂ॥੧॥

ਹੁਣ ਜਿਸ ਵੇਲੇ ਵਕਤ ਹੈ ਤੂੰ ਉਸ ਪ੍ਰਭੂ ਦਾ ਨਾਮ ਸਿਮਰਨ ਨਹੀਂ ਕੀਤਾ ਤੇ ਮੁੜ ਕੇ ਵੇਲਾ ਲੰਘ ਜਾਣ ਤੇ ਪਛਤਾਏਂਗਾ॥੧॥ ਰਹਾਉ॥

ਜਿਹੜਾ ਮਨੁੱਖ ਬੇਅੰਤ ਧਨ ਦੇ ਮਗਰ ਪਿਆ ਹੋਇਆ ਹੈ ਤੇ ਇਕੱਠਾ ਕਰਦਾ ਫਿਰਦਾ ਹੈ ,ਉਸ ਦੇ ਅੰਦਰ ਉਸ ਬੇਅੰਤ ਪ੍ਰਭੂ ਨੂੰ ਸਿਮਰਨ ਦੀ ਤਾਂਘ ਨਹੀਂ ਪੈਦਾ ਹੋ ਸਕਦੀ। ਜੋ ਜੋ ਵੀ ਬੇਅੰਤ ਧਨ ਦੀ ਲਾਲਸਾ ਦੇ ਮਗਰ ਦੌੜਦੇ ਹਨ ਉਹ ਬੇਅੰਤ ਪ੍ਰਭੂ ਦੇ ਨਾਮ ਧੰਨ ਨੂੰ ਗਵਾ ਲੈਂਦੇ ਹਨ॥੨॥

ਪਰ ਜੇ ਨਿਰੀ ਇੱਛਾ ਕੀਤਿਆਂ ਹੀ ਨਾਮ ਧਨ ਮਿਲ ਜਾਵੇ ਤਾਂ ਹਰੇਕ ਜੀਵ ਨਾਮ ਧਨ ਦੇ ਖਜ਼ਾਨਿਆਂ ਦਾ ਮਾਲਕ ਬਣ ਜਾਵੇ। ਜੇਕਰ ਹਰੇਕ ਮਨੁੱਖ ਜਬਾਨੀ ਕਲਾਮੀ ਨਾਮ ਧਨ ਦੀ ਲਾਲਸਾ ਕਰੇ। ਤਾਂ ਕੁਝ ਨਹੀਂ ਹੋ ਸਕਦਾ ।ਹਰੇਕ ਅਮਲ ਉੱਤੇ ਹੀ ਫੈਸਲਾ ਹੁੰਦਾ ਹੈ। ਇਸ ਦਾ ਭਾਵ ਇਹ ਹੈ ਕਿ ਨਿਰਾਪੁਰਾ ਭਟਕਦੇ ਰਹਿਣ ਨਾਲ ਨਾਮ ਦਾ ਧਨ ਨਹੀਂ ਮਿਲਦਾ।

ਹੇ! ਭਾਈ ਨਿਰਪਰਾ ਉਦਮ ਕਰਦਿਆਂ ਵੀ ਹੱਕ ਨਹੀਂ ਸਮਝਿਆ ਜਾ ਸਕਦਾ। ਇਹ ਨਹੀਂ ਕਿਹਾ ਜਾ ਸਕਦਾ ਕਿ ਕਿਸ ਨੂੰ ਕੀ ਮਿਲੇਗਾ। ਉਦਮ ਦਾ ਮਾਣ ਹੀ ਸਾਰੇ ਉੱਦਮ ਨੂੰ ਵਿਅਰਥ ਕਰ ਦਿੰਦਾ ਹੈ। ਜਿਸ ਪ੍ਰਭੂ ਨੇ ਇਹ ਜਗਤ ਰਚਿਆ ਹੈ ਉਹ ਹਰੇਕ ਜੀਵ ਦੀ ਸੰਭਾਲ ਕਰਦਾ ਹੈ। ਉਦਮ ਦੇ ਫਲ ਬਾਰੇ ਉਸ ਪ੍ਰਭੂ ਪਰਮਾਤਮਾ ਦਾ ਹੁਕਮ ਸਮਝਿਆ ਨਹੀਂ ਜਾ ਸਕਦਾ। ਇਹ ਸਮਝਿਆ ਨਹੀਂ ਜਾ ਸਕਦਾ ਕਿ ਉਹ ਨਿਰੰਕਾਰ ਪ੍ਰਭੂ ਕਿਸ ਮਨੁੱਖ ਨੂੰ ਨਾਮ ਦੀ ਦਾਤ ਦੇਵੇਗਾ ਤੇ ਵਡਿਆਈਆਂ ਬਖਸ਼ੇਗਾ। ਅਸੀਂ ਜੀਵ ਕਿਸੇ ਦੇ ਉਦਮ ਨੂੰ ਦੇਖ ਕੇ ਭੁਲੇਖਾ ਖਾ ਜਾਂਦੇ ਹਾਂ ਤੇ ਕਹਿਣ ਦਾ ਭਾਵ ਇਹ ਹੈ ਕਿ ਉਦਮ ਦੇ ਨਾਲ ਨਾਲ ਅਰਦਾਸ ਵੀ ਜਰੂਰੀ ਹੈ।



SANJHI SOCH
ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894